ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 136
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 18 May, 2026) ਸੋਮਵਾਰ, 18 ਮਈ, 2026, 4 ਜੇਠ , ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਯੋਗਰਾਜ ਸਿੰਘ ਵੱਲੋਂ ਅਗਾਊਂ ਜ਼ਮਾਨਤ ਅਰਜ਼ੀ ਦਾਖ਼ਲ, ਸੁਣਵਾਈ 20 ਨੂੰ

ਚੰਡੀਗੜ੍ਹ, 17 ਮਈ (ਚੜ੍ਹਦੀਕਲਾ ਬਿਊਰੋ) : ਸਾਬਕਾ ਭਾਰਤੀ ਕ੍ਰਿਕਟਰ ਅਤੇ ਅਦਾਕਾਰ ਯੋਗਰਾਜ ਸਿੰਘ ਨੇ ਵੈੱਬ ਸੀਰੀਜ਼ ਲੁੱਖੇ ਵਿੱਚ ਮਹਿਲਾਵਾਂ ਪ੍ਰਤੀ ਕਥਿਤ ਤੌਰ ਤੇ ਅਪਮਾਨਜਨਕ ਅਤੇ ਇਤਰਾਜ਼ਯੋਗ ਟਿੱਪਣੀਆਂ ਕਰਨ ਦੇ ਮਾਮਲੇ ਵਿੱਚ ਚੰਡੀਗੜ੍ਹ ਦੇ ਸੈਕਟਰ 36 ਥਾਣੇ ਵਿੱਚ ਦਰਜ ਹੋਈ ਐਫ.ਆਈ.ਆਰ. ਤੋਂ ਬਾਅਦ ਅਗਾਂਊਂ ਜ਼ਮਾਨਤ ਲਈ ਅਦਾਲਤ ਤੱਕ ਪਹੁੰਚ ਕੀਤੀ ਹੈ। ਯੋਗਰਾਜ ਸਿੰਘ ਨੇ ਗ੍ਰਿਫ਼ਤਾਰੀ ਤੋਂ ਬਚਣ ਲਈ ਇਹ ਪਟੀਸ਼ਨ ਦਾਇਰ ਕੀਤੀ ਹੈ। ਰਿਪੋਰਟਾਂ ਮੁਤਾਬਕ ਅਦਾਲਤ ਨੇ ਇਸ ਮਾਮਲੇ ਵਿੱਚ ਸਟੇਟ (ਪੁਲਿਸ/ਸਰਕਾਰ) ਨੂੰ ਨੋਟਿਸ ਜਾਰੀ ਕਰਕੇ 20 ਮਈ ਤੱਕ ਜਵਾਬ ਮੰਗਿਆ ਹੈ।

ਸੀ.ਐੱਨ.ਜੀ. ਦੀਆਂ ਕੀਮਤਾਂ ਵਿੱਚ 48 ਘੰਟੇ ਤੋਂ ਵੀ ਘੱਟ ਸਮੇਂ 'ਚ ਦੂਜਾ ਵਾਧਾ

ਚੜ੍ਹਦੀਕਲਾ ਬਿਊਰੋ
==========
ਨਵੀਂ ਦਿੱਲੀ, 17 ਮਈ

: ਇੰਦਰਪ੍ਰਸਥ ਗੈਸ ਲਿਮਟਿਡ ਨੇ ਐਤਵਾਰ ਨੂੰ ਆਪਣੇ ਪੂਰੇ ਨੈੱਟਵਰਕ ਵਿੱਚ ਸੀ.ਐੱਨ.ਜੀ. (ਕੰਪਰੈੱਸਡ ਨੈਚੁਰਲ ਗੈਸ) ਦੀਆਂ ਕੀਮਤਾਂ 1 ਰੁਪਏ ਪ੍ਰਤੀ ਕਿਲੋ ਵਧਾ ਦਿੱਤੀਆਂ ਹਨ। 48 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਇਹ ਦੂਜਾ ਵਾਧਾ ਹੈ, ਜਿਸ ਕਾਰਨ ਦਿੱਲੀ-ਐੱਨ.ਸੀ.ਆਰ. ਵਿੱਚ ਆਉਣ-ਜਾਣ ਵਾਲੇ ਲੋਕਾਂ ਤੇ ਗੱਡੀਆਂ ਦੇ ਫ਼ਿਊਲ ਦਾ ਖ਼ਰਚਾ ਹੋਰ ਵੱਧ ਗਿਆ ਹੈ। ਤਾਜ਼ਾ ਸੋਧ ਤੋਂ ਬਾਅਦ, ਦਿੱਲੀ ਵਿੱਚ ਸੀ.ਐੱਨ.ਜੀ. ਦੀ ਕੀਮਤ ਹੁਣ 80.09 ਰੁਪਏ ਪ੍ਰਤੀ ਕਿੱਲੋ ਹੋਵੇਗੀ, ਜਦੋਂ ਕਿ ਨੋਇਡਾ ਅਤੇ ਗਾਜ਼ੀਆਬਾਦ ਵਿੱਚ ਉਪਭੋਗਤਾਵਾਂ ਨੂੰ 88.70 ਰੁਪਏ ਪ੍ਰਤੀ ਕਿੱਲੋ ਭੁਗਤਾਨ ਕਰਨਾ ਪਵੇਗਾ। ਇਹ ਵਾਧਾ ਆਈ.ਜੀ.ਐੱਲ. ਵੱਲੋਂ 15 ਮਈ ਨੂੰ ਸੀ.ਐੱਨ.ਜੀ. ਦੀ ਕੀਮਤ ਵਿੱਚ 2 ਰੁਪਏ ਪ੍ਰਤੀ ਕਿਲੋ ਦਾ ਵਾਧਾ ਕਰਨ ਤੋਂ ਸਿਰਫ਼ ਕੁਝ ਦਿਨਾਂ ਬਾਅਦ ਹੀ ਹੋਇਆ ਹੈ, ਜਿਸ ਨਾਲ ਦਿੱਲੀ ਵਿੱਚ ਰੇਟ 79.09 ਰੁਪਏ ਪ੍ਰਤੀ ਕਿਲੋ ਹੋ ਗਿਆ ਸੀ। ਐਤਵਾਰ ਨੂੰ ਹੋਏ

(ਬਾਕੀ ਸਫਾ 2 'ਤੇ)

ਪੈਟਰੋਲ-ਡੀਜ਼ਲ, ਸੀ.ਐਨ.ਜੀ. ਤੋਂ ਬਾਅਦ ਹੁਣ ਲੱਗੇਗਾ ਮਹਿੰਗੀ ਬਿਜਲੀ ਦਾ ਝਟਕਾ?

ਨਵੀਂ ਦਿੱਲੀ, 17 ਮਈ (ਚੜ੍ਹਦੀਕਲਾ ਬਿਊਰੋ) : ਸੀ.ਐਨ.ਜੀ., ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਤੋਂ ਬਾਅਦ, ਆਮ ਲੋਕਾਂ ਨੂੰ ਹੁਣ ਆਪਣੇ ਬਿਜਲੀ ਬਿੱਲਾਂ ਵਿੱਚ ਝਟਕਾ ਲੱਗ ਸਕਦਾ ਹੈ। ਕੇਂਦਰੀ ਬਿਜਲੀ ਅਥਾਰਟੀ (ਸੀ.ਈ.ਏ.) ਨੇ ਸਥਿਰ ਮਾਸਿਕ ਬਿਜਲੀ ਖਰਚਿਆਂ ਵਿੱਚ ਵਾਧਾ ਕਰਨ ਦਾ ਪ੍ਰਸਤਾਵ ਰੱਖਿਆ ਹੈ, ਜਿਸ ਨਾਲ ਘੱਟ ਬਿਜਲੀ ਦੀ ਵਰਤੋਂ ਕਰਨ ਵਾਲੇ ਖਪਤਕਾਰਾਂ ਲਈ ਵੀ ਬਿੱਲ ਵਧ ਸਕਦੇ ਹਨ। ਮੀਡੀਆ ਰਿਪੋਰਟਾਂ ਦੇ ਅਨੁਸਾਰ, ਇਹ ਪ੍ਰਸਤਾਵ ਬਿਜਲੀ ਵੰਡ ਕੰਪਨੀਆਂ (ਡਿਸਕਾਮ) ਲਈ ਵਧਦੀਆਂ ਲਾਗਤਾਂ ਨੂੰ ਪੂਰਾ ਕਰਨ ਲਈ ਪੇਸ਼ ਕੀਤਾ ਜਾ ਰਿਹਾ ਹੈ।

(ਬਾਕੀ ਸਫਾ 2 'ਤੇ)

ਹਾਜੀਆਂ ਲਈ ਖੁਸ਼ਖਬਰੀ !

ਕੇਂਦਰ ਵੱਲੋਂ 'ਸ਼ਾਰਟ ਹੱਜ ਪੈਕੇਜ' ਦੀ ਸ਼ੁਰੂਆਤ, ਹੁਣ 20 ਦਿਨਾਂ 'ਚ ਪੂਰੀ ਹੋਵੇਗੀ ਯਾਤਰਾ

ਨਵੀਂ ਦਿੱਲੀ, 17 ਮਈ (ਚੜ੍ਹਦੀਕਲਾ ਬਿਊਰੋ) : ਕੇਂਦਰ ਸਰਕਾਰ ਨੇ ਹੱਜ ਯਾਤਰਾ-2026 ਨੂੰ ਵਧੇਰੇ ਸੁਵਿਧਾਜਨਕ ਅਤੇ ਘੱਟ ਸਮੇਂ ਵਿੱਚ ਪੂਰਾ ਕਰਨ ਦੇ ਉਦੇਸ਼ ਨਾਲ ਪਹਿਲੀ ਵਾਰ 'ਸ਼ਾਰਟ ਹੱਜ ਪੈਕੇਜ' ਸ਼ੁਰੂ ਕਰਨ ਦੀ ਘੋਸ਼ਣਾ ਕੀਤੀ ਹੈ। ਇਸ ਨਵੀਂ ਵਿਵਸਥਾ ਦੇ ਤਹਿਤ ਤੀਰਥ ਯਾਤਰੀ ਹੁਣ ਆਮ 40-45 ਦਿਨਾਂ ਦੇ ਲੰਬੇ ਪ੍ਰਵਾਸ ਦੀ ਬਜਾਏ ਲਗਭਗ 20 ਦਿਨਾਂ ਦੇ ਅੰਦਰ ਹੱਜ ਦੀਆਂ ਰਸਮਾਂ ਪੂਰੀਆਂ ਕਰ ਕੇ ਵਾਪਸ ਆ ਸਕਣਗੇ।

ਕੇਂਦਰੀ ਘੱਟ ਗਿਣਤੀ ਮਾਮਲਿਆਂ ਦੇ ਰਾਜ ਮੰਤਰੀ ਜਾਰਜ ਕੁਰੀਅਨ ਦੇ ਦਫਤਰ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਪਹਿਲ ਉਨ੍ਹਾਂ ਤੀਰਥ ਯਾਤਰੀਆਂ ਦੀ ਬੇਨਤੀ 'ਤੇ ਸ਼ੁਰੂ ਕੀਤੀ ਗਈ ਹੈ ਜੋ ਵਪਾਰ ਅਤੇ ਪੇਸ਼ੇਵਰ ਖੇਤਰਾਂ ਵਿੱਚ ਕੰਮ ਕਰਦੇ ਹਨ। ਇਨ੍ਹਾਂ ਲੋਕਾਂ ਲਈ ਆਪਣੇ ਕੰਮ ਤੋਂ 40 ਤੋਂ 45 ਦਿਨ ਦੂਰ ਰਹਿਣਾ ਮੁਸ਼ਕਲ ਹੁੰਦਾ ਸੀ, ਇਸ ਲਈ ਸਰਕਾਰ ਨੇ ਯਾਤਰਾ ਦੀ ਮਿਆਦ ਘਟਾਉਣ ਦਾ ਫੈਸਲਾ ਲਿਆ ਹੈ ਤਾਂ ਜੋ ਸਾਰੀਆਂ

(ਬਾਕੀ ਸਫਾ 2 'ਤੇ)

ਨੀਦਰਲੈਂਡ 'ਚ ਭਾਰਤੀ ਨੌਜਵਾਨਾਂ ਲਈ ਖੁੱਲ੍ਹੇ ਨਵੇਂ ਰਾਹ

ਮੋਦੀ-ਜੇਟਨ ਵੱਲੋਂ ਉੱਚ ਪੱਧਰੀ ਬੈਠਕ ਦੌਰਾਨ ਰੱਖਿਆ, ਤਕਨਾਲੌਜੀ ਅਤੇ ਵਪਾਰ ਸਮੇਤ 17 ਅਹਿਮ ਸਮਝੌਤੇ ਸਹੀਬੱਧ

ਚੜ੍ਹਦੀਕਲਾ ਬਿਊਰੋ
==========
ਹੇਗ/ਨਵੀਂ ਦਿੱਲੀ, 17 ਮਈ : ਭਾਰਤ ਅਤੇ ਨੀਦਰਲੈਂਡ ਨੇ ਆਪਣੇ ਦੁਵੱਲੇ ਸਬੰਧਾਂ ਨੂੰ ਇੱਕ ਨਵੀਂ ਉਚਾਈ 'ਤੇ ਲਿਜਾਂਦਿਆਂ ਰਣਨੀਤਿਕ ਭਾਈਵਾਲੀ ਵਿੱਚ ਬਦਲਣ ਦਾ ਵੱਡਾ ਫੈਸਲਾ ਲਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਨੀਦਰਲੈਂਡ ਦੇ ਪ੍ਰਧਾਨ ਮੰਤਰੀ ਰੌਬ ਜੇਟਨ ਵਿਚਕਾਰ ਹੋਈ ਉੱਚ ਪੱਧਰੀ ਬੈਠਕ ਦੌਰਾਨ ਰੱਖਿਆ, ਤਕਨਾਲੌਜੀ ਅਤੇ ਵਪਾਰ ਸਮੇਤ ਵੱਖ-ਵੱਖ ਖੇਤਰਾਂ ਵਿੱਚ 17 ਅਹਿਮ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

(ਬਾਕੀ ਸਫਾ 2 'ਤੇ)

ਮੋਦੀ ਦਾ ਸਵੀਡਨ ਪਹੁੰਚਣ 'ਤੇ ਨਿੱਘਾ ਸਵਾਗਤ

ਗੋਥਨਬਰਗ (ਸਵੀਡਨ), 17 ਮਈ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਪੰਜ ਦੇਸ਼ਾਂ ਦੇ ਦੌਰੇ ਦੇ ਅਗਲੇ ਪੜਾਅ ਵਜੋਂ ਨੀਦਰਲੈਂਡ ਤੋਂ ਸਵੀਡਨ ਦੇ ਗੋਥਨਬਰਗ ਸ਼ਹਿਰ ਪਹੁੰਚ ਗਏ ਹਨ। ਸਵੀਡਨ ਦੇ ਹਵਾਈ ਖੇਤਰ ਵਿੱਚ ਦਾਖਲ ਹੁੰਦੇ ਹੀ ਸਵੀਡਿਸ਼ ਗ੍ਰਿਪੇਨ ਲੜਾਕੂ ਜਹਾਜ਼ਾਂ ਨੇ ਪ੍ਰਧਾਨ ਮੰਤਰੀ ਦੇ ਜਹਾਜ਼ ਨੂੰ ਐਸਕਾਰਟ ਕਰ ਕੇ ਵਿਸ਼ੇਸ਼ ਸਨਮਾਨ ਦਿੱਤਾ। ਹਵਾਈ ਅੱਡੇ 'ਤੇ ਸਵੀਡਨ ਦੇ ਪ੍ਰਧਾਨ ਮੰਤਰੀ ਉਲਫ ਕ੍ਰਿਸਟਰਸਨ ਨੇ ਉਨ੍ਹਾਂ ਦਾ ਬਹੁਤ ਗਰਮਜੋਸ਼ੀ ਨਾਲ ਸਵਾਗਤ ਕੀਤਾ। ਪ੍ਰਧਾਨ ਮੰਤਰੀ ਦਾ ਇਹ ਦੌ

(ਬਾਕੀ ਸਫਾ 2 'ਤੇ)

ਦਹਾਕੇ ਮਗਰੋਂ ਯੂ.ਡੀ.ਐਫ. ਦੀ ਸੱਤਾ 'ਚ ਵਾਪਸੀ

ਕੇਰਲਾ ਦੇ ਮੁੱਖ ਮੰਤਰੀ ਵਜੋਂ ਵੀ.ਡੀ. ਸਤੀਸ਼ਨ ਅੱਜ ਚੁੱਕਣਗੇ ਸਹੁੰ

ਕੇਰਲਾ, 17 ਮਈ (ਚੜ੍ਹਦੀਕਲਾ ਬਿਊਰੋ) : ਕੇਰਲਾ ਵਿੱਚ ਇੱਕ ਵੱਡੇ ਸਿਆਸੀ ਬਦਲਾਅ ਦੇ

ਨਾਲ, ਕਾਂਗਰਸ ਦੇ ਸੀਨੀਅਰ ਆਗੂ ਵੀ.ਡੀ. ਸਤੀਸ਼ਨ ਸੋਮਵਾਰ, 18 ਮਈ ਨੂੰ ਰਾਜ ਦੇ ਨਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਰਾਜ ਵਿੱਚ ਲਗਭਗ ਇੱਕ ਦਹਾਕੇ ਦੇ ਲੰਬੇ ਇੰਤਜ਼ਾਰ ਤੋਂ ਬਾਅਦ ਸੰਯੁਕਤ ਲੋਕਤੰਤਰੀ ਮੋਰਚਾ (ਯੂ.ਡੀ.ਐਫ.) ਦੀ ਸੱਤਾ ਵਿੱਚ ਵਾਪਸੀ ਹੋ ਰਹੀ ਹੈ। ਇਹ ਸਹੁੰ ਚੁੱਕ ਸਮਾਰੋਹ ਤਿਰੂਵਨੰਤਪੁਰਮ ਦੇ ਸੈਂਟਰਲ ਸਟੇਡੀਅਮ ਵਿੱਚ ਆਯੋਜਿਤ ਕੀਤਾ ਜਾਵੇਗਾ, ਜਿੱਥੇ

(ਬਾਕੀ ਸਫਾ 2 'ਤੇ)

ਨੀਟ ਪੇਪਰ ਲੀਕ ਮਾਮਲਾ

ਪ੍ਰੋ. ਮਨੀਸ਼ਾ ਨੂੰ 14 ਦਿਨਾਂ ਲਈ ਸੀ.ਬੀ.ਆਈ. ਹਿਰਾਸਤ 'ਚ ਭੇਜਿਆ

ਚੜ੍ਹਦੀਕਲਾ ਬਿਊਰੋ
==========
ਨਵੀਂ ਦਿੱਲੀ, 17 ਮਈ

: ਨੀਟ-ਯੂਜੀ 2026 ਪੇਪਰ ਲੀਕ ਮਾਮਲੇ ਦੀ ਜਾਂਚ ਕਰ ਰਹੀ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਅੱਜ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਮੁੱਖ ਮੁਲਜ਼ਮ ਪ੍ਰੋਫੈਸਰ ਮਨੀਸ਼ਾ ਗੁਰੂਨਾਥ ਮੰਧਾਰੇ ਨੂੰ 14 ਦਿਨਾਂ ਦੀ ਸੀ.ਬੀ.ਆਈ. ਹਿਰਾਸਤ ਵਿੱਚ ਭੇਜ ਦਿੱਤਾ। ਪੁਣੇ ਦੀ ਰਹਿਣ ਵਾਲੀ ਇਸ ਬੌਟਨੀ ਪ੍ਰੋਫੈਸਰ ਨੂੰ ਸੀ.ਬੀ.ਆਈ. ਨੇ ਉੱਤਰ ਪ੍ਰਦੇਸ਼ ਦੇ ਮਥੁਰਾ ਦੇ ਇੱਕ ਹੋਟਲ ਤੋਂ ਗ੍ਰਿਫ਼ਤਾਰ ਕੀਤਾ ਸੀ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਨੈਸ਼ਨਲ ਟੈਸਟਿੰਗ ਏਜੰਸੀ ਨੇ ਮਨੀਸ਼ਾ ਨੂੰ ਇੱਕ ਮਾਹਿਰ ਵਜੋਂ ਨਿਯੁਕਤ ਕੀਤਾ ਸੀ।

ਇਸ ਨਿਯੁਕਤੀ ਕਾਰਨ ਉਸ ਦੀ ਬੌਟਨੀ ਅਤੇ ਜ਼ੂਲੋਜੀ ਦੇ ਪ੍ਰਸ਼ਨ ਪੱਤਰਾਂ ਤੱਕ ਸਿੱਧੀ ਪਹੁੰਚ ਸੀ। ਸੀ.ਬੀ.ਆਈ. ਨੇ ਅਦਾਲਤ ਨੂੰ ਦੱਸਿਆ ਕਿ ਸ਼ੁਰੂਆਤੀ ਜਾਂਚ ਮੁਤਾਬਕ ਮਨੀਸ਼ਾ ਨੇ ਪ੍ਰੀਖਿਆ ਦੇ ਪ੍ਰਸ਼ਨ ਪੱਤਰ ਲੀਕ ਕਰਨ ਦੇ ਬਦਲੇ ਵਿਦਿਆਰਥੀਆਂ ਤੋਂ ਭਾਰੀ ਰਿਸ਼ਵਤ

(ਬਾਕੀ ਸਫਾ 2 'ਤੇ)

ਆਕਾਸ਼ ਜੈਨ ਐਨ.ਟੀ.ਏ. ਦੇ ਸੰਯੁਕਤ ਡਾਇਰੈਕਟਰ ਨਿਯੁਕਤ

ਹਜ਼ਾਰੀਬਾਗ , 17 ਮਈ (ਚੜ੍ਹਦੀਕਲਾ ਬਿਊਰੋ): ਸ਼ਹਿਰ ਦੇ ਝੰਡਾ ਚੌਕ ਦੇ ਰਹਿਣ ਵਾਲੇ ਅਤੇ ਸਾਲ 2013 ਬੈਚ ਦੇ ਭਾਰਤੀ ਮਾਲੀਆ ਸੇਵਾ ਅਧਿਕਾਰੀ ਆਕਾਸ਼ ਜੈਨ ਨੂੰ ਕੇਂਦਰ ਸਰਕਾਰ ਨੇ ਇੱਕ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਕੇਂਦਰ ਸਰਕਾਰ ਦੀ ਨਿਯੁਕਤੀ ਕਮੇਟੀ ਨੇ ਉਨ੍ਹਾਂ ਨੂੰ ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਦਾ ਸੰਯੁਕਤ ਡਾਇਰੈਕਟਰ ਨਿਯੁਕਤ ਕੀਤਾ ਹੈ। ਉਨ੍ਹਾਂ ਦੀ ਨਿਯੁਕਤੀ ਨੇ ਪੂਰੇ ਹਜ਼ਾਰੀਬਾਗ ਜ਼ਿਲ੍ਹੇ ਲਈ ਖੁਸ਼ੀ ਅਤੇ ਮਾਣ ਲਿਆ ਹੈ।

(ਬਾਕੀ ਸਫਾ 2 'ਤੇ)

13 ਨਵੰਬਰ ਨੂੰ ਖ਼ਤਮ ਹੋ ਜਾਵੇਗੀ ਦੁਨੀਆਂ !

66 ਸਾਲ ਪੁਰਾਣੀ ਭਵਿੱਖਬਾਣੀ ਨੇ ਵਧਾਈ ਚਿੰਤਾ

ਨਵੀਂ ਦਿੱਲੀ, 17 ਮਈ (ਚੜ੍ਹਦੀਕਲਾ ਬਿਊਰੋ) : ਕੀ 13 ਨਵੰਬਰ, 2026 ਨੂੰ ਮਨੁੱਖੀ ਸੱਭਿਅਤਾ ਦਾ ਅੰਤ ਹੋ ਜਾਵੇਗਾ ? ਇਹ ਸਵਾਲ ਕਿਸੇ ਅੰਧਵਿਸ਼ਵਾਸ ਕਾਰਨ ਨਹੀਂ, ਸਗੋਂ 66 ਸਾਲ ਪਹਿਲਾਂ ਇੱਕ ਵਿਗਿਆਨੀ ਦੁਆਰਾ ਕੀਤੀ ਗਈ ਗਣਿਤਕ ਭਵਿੱਖਬਾਣੀ ਕਾਰਨ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। 1960 ਵਿੱਚ ਅਮਰੀਕੀ ਭੌਤਿਕ ਵਿਗਿਆਨੀ ਹੈਂਜ਼ ਵੌਨ ਫੋਰਸਟਰ ਨੇ ਚਿਤਾਵਨੀ ਦਿੱਤੀ ਸੀ ਕਿ ਵਧਦੀ ਆਬਾਦੀ ਕਾਰਨ ਧਰਤੀ ਤੇ ਮਨੁੱਖੀ ਸੱਭਿਅਤਾ ਦਾ ਅੰਤ ਹੋ ਸਕਦਾ ਹੈ। ਵੌਨ ਫੋਰਸਟਰ ਅਤੇ ਉਨ੍ਹਾਂ ਦੀ ਟੀਮ ਦੀ ਇਹ ਸਟੱਡੀ ਇੱਕ ਮਸ਼ਹੂਰ ਸਾਇੰਸ ਜਰਨਲ ਵਿੱਚ ਪ੍ਰਕਾਸ਼ਿਤ ਹੋਈ ਸੀ। ਉਨ੍ਹਾਂ ਨੇ ਇੱਕ ਗਣਿਤਕ ਫਾਰਮੂਲਾ ਤਿਆਰ ਕੀਤਾ ਸੀ, ਜਿਸ ਅਨੁਸਾਰ ਜੇਕਰ ਆਬਾਦੀ ਇਸੇ ਤੇਜ਼ ਰਫ਼ਤਾਰ ਨਾਲ ਵਧਦੀ ਰਹੀ, ਤਾਂ 13 ਨਵੰਬਰ, 2026 ਨੂੰ ਇਹ ਇੰਨੀ ਜ਼ਿਆਦਾ ਹੋ

(ਬਾਕੀ ਸਫਾ 2 'ਤੇ)

ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਅਕਾਲੀ ਦਲ ਪੁਨਰ ਸੁਰਜੀਤ ਦਾ ਸਿਆਸੀ ਗੱਠਜੋੜ ਟੁੱਟਿਆ

ਨੈਤਿਕ ਆਧਾਰ ਗੁਆ ਚੁੱਕੀ ਲੀਡਰਸ਼ਿਪ ਨੂੰ ਅੱਗੇ ਰੱਖਣ ਕਾਰਨ ਨਹੀਂ ਚੱਲ ਸਕਿਆ ਗੱਠਜੋੜ

ਬਬਲੂ ਮਹਾਜਨ
==========
ਅੰਮ੍ਰਿਤਸਰ, 17 ਮਈ : ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਅਤੇ ਪੰਥਕ ਏਕਤਾ ਨੂੰ ਮੁੱਖ ਰੱਖਦਿਆਂ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਅਤੇ ਅਕਾਲੀ ਦਲ-ਪੁਨਰ ਸੁਰਜੀਤ ਧਿਰ ਵਿਚਕਾਰ ਇੱਕ ਸਾਂਝੀ 8 ਮੈਂਬਰੀ ਪੰਥਕ ਏਕਤਾ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਸੀ। ਇਸ ਕਮੇਟੀ ਵੱਲੋਂ ਲਗਾਤਾਰ ਕਈ ਮੀਟਿੰਗਾਂ ਅਤੇ ਵਿਚਾਰ-ਵਟਾਂਦਰੇ ਕੀਤੇ ਗਏ ਪਰ ਕੁਝ ਮੂਲ ਅਤੇ ਅਹਿਮ ਸਿਧਾਂਤਕ ਮੁੱਦਿਆਂ 'ਤੇ ਸਹਿਮਤੀ ਨਾਂ ਬਣ ਸਕਣ ਕਾਰਨ ਇਹ ਤਾਲਮੇਲ ਅੱਗੇ ਨਹੀਂ ਵੱਧ ਸਕਿਆ। ਇਹ ਬਿਆਨ ਜਾਰੀ ਕਰਦਿਆਂ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਦੀ ਚਾਰ ਮੈਂਬਰੀ ਤਾਲਮੇਲ ਕਮੇਟੀ ਦੇ ਮੈਂਬਰ ਬਾਬੂ ਸਿੰਘ ਬਰਾੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਪ੍ਰਗਟ ਸਿੰਘ ਰਈਆ ਅਤੇ ਭਾਈ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਦੀ ਸਪੱਸ਼ਟ ਭਾਵਨਾ ਹੈ ਕਿ ਪੰਥ ਅਤੇ ਪੰਜਾਬ ਦੀ ਅਗਵਾਈ ਸਿਰਫ ਉਹੀ

(ਬਾਕੀ ਸਫਾ 2 'ਤੇ)

ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਇਤਿਹਾਸ ਨਾਲ ਜੋੜਨ ਦੀ ਲੋੜ: ਕਟਾਰੀਆ

ਰਾਜਪਾਲ ਵੱਲੋਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜਨਮ ਸ਼ਤਾਬਦੀ ਸਮਾਰੋਹ 'ਚ ਸ਼ਿਰਕਤ

ਰੁਪਾਣਾ/ਅਮਰਜੀਤ ਸਿੰਘ
==========
ਪਟਿਆਲਾ/ਨਾਭਾ, 17 ਮਈ: ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਹੈ ਕਿ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਇਤਿਹਾਸ ਸੂਰਬੀਰਤਾ, ਇਮਾਨਦਾਰੀ ਅਤੇ ਕੌਮੀ ਸੇਵਾ ਨਾਲ ਭਰਪੂਰ ਹੈ। ਰਾਜਪਾਲ ਕਟਾਰੀਆ ਅੱਜ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਨਾਭਾ ਵੱਲੋਂ ਦਿੱਲੀ ਫ਼ਤਿਹ ਦਿਵਸ ਨੂੰ ਸਮਰਪਿਤ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਜਨਮ ਸ਼ਤਾਬਦੀ ਸਮਾਰੋਹ ਦੌਰਾਨ ਉਨ੍ਹਾਂ ਦੇ 303ਵੇਂ ਜਨਮ ਦਿਵਸ ਮੌਕੇ ਨਾਭਾ ਵਿਖੇ ਕਰਵਾਏ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਪੁੱਜੇ ਸਨ। ਇਸ ਮੌਕੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਅੱਜ ਦੀ

ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਇਤਿਹਾਸ ਨਾਲ ਜੋੜਨ ਦੀ ਬਹੁਤ ਲੋੜ ਹੈ ਤਾਂ ਜੋ ਉਹ ਆਪਣੇ ਵਿਰਸੇ ਅਤੇ ਮਹਾਨ ਸ਼ਖਸੀਅਤਾਂ ਤੋਂ ਪ੍ਰੇਰਣਾ ਲੈ ਸਕਣ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਮਾਜ ਨੂੰ ਇਕਜੁੱਟ ਕਰਨ ਅਤੇ ਨਵੀਂ ਪੀੜ੍ਹੀ

ਸ.ਡਾ ਇੱਕ ਦੀ ਬਾਕੀ

ਸੀ.ਐੱਨ.ਜੀ. ਦੀਆਂ ਕੀਮਤਾਂ ਵਿੱਚ 48 ਘੰਟਿਆਂ ਤੋਂ ਵੀ ...

ਇਸ ਵਾਧੇ ਨਾਲ ਰਾਜਧਾਨੀ ਵਿੱਚ ਸੀ.ਐੱਨ.ਜੀ. ਦੀਆਂ ਕੀਮਤਾਂ ਪਹਿਲੀ ਵਾਰ 80 ਰੁਪਏ ਪ੍ਰਤੀ ਕਿਲੋ ਤੋਂ ਪਾਰ ਚਲੀਆਂ ਗਈਆਂ ਹਨ।

ਕੀਮਤਾਂ ਵਿੱਚ ਹੋਏ ਇਸ ਵਾਧੇ ਦਾ ਅਸਰ ਨਿੱਜੀ ਵਾਹਨ ਮਾਲਕਾਂ, ਕੈਬ ਡਰਾਈਵਰਾਂ ਅਤੇ ਪਬਲਿਕ ਟਰਾਂਸਪੋਰਟ ਦੀ ਵਰਤੋਂ ਕਰਨ ਵਾਲਿਆਂ ਤੇ ਪੈਣ ਦੀ ਉਮੀਦ ਹੈ, ਜੋ ਸੀ.ਐੱਨ.ਜੀ. ਨੂੰ ਦੂਜੇ ਫ਼ਿਊਲ ਦੇ ਮੁਕਾਬਲੇ ਸਸਤਾ ਵਿਕਲਪ ਮੰਨ ਕੇ ਸਭ ਤੋਂ ਵੱਧ ਵਰਤਦੇ ਹਨ। 15 ਮਈ ਦੀ ਸੋਧ ਕੇਂਦਰ ਸਰਕਾਰ ਵੱਲੋਂ ਫ਼ਿਊਲ ਦੀਆਂ ਕੀਮਤਾਂ ਵਿੱਚ ਕੀਤੇ ਗਏ ਵੱਡੇ ਵਾਧੇ ਦੇ ਨਾਲ ਹੀ ਹੋਈ ਸੀ। ਦਿੱਲੀ ਵਿੱਚ ਪੈਟਰੋਲ ਦੀਆਂ ਕੀਮਤਾਂ ਲਗਪਗ 3 ਰੁਪਏ ਪ੍ਰਤੀ ਲੀਟਰ ਵਧਾ ਕੇ 97.77 ਰੁਪਏ ਪ੍ਰਤੀ ਲੀਟਰ ਕਰ ਦਿੱਤੀਆਂ ਗਈਆਂ ਸਨ, ਜਦੋਂ ਕਿ ਡੀਜ਼ਲ ਦੀ ਕੀਮਤ ਵਧ ਕੇ 90.67 ਰੁਪਏ ਪ੍ਰਤੀ ਲੀਟਰ ਹੋ ਗਈ ਸੀ।

ਕੇਂਦਰ ਵੱਲੋਂ ਸੌਟ ਹੱਜ ਪੈਕੇਜ, ਹੁਣ 20 ਦਿਨ 'ਚ ਪੂਰੀ ਹੋਵੇਗੀ ਯਾਤਰਾ

ਜ਼ਰੂਰੀ ਧਾਰਮਿਕ ਰਸਮਾਂ ਵੀ ਨਿਭਾਈਆਂ ਜਾ ਸਕਣ।

ਯੋਜਨਾ ਦੇ ਮੁੱਖ ਵੇਰਵੇ: ਇਸ ਵਿਸ਼ੇਸ਼ ਯੋਜਨਾ ਦੇ ਤਹਿਤ ਲਗਭਗ 10,000 ਤੀਰਥ ਯਾਤਰੀ ਯਾਤਰਾ ਕਰਨਗੇ। ਪਹਿਲੀ ਉਡਾਣ 17 ਮਈ ਨੂੰ ਕੋਚੀ ਤੋਂ ਰਵਾਨਾ ਹੋਵੇਗੀ, ਜਿਸ ਨੂੰ ਮੰਤਰੀ ਜਾਰਜ ਕੁਰੀਅਨ ਦੁਪਹਿਰ 12:30 ਵਜੇ ਹਰੀ ਝੰਡੀ ਦਿਖਾਉਣਗੇ। ਕੋਚੀ ਤੋਂ ਇਲਾਵਾ ਦਿੱਲੀ, ਮੁੰਬਈ, ਬੈਂਗਲੁਰੂ, ਹੈਦਰਾਬਾਦ, ਚੇਨਈ ਅਤੇ ਅਹਿਮਦਾਬਾਦ ਵਰਗੇ ਪ੍ਰਮੁੱਖ ਸ਼ਹਿਰਾਂ ਤੋਂ ਵੀ ਉਡਾਣਾਂ ਤੈਅ ਕੀਤੀਆਂ ਗਈਆਂ ਹਨ। ਇਹ ਛੋਟਾ ਹੱਜ ਪੈਕੇਜ 17 ਮਈ ਤੋਂ 5 ਜੂਨ ਤੱਕ ਚੱਲੇਗਾ। ਸਰਕਾਰ ਦੇ ਇਸ ਕਦਮ ਦਾ ਮੁੱਖ ਉਦੇਸ਼ ਕੰਮਕਾਜੀ ਪੇਸ਼ੇਵਰਾਂ ਲਈ ਤੀਰਥ ਯਾਤਰਾ ਨੂੰ ਵਧੇਰੇ ਸੁਲਭ ਅਤੇ ਪ੍ਰਬੰਧਨਯੋਗ ਬਣਾਉਣਾ ਹੈ।

ਕੇਰਲਾ ਦੇ ਮੁੱਖ ਮੰਤਰੀ ਵਜੋਂ ਵੀ.ਡੀ. ਸਤੀਸ਼ਨ ਅੱਜ ...

ਸਤੀਸ਼ਨ ਦੇ ਨਾਲ 20 ਹੋਰ ਮੰਤਰੀ ਵੀ ਆਪਣੇ ਅਹੁਦੇ ਦੀ ਸਹੁੰ ਚੁੱਕਣਗੇ। ਇਸ ਮਹੱਤਵਪੂਰਨ ਸਮਾਰੋਹ ਵਿੱਚ ਦੇਸ਼ ਭਰ ਤੋਂ ਕਈ ਪ੍ਰਮੁੱਖ ਸਿਆਸੀ ਹਸਤੀਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਕਾਂਗਰਸ ਦੇ ਉੱਚ ਪੱਧਰੀ ਆਗੂ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ ਵਾਡਰਾ ਅਤੇ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਗੁਆਂਢੀ ਰਾਜਾਂ ਦੇ ਮੁੱਖ ਮੰਤਰੀਆਂ ਅਤੇ ਸਾਰੇ 140 ਵਿਧਾਇਕਾਂ ਨੂੰ ਵੀ ਸੱਦਾ ਪੱਤਰ ਭੇਜੇ ਗਏ ਹਨ।

61 ਸਾਲਾ ਵੀ.ਡੀ. ਸਤੀਸ਼ਨ ਪਿਛਲੇ ਪੰਜ ਸਾਲਾਂ ਤੋਂ ਵਿਰੋਧੀ ਧਿਰ ਦੇ ਨੇਤਾ ਵਜੋਂ ਸਰਗਰਮ ਸਨ। ਉਨ੍ਹਾਂ ਨੂੰ ਪਾਰਟੀ ਦੇ ਆਧਾਰ ਨੂੰ ਮਜ਼ਬੂਤ ਕਰਨ ਅਤੇ ਹਾਲ ਹੀ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਯੂ.ਡੀ.ਐਫ. ਦੀ ਫੈਸਲਾਕੁੰਨ ਜਿੱਤ ਦਾ ਮੁੱਖ ਸੂਤਰਧਾਰ ਮੰਨਿਆ ਜਾ ਰਿਹਾ ਹੈ। ਇਸ ਜਿੱਤ ਨਾਲ ਉਨ੍ਹਾਂ ਨੇ ਮਾਰਕਸਵਾਦੀ ਕਮਿਊਨਿਸਟ ਪਾਰਟੀ ਦੀ ਅਗਵਾਈ ਵਾਲੇ ਖੱਬੇ ਪੱਖੀ ਲੋਕਤੰਤਰੀ ਮੋਰਚੇ ਨੂੰ ਸੱਤਾ ਤੋਂ ਬੇਦਖ਼ਲ ਕਰ ਦਿੱਤਾ ਹੈ। ਸਹੁੰ ਚੁੱਕ ਸਮਾਰੋਹ ਲਈ ਸੈਂਟਰਲ ਸਟੇਡੀਅਮ ਵਿੱਚ ਇੱਕ ਵਿਸ਼ਾਲ ਮੰਚ ਤਿਆਰ ਕੀਤਾ ਗਿਆ ਹੈ ਅਤੇ ਹਜ਼ਾਰਾਂ ਵਰਕਰਾਂ ਦੇ ਬੈਠਣ ਦਾ ਪ੍ਰਬੰਧ ਕੀਤਾ ਗਿਆ ਹੈ। ਬਾਰਿਸ਼ ਦੀ ਸੰਭਾਵਨਾ ਨੂੰ ਦੇਖਦਿਆਂ ਵਿਸ਼ੇਸ਼ ਵਾਟਰਪਰੂਫ਼ ਇੰਤਜ਼ਾਮ ਕੀਤੇ ਗਏ ਹਨ। ਪੂਰੇ ਤਿਰੁਵਨੰਤਪੁਰਮ ਸ਼ਹਿਰ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ ਅਤੇ ਵੀ.ਆਈ.ਪੀ. ਮਹਿਮਾਨਾਂ ਦੀ ਆਮਦ ਕਾਰਨ ਟ੍ਰੈਫਿਕ ਦੇ ਵਿਸ਼ੇਸ਼ ਰੂਟ ਤੈਅ ਕੀਤੇ ਗਏ ਹਨ।

ਪ੍ਰੋ. ਮਨੀਸ਼ਾ ਨੂੰ 14 ਦਿਨਾਂ ਲਈ ਸੀ.ਬੀ.ਆਈ. ...

ਲਈ ਸੀ। ਏਜੰਸੀ ਦਾ ਮੰਨਣਾ ਹੈ ਕਿ ਇਸ ਪੂਰੇ ਨੈੱਟਵਰਕ ਵਿੱਚ ਅੰਦਰੂਨੀ ਲੋਕਾਂ ਤੋਂ ਇਲਾਵਾ ਕਈ ਵਿਚੋਲੇ ਅਤੇ ਉਮੀਦਵਾਰ ਵੀ ਸ਼ਾਮਲ ਹਨ ਜਿਨ੍ਹਾਂ ਨੇ ਪੇਪਰ ਲਈ ਵੱਡੀਆਂ ਰਕਮਾਂ ਅਦਾ ਕੀਤੀਆਂ ਸਨ। ਇਸ ਮਾਮਲੇ ਵਿੱਚ ਕੈਮਿਸਟਰੀ ਦੇ ਪ੍ਰੋਫੈਸਰ ਪੀ.ਵੀ. ਕੁਲਕਰਨੀ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ, ਜੋ ਕਈ ਸਾਲਾਂ ਤੱਕ ਪੇਪਰ ਤਿਆਰ ਕਰਨ ਵਾਲੀਆਂ ਕਮੇਟੀਆਂ ਵਿੱਚ ਰਿਹਾ ਹੈ। ਸਿੱਖਿਆ ਮੰਤਰਾਲੇ ਦੀ ਸ਼ਿਕਾਇਤ ਤੇ ਸੀ.ਬੀ.ਆਈ. ਨੇ 12 ਮਈ, 2026 ਨੂੰ ਇਹ ਮਾਮਲਾ ਦਰਜ ਕੀਤਾ ਸੀ। ਪੇਪਰ ਲੀਕ ਹੋਣ ਕਾਰਨ ਹੁਣ ਇਹ ਪ੍ਰੀਖਿਆ ਦੁਬਾਰਾ 21 ਜੂਨ ਨੂੰ ਕਰਵਾਈ ਜਾਵੇਗੀ।

ਆਕਾਸ਼ ਜੈਨ ਐਨ.ਟੀ.ਏ. ਦੇ ਸੰਯੁਕਤ ...

ਅਮਲਾ ਅਤੇ ਸਿਖਲਾਈ ਵਿਭਾਗ ਵੱਲੋਂ ਜਾਰੀ ਇੱਕ ਆਦੇਸ਼ ਦੇ ਤਹਿਤ, ਆਕਾਸ਼ ਜੈਨ ਨੂੰ ਡੈਪੂਟੇਸ਼ਨ ਤੇ ਨਿਯੁਕਤ ਕੀਤਾ ਗਿਆ ਹੈ। ਉਸ ਨੇ 2013 ਵਿੱਚ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (UPSC) ਸਿਵਲ ਸੇਵਾਵਾਂ ਦੀ ਪ੍ਰੀਖਿਆ ਪਾਸ ਕੀਤੀ ਅਤੇ ਭਾਰਤੀ ਮਾਲੀਆ ਸੇਵਾ ਵਿੱਚ ਇੱਕ ਅਹੁਦਾ ਪ੍ਰਾਪਤ ਕੀਤਾ। ਝੰਡਾ ਚੌਕ ਵਰਗੇ ਆਮ ਇਲਾਕੇ ਤੋਂ ਆਇਆ ਅਤੇ ਦੇਸ਼ ਦੀਆਂ ਮਹੱਤਵਪੂਰਨ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਤੱਕ ਪਹੁੰਚਿਆ ਆਕਾਸ਼ ਜੈਨ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਬਣ ਗਿਆ ਹੈ।

ਉਹ ਆਪਣੀ ਸਾਦਗੀ, ਇਮਾਨਦਾਰੀ ਅਤੇ ਕੁਸ਼ਲਤਾ ਲਈ ਪ੍ਰਸ਼ਾਸਕੀ ਹਲਕਿਆਂ ਵਿੱਚ ਮਸ਼ਹੂਰ ਹਨ। ਨੈਸ਼ਨਲ ਟੈਸਟਿੰਗ ਏਜੰਸੀ ਦੇਸ਼ ਦੀਆਂ ਪ੍ਰਮੁੱਖ ਪ੍ਰਵੇਸ਼ ਪ੍ਰੀਖਿਆਵਾਂ ਦਾ ਆਯੋਜਨ ਕਰਦੀ ਹੈ। ਇਸ ਸੰਸਥਾ ਰਾਹੀਂ ਮੈਡੀਕਲ ਦਾਖਲਾ ਪ੍ਰੀਖਿਆ NEET, ਇੰਜੀਨੀਅਰਿੰਗ ਦਾਖਲਾ ਪ੍ਰੀਖਿਆ JEE Main, ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦਾ ਰਾਸ਼ਟਰੀ ਯੋਗਤਾ ਪ੍ਰੀਖਿਆ (UGC-NET) ਅਤੇ ਕੇਂਦਰੀ ਯੂਨੀਵਰਸਿਟੀ ਦਾਖਲਾ ਪ੍ਰੀਖਿਆ (CUET) ਵਰਗੀਆਂ ਮਹੱਤਵਪੂਰਨ ਪ੍ਰੀਖਿਆਵਾਂ ਕਰਵਾਈਆਂ ਜਾਂਦੀਆਂ ਹਨ। ਅਜਿਹੇ ਵਿੱਚ ਆਕਾਸ਼ ਜੈਨ ਨੂੰ ਇਸ ਮਹੱਤਵਪੂਰਨ ਅਹੁਦੇ ਦੀ ਜ਼ਿੰਮੇਵਾਰੀ ਮਿਲਣਾ ਹਜ਼ਾਰੀਬਾਗ ਅਤੇ ਝਾਰਖੰਡ ਲਈ ਮਾਣ ਵਾਲੀ ਗੱਲ ਮੰਨੀ ਜਾ ਰਹੀ ਹੈ। ਹਾਲ ਹੀ ਦੇ ਸਾਲਾਂ ਵਿੱਚ, ਪ੍ਰਤੀਯੋਗੀ ਪ੍ਰੀਖਿਆਵਾਂ ਦੇ ਪਾਰਦਰਸ਼ਤਾ ਅਤੇ ਬਿਹਤਰ ਸੰਚਾਲਨ ਬਾਰੇ ਲਗਾਤਾਰ ਚਰਚਾ ਹੋਈ ਹੈ। ਅਜਿਹੇ ਸਮੇਂ, ਹਜ਼ਾਰੀਬਾਗ ਦੇ ਇੱਕ ਅਧਿਕਾਰੀ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਵਿੱਚ ਸ਼ਾਮਲ ਕਰਨਾ ਜ਼ਿਲ੍ਹੇ ਲਈ ਸਨਮਾਨ ਦੀ ਗੱਲ ਮੰਨੀ ਜਾ ਰਹੀ ਹੈ।

13 ਨਵੰਬਰ ਨੂੰ ਖ਼ਤਮ ਹੋ ਜਾਵੇਗੀ ਦੁਨੀਆਂ !

ਜਾਵੇਗੀ ਕਿ ਧਰਤੀ ਇਸ ਦਾ ਭਾਰ ਸਹਿਣ ਨਹੀਂ ਕਰ ਸਕੇਗੀ। ਉਨ੍ਹਾਂ ਨੇ ਇਸ ਦਿਨ ਨੂੰ ਡੂਮਸਡੇ ਯਾਨੀ ਪ੍ਰਲੈ ਦਾ ਦਿਨ ਕਿਹਾ ਸੀ।

ਸਰੋਤਾਂ ਅਨੁਸਾਰ ਵਿਗਿਆਨੀ ਨੇ ਚਿਤਾਵਨੀ ਦਿੱਤੀ ਸੀ ਕਿ ਬਹੁਤ ਜ਼ਿਆਦਾ ਆਬਾਦੀ ਕਾਰਨ ਭੋਜਨ, ਪਾਣੀ ਅਤੇ ਹੋਰ ਕੁਦਰਤੀ ਸਰੋਤ ਖ਼ਤਮ ਹੋ ਜਾਣਗੇ। ਇਸ ਦੇ ਨਤੀਜੇ ਵਜੋਂ ਭਿਆਨਕ ਅਕਾਲ, ਬਿਮਾਰੀਆਂ, ਵਾਤਾਵਰਣ ਦੀ ਤਬਾਹੀ ਅਤੇ ਵਿਸ਼ਵ ਯੁੱਧ ਵਰਗੀਆਂ ਸਥਿਤੀਆਂ ਪੈਦਾ ਹੋ ਸਕਦੀਆਂ ਹਨ। 20ਵੀਂ ਸਦੀ ਵਿੱਚ ਸਿਹਤ ਸਹੂਲਤਾਂ ਅਤੇ ਦਵਾਈਆਂ ਵਿੱਚ ਹੋਏ ਸੁਧਾਰ ਕਾਰਨ ਆਬਾਦੀ ਬਹੁਤ ਘਾਤਕ ਗਤੀ ਨਾਲ ਵਧੀ ਹੈ।

ਅੱਜ ਦੁਨੀਆਂ ਦੀ ਆਬਾਦੀ 8 ਅਰਬ ਤੋਂ ਪਾਰ ਹੋ ਚੁੱਕੀ ਹੈ। ਹਾਲਾਂਕਿ ਆਧੁਨਿਕ ਮਾਹਿਰਾਂ ਦਾ ਮੰਨਣਾ ਹੈ ਕਿ 2026 ਵਿੱਚ ਦੁਨੀਆ ਦੇ ਅਚਾਨਕ ਖ਼ਤਮ ਹੋਣ ਦੀ ਸੰਭਾਵਨਾ ਬਹੁਤ ਘੱਟ ਹੈ, ਪਰ ਵੈਨ ਫੋਰਸਟਰ ਦੀ ਚਿਤਾਵਨੀ ਅੱਜ ਦੇ ਜਲਵਾਯੂ ਪਰਿਵਰਤਨ, ਗਲੋਬਲ ਵਾਰਮਿੰਗ ਅਤੇ ਪਾਣੀ ਦੀ ਕਮੀ ਵਰਗੇ ਸੰਕਟਾਂ ਦੇ ਰੂਪ ਵਿੱਚ ਸਹੀ ਸਾਬਤ ਹੋ ਰਹੀ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਜੇਕਰ ਅਸੀਂ ਸਮੇਂ ਸਿਰ ਆਬਾਦੀ ਕੰਟਰੋਲ, ਵਾਤਾਵਰਣ ਦੀ ਸੰਭਾਲ ਅਤੇ ਕੁਦਰਤੀ ਸਰੋਤਾਂ ਦੀ ਸਹੀ ਵਰਤੋਂ ਨਾ ਕੀਤੀ, ਤਾਂ ਆਉਣ ਵਾਲੇ ਸਾਲਾਂ ਵਿੱਚ ਵੱਡੀਆਂ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੇ ਤੇ ਅਕਾਲੀ ਦਲ ਪੁਨਰ ...

ਆਗੂ ਕਰਨ ਜੋ ਪੰਥ ਪ੍ਰਵਾਨਿਤ, ਇਮਾਨਦਾਰ ਅਤੇ ਸਾਫ-ਸੁਥਰੇ ਅਕਸ ਵਾਲੇ ਹੋਣ। ਉਨ੍ਹਾਂ ਕਿਹਾ ਕਿ ਪੰਥਕ ਏਕਤਾ ਤਾਲਮੇਲ ਕਮੇਟੀ ਦੇ ਗਠਨ ਤੋਂ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 2 ਦਸੰਬਰ ਨੂੰ ਜਾਰੀ ਹੋਏ ਹੁਕਮਨਾਮੇ ਦੀ ਰੌਸ਼ਨੀ ਵਿੱਚ ਇਹ ਆਪਸੀ ਸਹਿਮਤੀ ਬਣੀ ਸੀ ਕਿ ਜਿਹੜੇ ਆਗੂ ਪੰਥ ਦੀ ਅਗਵਾਈ ਕਰਨ ਦਾ ਨੈਤਿਕ ਆਧਾਰ ਗੁਆ ਚੁੱਕੇ ਹਨ, ਉਨ੍ਹਾਂ ਨੂੰ ਅਗਵਾਈ ਤੋਂ ਪਾਸੇ ਕੀਤਾ ਜਾਵੇਗਾ। ਪਰੰਤੂ ਦੂਜੀ ਧਿਰ ਵੱਲੋਂ ਨਾਂ ਸਿਰਫ ਅਜਿਹੇ ਆਗੂਆਂ ਨੂੰ ਸਨਮਾਨਿਤ ਅਹੁਦੇ ਦਿੱਤੇ ਗਏ, ਸਗੋਂ ਉਨ੍ਹਾਂ ਨੂੰ ਅਗਵਾਈ ਦੀ ਕਮਾਨ ਵੀ ਸੌਂਪੀ ਗਈ, ਜੋ ਪੰਥਕ ਏਕਤਾ ਦੀ ਭਾਵਨਾ ਅਤੇ ਸੰਗਤਾਂ ਦੀਆਂ ਉਮੀਦਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਦੂਜੀ ਧਿਰ ਦੀ ਲੀਡਰਸ਼ਿਪ ਵੱਲੋਂ ਲਗਾਤਾਰ ਗੈਰ-ਜ਼ਿੰਮੇਵਾਰਾਨਾ ਬਿਆਨਬਾਜ਼ੀ ਕੀਤੀ ਜਾ ਰਹੀ ਸੀ, ਜਿਸ ਨਾਲ ਗਠਜੋੜ ਦੀ ਬੁਨਿਆਦ ਹੀ ਕਮਜ਼ੋਰ ਹੋ ਰਹੀ ਸੀ। ਇਸ ਸਥਿਤੀ ਨੂੰ ਵੇਖਦਿਆਂ ਅਤੇ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਦੀ ਸੀਨੀਅਰ ਲੀਡਰਸ਼ਿਪ ਵੱਲੋਂ ਵਿਸਥਾਰਤ ਰਾਇ-ਮਸ਼ਵਰਾ ਕਰਨ ਉਪਰੰਤ ਇਹ ਫੈਸਲਾ ਲਿਆ ਗਿਆ ਹੈ। ਤਾਲਮੇਲ ਕਮੇਟੀ

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ...

ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਮਾਗਮ ਦੀ ਸ਼ੁਰੂਆਤ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਚਿੱਤਰ ਅੱਗੇ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ। ਸੰਤ ਨਰਿੰਦਰ ਸਿੰਘ ਜੀ ਅਲਹੌਰਾਂ ਵਾਲਿਆਂ ਨੇ ਬੇਅਦਬੀ ਵਿਰੋਧੀ ਕਾਨੂੰਨ 'ਤੇ ਗਵਰਨਰ ਦੇ ਹਸਤਾਖਰ ਕਰਨ 'ਤੇ ਵਿਸ਼ੇਸ਼ ਸਨਮਾਨ ਕੀਤਾ।

ਇਸ ਮੌਕੇ ਭਗਵੰਤ ਸਿੰਘ ਰਾਮਗੜ੍ਹੀਆ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਉਹ ਸਿਰਫ਼ ਇੱਕ ਮਹਾਨ ਯੋਧੇ ਹੀ ਨਹੀਂ ਸਗੋਂ ਕੌਮ ਦੇ ਮਾਣ ਅਤੇ ਸ਼ਾਨ ਦੇ ਪ੍ਰਤੀਕ ਸਨ। ਉਨ੍ਹਾਂ ਨੇ ਆਪਣੇ ਜੀਵਨ ਦੌਰਾਨ ਪੰਜਾਬ ਅਤੇ ਸਿੱਖ ਇਤਿਹਾਸ ਵਿੱਚ ਵਿਲੱਖਣ ਯੋਗਦਾਨ ਪਾਇਆ, ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਇਤਿਹਾਸ ਬਾਰੇ ਜਾਣੂ ਕਰਵਾਈਏ। ਅਵਤਾਰ ਸਿੰਘ ਨੰਨੜੇ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਰਾਮਗੜ੍ਹੀਆ ਚੇਅਰ ਸਥਾਪਤ ਹੋਣੀ ਚਾਹੀਦੀ ਹੈ ਤਾਂ ਜੋ ਵਿਦਿਆਰਥੀਆਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਰਾਮਗੜ੍ਹੀਆ ਇਤਿਹਾਸ, ਸਭਿਆਚਾਰ ਅਤੇ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਸੰਭਾਲਣਾ ਅਤੇ ਉਸਦੀ ਸਹੀ ਜਾਣਕਾਰੀ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਰਜਿ: ਨਾਭਾ ਦੇ ਅਹੁਦੇਦਾਰਾਂ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਮਾਜਿਕ ਏਕਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।

ਇਸ ਮੌਕੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਪ੍ਰਬੰਧਕ ਚਰਨ ਸਿੰਘ, ਮਲਕੀਤ ਕੰਬਾਈਨ, ਹਰੀ ਸਿੰਘ, ਅਵਤਾਰ ਸਿੰਘ ਨੰਨੜੇ, ਮੋਹਨ ਸਿੰਘ ਮਾਲੇਰਕੋਟਲਾ, ਪ੍ਰੇਮ ਸਿੰਘ, ਗੁਰਚਰਨ ਸਿੰਘ, ਪਰਮਜੀਤ ਕੈਂਥ, ਹਰਮਿੰਦਰ ਸਿੰਘ ਨੀਟਾ ਸਮੇਤ ਵੱਡੀ ਗਿਣਤੀ ਵਿੱਚ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸ਼ਖਸੀਅਤਾਂ ਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

ਬਹਿਬਲ ਕਲਾਂ ਪੁਲਿਸ ਗੋਲ਼ੀਬਾਰੀ ਦੇ ਪੀੜਤ ਦੇ ਪੁੱਤਰ ...

ਅਪੀਲ ਕੀਤੀ ਕਿ ਉਹ ਇਸ ਕਾਨੂੰਨ ਨੂੰ ਪੂਰੀ ਤਰ੍ਹਾਂ ਨਕਾਰਨ ਦੀ ਬਜਾਏ ਇੱਕ ਸਹਿਯੋਗਾਤਮਕ ਪਹੁੰਚ ਅਪਣਾਉਣ। ਉਨ੍ਹਾਂ ਕਿਹਾ ਕਿ ਜੇਕਰ ਇਸ ਬਿੱਲ ਵਿੱਚ ਕੋਈ ਕਮੀਆਂ ਜਾਂ ਚਿੰਤਾ ਵਾਲੇ ਖੇਤਰ ਹਨ ਤਾਂ ਸਬੰਧਤ ਧਿਰਾਂ ਨੂੰ ਉਨ੍ਹਾਂ ਨੂੰ ਦੂਰ ਕਰਨ ਲਈ ਸਰਕਾਰ ਨਾਲ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਬਿੱਲ ਦੇ ਮੁੱਖ ਮਕਸਦ ਦਾ ਸਮਰਥਨ ਕਰਦੇ ਹੋਏ, ਉਨ੍ਹਾਂ ਨੇ ਸੁਝਾਅ ਦਿੱਤਾ ਕਿ ਪੰਜਾਬ ਸਰਕਾਰ ਨੂੰ ਵੀ ਇਸ ਮਾਮਲੇ ਵਿੱਚ ਲਚਕੀਲਾ ਰੁਖ਼ ਰੱਖਣਾ ਚਾਹੀਦਾ ਹੈ। ਜੇਕਰ ਕੁਝ ਧਾਰਾਵਾਂ ਵਿੱਚ ਸੁਧਾਰ ਜਾਂ ਹੋਰ ਸਪਸ਼ਟਤਾ ਦੀ ਲੋੜ ਹੈ ਤਾਂ ਸਰਕਾਰ ਨੂੰ ਇਸ ਕਾਨੂੰਨ ਨੂੰ ਪੂਰੀ ਤਰ੍ਹਾਂ ਨੁਕਸ ਰਹਿਤ ਬਣਾਉਣ ਲਈ ਛੋਟੀਆਂ-ਮੋਟੀਆਂ ਸੋਧਾਂ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਲੋਕ ਲੰਬੇ ਸਮੇਂ ਤੋਂ ਧਾ

‘ਸਾਇਲੈਂਟ ਕਿਲਰ’-ਹਾਈਪਰਟੈਨਸ਼ਨ ਵਿਰੁੱਧ ਪੰਜਾਬ ਦੀ ਲੜਾਈ ਹੋਈ ਹੋਰ ਮਜ਼ਬੂਤ-ਰੋਕਥਾਮ, ਸ਼ੁਰੂਆਤੀ ਪਛਾਣ ਤੇ ਨਕਦੀ ਰਹਿਤ ਇਲਾਜ ’ਤੇ ਦਿੱਤਾ ਜ਼ੋਰ

⏩ ਹਾਈਪਰਟੈਨਸ਼ਨ ਦੀ ਵਧ ਰਹੀ ਸਮੱਸਿਆ ਨਾਲ ਨਜਿੱਠਣ ਲਈ ਭਗਵੰਤ ਮਾਨ ਸਰਕਾਰ ਨੇ ਸੂਬੇ ਭਰ ਵਿੱਚ ਸਕ੍ਰੀਨਿੰਗ, ਰੋਕਥਾਮ ਅਤੇ ਕੈਸ਼ਲੈੱਸ ਇਲਾਜ ਦਾ ਕੀਤਾ ਵਿਸਥਾਰ

⏩ ਪੰਜਾਬ ਦੇ ਸਿਹਤ ਨੈੱਟਵਰਕ ਰਾਹੀਂ 1 ਕਰੋੜ ਤੋਂ ਵੱਧ ਲੋਕਾਂ ਦੀ ਹੋਈ ਸਕ੍ਰੀਨਿੰਗ, 24 ਲੱਖ ਲੋਕਾਂ ਨੂੰ ਦਿੱਤੀ ਇਲਾਜ ਦੀ ਸਹੂਲਤ : ਡਾ. ਬਲਬੀਰ ਸਿੰਘ

ਚੰਡੀਗੜ੍ਹ, 17 ਮਈ (ਚ.ਨ.ਸ.): ਅੱਜ ਜਦੋਂ ਦੁਨੀਆਂ ਭਰ ਵਿੱਚ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਜਾ ਰਿਹਾ ਹੈ, ਉਸ ਸਮੇਂ ਪੰਜਾਬ ਸਰਕਾਰ ਦੀ "ਮੁੱਖ ਮੰਤਰੀ ਸਿਹਤ ਯੋਜਨਾ" ਹਾਈਪਰਟੈਂਸ਼ਨ ਅਤੇ ਇਸ ਨਾਲ ਜੁੜੀਆਂ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਸਸਤੀਆਂ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਵੱਡੀ ਰਾਹਤ ਦੇ ਰਹੀ ਹੈ। ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਨੂੰ ਹਾਈਪਰਟੈਂਸ਼ਨ ਕਿਹਾ ਜਾਂਦਾ ਹੈ ਅਤੇ ਡਾਕਟਰ ਅਕਸਰ ਇਸਨੂੰ 'ਸਾਇਲੈਂਟ ਕਿਲਰ' ਵੀ ਕਹਿੰਦੇ ਹਨ। ਇਹ ਬਿਨਾਂ ਕਿਸੇ ਸਪੱਸ਼ਟ ਚੇਤਾਵਨੀ ਦੇ ਸਟ੍ਰੋਕ, ਹਾਰਟ ਫੇਲਿਅਰ ਜਾਂ ਕਿਡਨੀ ਰੋਗ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਇਹ ਬੀਮਾਰੀ ਲਗਭਗ ਹਰ ਉਮਰ ਵਰਗ ਵਿੱਚ ਦੇਖੀ ਜਾ ਰਹੀ ਹੈ। ਸਭ ਉਮਰ ਵਰਗਾਂ ਵਿੱਚ ਵਧ ਰਹੇ ਹਾਈਪਰਟੈਂਸ਼ਨ ਦੇ ਮਾਮਲਿਆਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਇਸ ਬਿਮਾਰੀ ਦੀ ਰੋਕਥਾਮ, ਜਲਦੀ ਪਛਾਣ ਅਤੇ ਇਲਾਜ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਜਿੱਥੇ ਸੀ.ਐੱਮ. ਦੀ ਯੋਗਸ਼ਾਲਾ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰ ਰਹੀ ਹੈ, ਉੱਥੇ ਹੀ ਆਮ ਆਦਮੀ ਕਲੀਨਿਕ ਜਲਦੀ ਸਕ੍ਰੀਨਿੰਗ ਯਕੀਨੀ ਬਣਾ ਰਹੇ ਹਨ (1 ਕਰੋੜ ਲੋਕਾਂ ਦੀ ਜਾਂਚ, 24 ਲੱਖ ਇਲਾਜ ਅਧੀਨ) ਅਤੇ ਮੁੱਖ ਮੰਤਰੀ ਸਿਹਤ ਯੋਜਨਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਕੇ ਸਟ੍ਰੋਕ ਅਤੇ ਦਿਲ ਦੀਆਂ ਬੀਮਾਰੀਆਂ ਤੋਂ ਬਚਾਉਣ ਵਿੱਚ ਮਦਦ ਕਰ ਰਹੀ ਹੈ।

ਵਿਸ਼ਵ ਸਿਹਤ ਸੰਗਠਨ (ਡਬਲਿਊ. ਐਚ.ਓ.) ਅਨੁਸਾਰ ਭਾਰਤ ਵਿੱਚ ਉੱਚ-ਰਕਤਚਾਪ ਦੀ ਸਮੱਸਿਆ ਤੇਜ਼ੀ ਨਾਲ ਵਧ ਰਹੀ ਹੈ, ਜਿਸਦੇ ਮੁੱਖ ਕਾਰਨ: ਗਲਤ ਖੁਰਾਕ, ਤਣਾਅ, ਤੰਬਾਕੂ ਦਾ ਸੇਵਨ, ਸਰੀਰਕ ਗਤੀਵਿਧੀ ਵਿੱਚ ਕਮੀ ਤੇ ਅਨਿਯਮਿਤ ਜੀਵਨਸ਼ੈਲੀ ਹਨ। ਡਾਕਟਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਬਹੁਤ ਸਾਰੇ ਮਰੀਜ਼ਾਂ ਨੂੰ ਇਸ ਬੀਮਾਰੀ ਦਾ ਪਤਾ ਉਦੋਂ ਲੱਗਦਾ ਹੈ ਜਦੋਂ ਬਿਮਾਰੀ ਗੰਭੀਰ ਰੂਪ ਲੈ ਚੁੱਕੀ ਹੁੰਦੀ ਹੈ। ਇਸ ਵਧ ਰਹੇ ਸਿਹਤ ਸੰਕਟ ਦੇ ਦਰਮਿਆਨ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਇੱਕ ਮਜ਼ਬੂਤ ਸੁਰੱਖਿਆ ਕਵਚ ਵਜੋਂ ਸਾਹਮਣੇ ਆਈ ਹੈ। ਇਹ ਯੋਜਨਾ ਹਜ਼ਾਰਾਂ ਮਰੀਜ਼ਾਂ ਨੂੰ ਮਹਿੰਗੇ ਇਲਾਜ ਤੋਂ ਬਿਨਾਂ ਹਾਈਪਰਟੈਂਸ਼ਨ ਤੇ ਇਸ ਨਾਲ ਸਬੰਧਤ ਬੀਮਾਰੀਆਂ ਦਾ ਇਲਾਜ ਮੁਹੱਈਆ ਕਰਵਾ ਰਹੀ ਹੈ।

ਇਸ ਵਿਸ਼ਵ ਹਾਈਪਰਟੈਂਸ਼ਨ ਦਿਵਸ ਮੌਕੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸਭ ਤੋਂ ਵੱਡੀ ਉਪਲੱਬਧੀ, ਸਿਰਫ਼ ਨਿਪਟਾਏ ਗਏ ਮਾਮਲਿਆਂ ਦੀ ਗਿਣਤੀ ਨਹੀਂ ਸਗੋਂ ਉੱਚ- ਰਕਤਚਾਪ ਦੀ ਰੋਕਥਾਮ ਅਤੇ ਸਮੇਂ ਸਿਰ ਪਛਾਣ 'ਤੇ ਦਿੱਤਾ ਗਿਆ ਜ਼ੋਰ ਵੀ ਹੈ। ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਸਕ੍ਰੀਨਿੰਗ, ਜਲਦੀ ਪਛਾਣ ਤੇ ਇਲਾਜ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "990 ਆਮ ਆਦਮੀ ਕਲੀਨਿਕਾਂ ਸਮੇਤ ਸਾਰੇ ਸਿਹਤ ਕੇਂਦਰਾਂ 'ਤੇ 30 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਦੀ ਹਾਈਪਰਟੈਂਸ਼ਨ ਲਈ ਨਿਯਮਿਤ ਜਾਂਚ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।"

ਉਨ੍ਹਾਂ ਦੱਸਿਆ ਕਿ 30 ਸਾਲ ਤੋਂ ਵੱਧ ਉਮਰ ਦੇ 1 ਕਰੋੜ ਤੋਂ ਜ਼ਿਆਦਾ ਲੋਕਾਂ ਦੀ ਸਕ੍ਰੀਨਿੰਗ ਕੀਤੀ ਜਾ ਚੁੱਕੀ ਹੈ ਤੇ 24 ਲੱਖ ਲੋਕ ਇਲਾਜ ਅਧੀਨ ਲਿਆਂਦੇ ਗਏ ਹਨ। ਉਨ੍ਹਾਂ ਕਿਹਾ, "ਮਹੀਨਾਵਾਰ ਫਾਲੋਅਪ, ਮੁਫ਼ਤ ਦਵਾਈਆਂ ਅਤੇ ਸਮੇਂ ਸਿਰ ਰੈਫਰਲ ਰਾਹੀਂ ਲਗਾਤਾਰ ਦੇਖਭਾਲ ਯਕੀਨੀ ਬਣਾਈ ਜਾ ਰਹੀ ਹੈ, ਜਿਸ ਨਾਲ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਪ੍ਰਾਇਮਰੀ ਸਿਹਤ ਸੇਵਾਵਾਂ ਮਜ਼ਬੂਤ ਹੋਈਆਂ ਹਨ।"

ਇਸਦੇ ਨਾਲ-ਨਾਲ ਪੰਜਾਬ ਸਰਕਾਰ ਦੀ ਮਹੱਤਵਪੂਰਨ ਪਹਿਲ ਸੀ.ਐੱਮ. ਦੀ ਯੋਗਸ਼ਾਲਾ, ਜਿਸ ਦੇ ਤਹਿਤ 10,600 ਤੋਂ ਵੱਧ ਯੋਗ-ਕਲਾਸਾਂ ਅਤੇ ਲਗਭਗ 3 ਲੱਖ ਭਾਗੀਦਾਰ ਜੁੜੇ ਹੋਏ ਹਨ ਰਾਹੀਂ ਯੋਗ, ਤਣਾਅ ਪ੍ਰਬੰਧਨ ਅਤੇ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਹਾਈਪਰਟੈਂਸ਼ਨ ਅਤੇ ਜੀਵਨਸ਼ੈਲੀ ਨਾਲ ਜੁੜੀਆਂ ਹੋਰ ਬੀਮਾਰੀਆਂ 'ਤੇ ਕਾਬੂ ਪਾਇਆ ਜਾ ਸਕੇ।

ਅਨ-ਕੰਟਰੋਲਡ ਬਲੱਡ ਪ੍ਰੈਸ਼ਰ ਕਾਰਨ ਹੋਣ ਵਾਲੇ ਸਟ੍ਰੋਕ, ਦਿਲ ਦੀ ਬਿਮਾਰੀ ਸਬੰਧੀ ਐਮਰਜੈਂਸੀ ਅਤੇ ਗੁਰਦੇ ਦੀਆਂ ਬੀਮਾਰੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਹੇਠ ਕਵਰ ਕੀਤਾ ਜਾ ਰਿਹਾ ਹੈ, ਜਿਸ ਨਾਲ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਹੇ ਪਰਿਵਾਰਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ।

ਪੰਜਾਬ ਵਿੱਚ ਜ਼ਿਆਦਾਤਰ ਮਰੀਜ਼ ਅਜੇ ਵੀ ਮੱਧ ਉਮਰ ਵਰਗ ਅਤੇ ਬਜ਼ੁਰਗ ਵਰਗ ਨਾਲ ਸਬੰਧਿਤ ਹਨ, ਜਿੰਨ੍ਹਾਂ ਵਿੱਚ 40 ਤੋਂ 80 ਸਾਲ ਵਾਲਾ ਉਮਰ ਵਰਗ ਸਭ ਤੋਂ ਵੱਧ ਪ੍ਰਭਾਵਿਤ ਹੈ। ਰਾਜ ਸਿਹਤ ਏਜੰਸੀ ਦੇ ਅੰਕੜਿਆਂ ਅਨੁਸਾਰ ਗੁਰਦਾਸਪੁਰ ਵਿੱਚ 94 ਸਾਲ ਤੱਕ ਦੀ ਉਮਰ ਦੇ ਮਰੀਜ਼ , ਜਦਕਿ ਐੱਸ.ਏ.ਐੱਸ. ਨਗਰ ਵਿੱਚ 98 ਸਾਲ ਦੀ ਉਮਰ ਤੱਕ ਦੇ ਮਰੀਜ਼ ਦਰਜ ਕੀਤੇ ਗਏ, ਜੋ ਇਸ ਬੀਮਾਰੀ ਦੀ ਗੰਭੀਰਤਾ ਨੂੰ ਦਰਸਾਉਂਦੇ ਹਨ।

ਪਟਿਆਲਾ, ਐੱਸ.ਏ.ਐੱਸ. ਨਗਰ, ਹੁਸ਼ਿਆਰਪੁਰ, ਜਲੰਧਰ ਅਤੇ ਫ਼ਰੀਦਕੋਟ ਜ਼ਿਲ੍ਹਿਆਂ ਵਿੱਚ ਪੁਰਸ਼ ਅਤੇ ਮਹਿਲਾਵਾਂ ਦੋਵਾਂ ਵਿੱਚ ਵੱਡੀ ਗਿਣਤੀ ਵਿੱਚ ਮਾਮਲੇ ਦਰਜ ਹੋਏ ਹਨ। ਅੰਮ੍ਰਿਤਸਰ ਅਤੇ ਲੁਧਿਆਣਾ ਦੇ ਹਸਪਤਾਲ ਰਿਕਾਰਡਾਂ ਵਿੱਚ 50 ਤੋਂ 77 ਸਾਲ ਉਮਰ ਵਰਗ ਦੀਆਂ ਔਰਤਾਂ ਵਿੱਚ ਮਾਮਲਿਆਂ ਦੀ ਗਿਣਤੀ ਵੱਧ ਪਾਈ ਗਈ ਹੈ।

ਡਾ. ਸੌਰਭ ਸ਼ਰਮਾ, ਜੋ ਸਰਕਾਰੀ ਮੈਡੀਕਲ ਕਾਲਜ ਅਤੇ ਰਾਜਿੰਦਰਾ ਹਸਪਤਾਲ ਵਿੱਚ ਕਾਰਡੀਓਲੋਜੀ ਵਿਭਾਗ ਦੇ ਐਸੋਸੀਏਟ ਪ੍ਰੋਫ਼ੈਸਰ ਅਤੇ ਵਿਭਾਗ ਮੁਖੀ ਹਨ, ਨੇ ਦੱਸਿਆ ਕਿ ਉੱਚ-ਰਕਤਚਾਪ ਹੁਣ ਸਿਰਫ਼ ਬਜ਼ੁਰਗਾਂ ਤੱਕ ਸੀਮਿਤ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਆਧੁਨਿਕ ਜੀਵਨਸ਼ੈਲੀ ਹਰ ਉਮਰ ਵਰਗ ਲਈ ਨਵੀਆਂ ਸਿਹਤ ਚੁਣੌਤੀਆਂ ਲੈ ਕੇ ਆ ਰਹੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਆਦਾਤਰ ਹਾਈਪਰਟੈਨਸ਼ਨ ਦੇ ਮਾਮਲੇ 40 ਤੋਂ 90 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਵਿੱਚ ਦੇਖੇ ਜਾਂਦੇ ਹਨ, ਅਸੀਂ ਕਿਸ਼ੋਰਾਂ ਅਤੇ ਵੀਹ ਅਤੇ ਤੀਹ ਸਾਲ ਦੀ ਉਮਰ ਵਾਲੇ ਲੋਕਾਂ ਵਿੱਚ ਵੀ ਇਹ ਬਿਮਾਰੀ ਦੇਖ ਰਹੇ ਹਾਂ।

ਡਾ. ਸ਼ਰਮਾ ਨੇ ਕਿਹਾ ਕਿ ਤਣਾਅ, ਖ਼ਰਾਬ ਖੁਰਾਕ, ਕਸਰਤ ਦੀ ਕਮੀ ਅਤੇ ਅਨਿਯਮਿਤ ਰੁਟੀਨ ਇਸ ਦੇ ਮੁੱਖ ਕਾਰਨ ਹਨ, ਅਤੇ ਹੁਣ ਇਹ ਗੁੰਝਲਾਂ ਪਹਿਲਾਂ ਨਾਲੋਂ ਜ਼ਿਆਦਾ ਤੇਜ਼ੀ ਨਾਲ ਸਾਹਮਣੇ ਆ ਰਹੀਆਂ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਹੁਣ ਸਿਰਫ਼ ਬਲੱਡ ਪ੍ਰੈਸ਼ਰ ਹੀ ਨਹੀਂ ਬਲਕਿ ਇਸ ਨਾਲ ਸਬੰਧਤ ਹੋਰ ਸਮੱਸਿਆਵਾਂ ਸਟ੍ਰੋਕ, ਹਾਰਟ ਫੇਲਿਅਰ ਅਤੇ ਕਿਡਨੀ ਰੋਗਾਂ ਤੋਂ ਵੀ ਪਹਿਲਾਂ ਵੱਡੀ ਗਿਣਤੀ ਵਿੱਚ ਸਾਹਮਣੇ ਆ ਰਹੀਆਂ ਹਨ।

ਡਾਕਟਰ ਸ਼ਰਮਾ ਦੇ ਅਨੁਸਾਰ "ਮੁੱਖ ਮੰਤਰੀ ਸਿਹਤ ਯੋਜਨਾ" ਇਸ ਲਈ ਬਹੁਤ ਅਹਿਮ ਹੈ ਕਿਉਂਕਿ ਇਹ ਮਰੀਜ਼ਾਂ ਨੂੰ ਆਰਥਿਕ ਡਰ ਕਾਰਨ ਇਲਾਜ ਤੋਂ ਟਾਲਾ ਵੱਟਣ ਤੋਂ ਰੋਕਦੀ ਹੈ। ਉਨ੍ਹਾਂ ਕਿਹਾ ਕਿ ਉੱਚ- ਰਕਤਚਾਪ ਐਮਰਜੈਂਸੀ ਵਿੱਚ ਦੇਰੀ ਕਈ ਵਾਰ ਜੀਵਨ ਅਤੇ ਮੌਤ ਦਾ ਫ਼ਰਕ ਬਣ ਸਕਦੀ ਹੈ।

ਸਿਹਤ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਯੋਜਨਾ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਸਿਰਫ਼ ਇਲਾਜ ਨਹੀਂ, ਸਗੋਂ ਸਮੇਂ ਸਿਰ ਇਲਾਜ ਨੂੰ ਯਕੀਨੀ ਬਣਾਉਣਾ ਹੈ। ਪਹਿਲਾਂ ਕਈ ਪਰਿਵਾਰ ਆਰਥਿਕ ਡਰ ਕਾਰਨ ਮਰੀਜ਼ ਨੂੰ ਹਸਪਤਾਲ ਲਿਜਾਣ ਵਿੱਚ ਦੇਰੀ ਕਰਦੇ ਸਨ, ਜੋ ਕਈ ਵਾਰ ਘਾਤਕ ਸਾਬਤ ਹੁੰਦੀ ਸੀ। ਪਰ ,ਹੁਣ ਮਰੀਜ਼ ਸਮੇਂ ਸਿਰ ਇਲਾਜ ਕਰਵਾ ਰਹੇ ਹਨ, ਜਿਸ ਨਾਲ ਸੁਧਾਰ ਦੀ ਸੰਭਾਵਨਾ ਵਧੀ ਹੈ। ਮੱਧ ਵਰਗੀ ਪਰਿਵਾਰਾਂ , ਪੈਨਸ਼ਨਰਾਂ ਅਤੇ ਸਰਕਾਰੀ ਕਰਮਚਾਰੀਆਂ ਲਈ ਇਹ ਯੋਜਨਾ ਭਾਰੀ ਮੈਡੀਕਲ ਖਰਚਿਆਂ ਤੋਂ ਸੁਰੱਖਿਆ ਦਾ ਇੱਕ ਮਜ਼ਬੂਤ ਸਹਾਰਾ ਬਣੀ ਹੈ।

ਜ਼ਿਲ੍ਹਾ ਹੈਰੀਟੇਜ ਗੁਰਦਾਸਪੁਰ ਵੱਲੋਂ ਛੋਟਾ ਘੱਲੂਘਾਰਾ ਸਮਾਰਕ ਕਾਹਨੂੰਵਾਨ ਛੰਭ ਵਿਖੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

ਗੁਰਦਾਸਪੁਰ, 17 ਮਈ (ਜਸਵਿੰਦਰ ਸਿੰਘ): ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਵਲੋਂ ਛੋਟਾ ਘੱਲੂਘਾਰਾ ਸਮਾਰਕ, ਕਾਹਨੂੰਵਾਨ ਛੰਭ ਵਿਖੇ 17 ਮਈ 1746 ਨੂੰ ਯੁੱਧ ਵਿਚ ਸ਼ਹੀਦ ਹੋਏ ਕਰੀਬ 11 ਹਜ਼ਾਰ ਸਿੰਘਾਂ-ਸਿੰਘਣੀਆਂ ਅਤੇ ਯੋਧਿਆਂ ਦੀ ਸ਼ਹੀਦੀ ਨੂੰ ਸਮਰਪਿਤ ਸ਼ਹੀਦੀ ਸਮਾਗਮ ਕਰਵਾਇਆ ਗਿਆ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਹੈਰੀਟੇਜ ਗੁਰਦਾਸਪੁਰ ਦੇ ਚੇਅਰਮੈਨ, ਆਦਿਤਿਆ ਉੱਪਲ ਦੀ ਅਗਵਾਈ ਵਿੱਚ ਕਰਵਾਏ ਸ਼ਹੀਦੀ ਸਮਾਗਮ ਵਿੱਚ ਸ਼ਹੀਦਾਂ ਨੂੰ ਯਾਦ ਕੀਤਾ ਗਿਆ ਸ਼ਹੀਦੀ ਸਮਾਗਮ ਵਿੱਚ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ), ਤੇਜਿੰਦਰਪਾਲ ਸਿੰਘ ਸੰਧੂ, ਜਨਰਲ ਸਕੱਤਰ, ਜ਼ਿਲ੍ਹਾ ਹੈਰੀਟੇਜ ਸੁਸਾਇਟੀ (ਸਾਬਕਾ ਵਧੀਕ ਡਿਪਟੀ ਕਮਿਸਨਰ ਗੁਰਦਾਸਪੁਰ) ਤੇ ਸੰਗਤਾਂ ਵੱਡੀ ਗਿਣਤੀ ਵਿੱਚ ਮੌਜੂਦ ਸਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਨ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅੱਜ ਉਹ ਸ਼ਹੀਦਾਂ ਦੀ ਧਰਤੀ ਛੋਟਾ ਘੱਲੂਘਾਰਾ ਸਮਾਰਕ ਵਿਖੇ ਆਏ ਹਨ ਅਤੇ ਸ਼ਹੀਦਾਂ ਨੂੰ ਯਾਦ ਕਰਨ ਦਾ ਸੁਭਾਗ ਮਿਲਿਆ ਹੈ ਉਨਾਂ ਅੱਗੇ ਕਿਹਾ ਕਿ ਉਨਾਂ ਦੇ ਸਵਰਗਵਾਸੀ ਪਿਤਾ ਜਥੇਦਾਰ ਸੇਵਾ ਸਿੰਘ ਸੇਖਵਾਂ ਜੀ ਵਲੋਂ ਛੋਟਾ ਘੱਲੂਘਾਰਾ ਸ਼ਹੀਦੀ ਸਮਾਰਕ ਦੇ ਨਿਰਮਾਣ ਵਿਚ ਵੱਡਮੁੱਲਾ ਯੋਗਦਾਨ ਪਾਇਆ ਹੈ ਅਤੇ ਉਨਾਂ ਦਾ ਇਤਿਹਾਸਕ ਤੇ ਧਾਰਮਿਕ ਸਥਾਨਾਂ ਨਾਲ ਗਹਿਰਾ ਲਗਾਅ ਸੀ। ਉਨਾਂ ਅੱਗੇ ਕਿਹਾ ਕਿ ਸ਼ਹੀਦਾਂ ਨੂੰ ਸਾਡੀ ਸਾਰਿਆਂ ਦੀ ਸੱਚੀ ਸਰਧਾਂਜਲੀ ਇਹੀ ਹੋਵੇਗੀ ਕਿ ਅਸੀ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਵਿਚ ਸਹਿਯੋਗ ਕਰੀਏ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅੱਗੇ ਕਿਹਾ ਕਿ ਸ਼ਹੀਦਾਂ ਦੀ ਯਾਦ ਵਿੱਚ ਉਸਾਰੇ ਗਏ ਸਮਾਰਕ ਦੇ ਰੱਖ ਰਖਾਅ ਅਤੇ ਨਵੀਨੀਕਰਨ ਦੇ ਵਿਕਾਸ ਕਾਰਜ ਜਲਦ ਕਰਵਾਏ ਜਾਣਗੇ ਅਤੇ ਜਲਦ ਅਤਿ ਆਧੁਨਿਕ ਸਹੂਲਤਾਂ ਨਾਲ ਲੈੱਸ 500 ਕਪੈਸਟੀ ਵਾਲਾ ਆਡੀਟੋਰੀਅਮ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਆਸ਼ੀਰਵਾਦ ਸਦਕਾ ਉਹ ਛੋਟਾ ਘੱਲੂਘਾਰਾ ਛੰਭ ਕਾਹਨੂੰਵਾਨ ਦੇ ਵਿਕਾਸ ਲਈ ਸੇਵਾ ਕਰ ਰਹੇ ਹਨ ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਸਿਮਰਨ ਸਿੰਘ ਢਿੱਲੋਂ ਨੇ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਗੁਰਦਾਸਪੁਰ ਦੀ ਧਰਤੀ ਯੋਧਿਆ ਤੇ ਸੰਤਾਂ ਦੀ ਧਰਤੀ ਹੈ ਤੇ ਦੇਸ਼ ਦੀ ਸੇਵਾ ਵਿਚ ਗੁਰਦਾਸਪੁਰ ਵਾਸੀਆਂ ਨੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ। ਉਨਾਂ ਕਿਹਾ ਕਿ ਜੋ ਕੌਮਾਂ ਆਪਣੇ ਇਤਿਹਾਸ ਨੂੰ ਭੁੱਲ ਜਾਂਦੀਆਂ ਹਨ, ਉਹ ਜਿੰਦਾ ਨਹੀਂ ਰਹਿੰਦੀਆਂ ਹਨ ਇਸ ਮੌਕੇ ਉਨ੍ਹਾਂ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਨ ਕਰਦਿਆਂ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀ ਸ਼ਹੀਦਾਂ ਨੂੰ ਯਾਦ ਕਰੀਏ ਤੇ ਉਨਾਂ ਦੇ ਸੰਜੋਏ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਪਣੇ ਡਿਊਟੀ ਨਿਭਾਈਏ। ਉਨਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਵਿਰਸੇ ਨਾਲ ਜੋੜਨ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਅਤੇ ਜਿਲਾ ਪ੍ਰਸ਼ਾਸਨ ਵਲੋਂ ਸ਼ਹੀਦਾਂ ਦੀ ਯਾਦ ਵਿਚ ਕਰਵਾਏ ਗਏ ਸ਼ਹੀਦੀ ਸਮਾਗਮ ਨੌਜਵਾਨ ਪੀੜ੍ਹੀ ਲਈ ਬਹੁਤ ਲਾਭਦਾਇਕ ਹਨ ਇਸ ਤੋਂ ਪਹਿਲਾਂ ਤੇਜਿੰਦਰਪਾਲ ਸਿੰਘ ਸੰਧੂ, ਜਨਰਲ ਸੈਕਟਰੀ ਜਿਲਾ ਹੈਰੀਟੇਜ ਸੁਸਾਇਟੀ ਤੇ ਸਾਬਕਾ ਏਡੀਸੀ ਗੁਰਦਾਸਪੁਰ ਨੇ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ ਤੇ ਜਿਲਾ ਹੈਰੀਟੇਜ ਸੁਸਾਇਟੀ ਵਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਸੰਖੇਪ ਵਿਚ ਜਾਣਕਾਰੀ ਦਿੱਤੀ ਇਸ ਤੋਂ ਪਹਿਲਾਂ ਸਵੇਰੇ 10 ਵਜੇ ਛੋਟਾ ਘੱਲੂਘਾਰਾ ਸਮਾਰਕ, ਕਾਹਨੂੰਵਾਨ ਛੰਭ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਜਾਵੇਗਾ, ਉਪਰੰਤ ਰਾਗੀ ਸਿੰਘਾਂ ਵਲੋਂ ਗੁਰਬਾਣੀ ਦਾ ਕੀਰਤਨ ਕੀਤਾ ਗਿਆ ਤੇ ਪ੍ਰਮੁੱਖ ਹਸਤੀਆਂ ਨੂੰ ਸਨਮਾਨਤ ਕੀਤਾ ਗਿਆ। ਜਾਵੇਗਾ। ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ

ਸੰਪਾਦਕੀ

ਦੇਸ਼ ਦੇ ਭਵਿੱਖ ਨਾਲ ਖਿਲਵਾੜ ਅਤੇ ਪ੍ਰੀਖਿਆ ਪ੍ਰਣਾਲੀ ਦਾ ਜਨਾਜ਼ਾ

ਰਾਸ਼ਟਰੀ ਪੱਧਰ 'ਤੇ ਮੈਡੀਕਲ ਪੜ੍ਹਾਈ ਲਈ ਹੋਣ ਵਾਲੀ ਨੀਟ (NEET-UG) ਪ੍ਰੀਖਿਆ ਦੇ ਪੇਪਰ ਲੀਕ ਹੋਣ ਦੀਆਂ ਖ਼ਬਰਾਂ ਨੇ ਇੱਕ ਵਾਰ ਫਿਰ ਦੇਸ਼ ਦੀ ਪੂਰੀ ਸਿੱਖਿਆ ਅਤੇ ਪ੍ਰੀਖਿਆ ਪ੍ਰਣਾਲੀ ਨੂੰ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ। ਹਾਲ ਹੀ ਵਿੱਚ ਪੁਣੇ ਦੀ ਬੋਟਨੀ ਪ੍ਰੋਫ਼ੈਸਰ ਮਨੀਸ਼ਾ ਗੁਰੂਨਾਥ ਮੰਧਾਰੇ ਅਤੇ ਲਾਤੂਰ ਦੇ ਸੇਵਾਮੁਕਤ ਕੈਮਿਸਟਰੀ ਲੈਕਚਰਾਰ ਪੀ.ਵੀ. ਕੁਲਕਰਨੀ ਦੀ ਕੇਂਦਰੀ ਜਾਂਚ ਬਿਊਰੋ (CBI) ਵੱਲੋਂ ਕੀਤੀ ਗਈ ਗ੍ਰਿਫ਼ਤਾਰੀ ਨੇ ਇਸ ਗੋਰਖਧੰਦੇ ਦਾ ਸਭ ਤੋਂ ਸ਼ਰਮਨਾਕ ਚਿਹਰਾ ਸਾਹਮਣੇ ਲਿਆਂਦਾ ਹੈ। ਇਹ ਕੋਈ ਸਾਧਾਰਨ ਅਪਰਾਧੀ ਨਹੀਂ, ਸਗੋਂ ਨੈਸ਼ਨਲ ਟੈਸਟਿੰਗ ਏਜੰਸੀ (NTA) ਵੱਲੋਂ ਪੇਪਰ ਸੈੱਟ ਕਰਨ ਅਤੇ ਅਨੁਵਾਦ ਕਰਨ ਲਈ ਨਿਯੁਕਤ ਕੀਤੇ ਗਏ 'ਵਿਸ਼ਾ-ਮਾਹਿਰ' ਸਨ। ਜਦੋਂ ਵਾੜ ਹੀ ਖੇਤ ਨੂੰ ਖਾਣ ਲੱਗ ਪਵੇ, ਤਾਂ ਫਸਲ ਦੀ ਰਾਖੀ ਦੀ ਉਮੀਦ ਕਿਸ ਤੋਂ ਕੀਤੀ ਜਾ ਸਕਦੀ ਹੈ ?

CBI ਦੀ ਜਾਂਚ ਮੁਤਾਬਕ ਇਨ੍ਹਾਂ ਮਾਹਿਰਾਂ ਕੋਲ ਪ੍ਰੀਖਿਆ ਦੇ ਸਵਾਲਾਂ ਤੱਕ ਪੂਰੀ ਪਹੁੰਚ ਸੀ, ਜਿਸ ਦਾ ਫ਼ਾਇਦਾ ਉਠਾ ਕੇ ਉਨ੍ਹਾਂ ਨੇ ਲੱਖਾਂ ਰੁਪਏ ਦੇ ਬਦਲੇ 70 ਤੋਂ 75 ਵਿਦਿਆਰਥੀਆਂ ਨੂੰ ਪੇਪਰ ਪਹਿਲਾਂ ਹੀ ਮੁਹੱਈਆ ਕਰਵਾ ਦਿੱਤਾ। ਆਪਣੇ ਘਰਾਂ ਵਿੱਚ ਗੁਪਤ ਕੋਚਿੰਗ ਕਲਾਸਾਂ ਲਗਾ ਕੇ ਵਿਦਿਆਰਥੀਆਂ ਨੂੰ ਉਹੀ ਸਵਾਲ ਰਟਾਏ ਗਏ ਜੋ ਅਸਲ ਪ੍ਰੀਖਿਆ ਵਿੱਚ ਆਉਣੇ ਸਨ। ਮਨੀਸ਼ਾ ਵਾਘਮਾਰੇ ਵਰਗੇ ਵਿਚੋਲਿਆਂ ਰਾਹੀਂ ਵਿਦਿਆਰਥੀਆਂ ਨੂੰ ਇਕੱਠਾ ਕਰਨਾ ਅਤੇ NTA ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਇਸ ਪੂਰੀ ਸਾਜ਼ਿਸ਼ ਨੂੰ ਅੰਜਾਮ ਦੇਣਾ ਇਹ ਸਾਬਤ ਕਰਦਾ ਹੈ ਕਿ ਇਹ ਭ੍ਰਿਸ਼ਟਾਚਾਰ ਦੀਆਂ ਜੜ੍ਹਾਂ ਕਿੰਨੀਆਂ ਡੂੰਘੀਆਂ ਹਨ।

ਇਸ ਪੇਪਰ ਲੀਕ ਦਾ ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਇਸ ਨਾਲ ਦੇਸ਼ ਦੇ 22 ਲੱਖ ਤੋਂ ਵੱਧ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਦੇ ਭਵਿੱਖ ਨੂੰ ਹਨੇਰੇ ਵਿੱਚ ਧੱਕ ਦਿੱਤਾ ਗਿਆ ਹੈ, ਜੋ ਦਿਨ-ਰਾਤ ਇੱਕ ਕਰਕੇ ਆਪਣੀਆਂ ਨੀਂਦਾਂ ਹਰਾਮ ਕਰਕੇ ਇਸ ਪ੍ਰੀਖਿਆ ਦੀ ਤਿਆਰੀ ਕਰਦੇ ਹਨ। ਕਈ ਗਰੀਬ ਅਤੇ ਮੱਧਮ ਵਰਗੀ ਪਰਿਵਾਰ ਆਪਣੇ ਬੱਚਿਆਂ ਨੂੰ ਡਾਕਟਰ ਬਣਾਉਣ ਲਈ ਜ਼ਮੀਨਾਂ-ਗਹਿਣੇ ਤੱਕ ਗਿਰਵੀ ਰੱਖ ਕੇ ਕੋਚਿੰਗ ਦੀਆਂ ਫੀਸਾਂ ਭਰਦੇ ਹਨ। ਜਦੋਂ ਅਜਿਹੀਆਂ ਪ੍ਰੀਖਿਆਵਾਂ ਰੱਦ ਹੁੰਦੀਆਂ ਹਨ ਜਾਂ ਉਨ੍ਹਾਂ ਵਿੱਚ ਧਾਂਦਲੀ ਹੁੰਦੀ ਹੈ ਤਾਂ ਸਿਰਫ਼ ਇੱਕ ਪੇਪਰ ਲੀਕ ਨਹੀਂ ਹੁੰਦਾ, ਸਗੋਂ ਲੱਖਾਂ ਨੌਜਵਾਨਾਂ ਦੇ ਸੁਪਨੇ, ਉਮੀਦਾਂ ਅਤੇ ਦੇਸ਼ ਦੇ ਸਿਸਟਮ 'ਤੇ ਭਰੋਸਾ ਟੁੱਟ ਜਾਂਦਾ ਹੈ।

ਇਸ ਪੂਰੇ ਘਟਨਾਕ੍ਰਮ ਨੇ NTA ਦੀ ਭਰੋਸੇਯੋਗਤਾ 'ਤੇ ਵੱਡਾ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। NTA ਵਰਗੀ ਵੱਕਾਰੀ ਸੰਸਥਾ, ਜਿਸ ਦੀ ਜ਼ਿੰਮੇਵਾਰੀ ਦੇਸ਼ ਦੀਆਂ ਸਭ ਤੋਂ ਵੱਡੀਆਂ ਪ੍ਰੀਖਿਆਵਾਂ ਨੂੰ ਪਾਰਦਰਸ਼ੀ ਤਰੀਕੇ ਨਾਲ ਕਰਵਾਉਣ ਦੀ ਹੈ, ਉਹ ਪੇਪਰ ਸੈੱਟ ਕਰਨ ਵਾਲਿਆਂ ਦੀ ਪਛਾਣ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀ ਹੈ। ਹਾਲਾਂਕਿ ਹੁਣ NTA ਕਈ ਸ਼ੱਕੀ ਅਧਿਕਾਰੀਆਂ ਅਤੇ ਪੇਪਰ ਸੈੱਟਰਾਂ ਦੀ ਸੂਚੀ CBI ਨੂੰ ਸੌਂਪ ਰਹੀ ਹੈ ਅਤੇ ਪ੍ਰੀਖਿਆ ਪ੍ਰਣਾਲੀ ਵਿੱਚ ਬਦਲਾਅ ਦੀ ਗੱਲ ਕਰ ਰਹੀ ਹੈ, ਪਰ ਇਹ ਕਦਮ 'ਚਿੜੀਆ ਚੁਗ ਗਈ ਖੇਤ' ਵਰਗਾ ਹੈ। ਸਰਕਾਰ ਅਤੇ ਜਾਂਚ ਏਜੰਸੀਆਂ ਨੂੰ ਹੁਣ ਸਿਰਫ਼ ਇਨ੍ਹਾਂ ਦੋ-ਚਾਰ ਮੁਲਜ਼ਮਾਂ ਨੂੰ ਫੜ ਕੇ ਮਾਮਲਾ ਠੰਢੇ ਬਸਤੇ ਵਿੱਚ ਨਹੀਂ ਪਾਉਣਾ ਚਾਹੀਦਾ। ਜਦੋਂ ਤੱਕ ਇਸ ਪੂਰੇ ਰੈਕੇਟ ਦੇ ਮੁੱਖ ਸਰਗਨਾਵਾਂ, ਭ੍ਰਿਸ਼ਟ ਅਧਿਕਾਰੀਆਂ ਅਤੇ ਪੈਸੇ ਦੇ ਜ਼ੋਰ 'ਤੇ ਪੇਪਰ ਖਰੀਦਣ ਵਾਲੇ ਮਾਪਿਆਂ ਖ਼ਿਲਾਫ਼ ਮਿਸਾਲੀ ਅਤੇ ਸਖ਼ਤ ਕਾਰਵਾਈ ਨਹੀਂ ਹੁੰਦੀ, ਉਦੋਂ ਤੱਕ ਅਜਿਹੇ ਅਪਰਾਧਾਂ ਨੂੰ ਨੱਥ ਪਾਉਣੀ ਅਸੰਭਵ ਹੈ। ਪ੍ਰੀਖਿਆਵਾਂ ਵਿੱਚ ਤਕਨਾਲੋਜੀ ਦਾ ਸਹੀ ਇਸਤੇਮਾਲ ਅਤੇ ਸਖ਼ਤ ਕਾਨੂੰਨ ਬਣਾਉਣੇ ਲਾਜ਼ਮੀ ਹੋ ਗਏ ਹਨ। ਜੇਕਰ ਹੁਣ ਵੀ ਦੇਸ਼ ਦੀ ਪ੍ਰੀਖਿਆ ਪ੍ਰਣਾਲੀ ਨੂੰ ਸਵੱਛ ਅਤੇ ਅਪਰਾਧ-ਮੁਕਤ ਨਾ ਕੀਤਾ ਗਿਆ, ਤਾਂ ਯੋਗਤਾ ਦੀ ਜਗ੍ਹਾ ਸਿਰਫ਼ ਪੈਸਾ ਬੋਲੇਗਾ, ਜੋ ਕਿਸੇ ਵੀ ਲੋਕਤੰਤਰ ਅਤੇ ਦੇਸ਼ ਦੇ ਵਿਕਾਸ ਲਈ ਸਭ ਤੋਂ ਵੱਡਾ ਖ਼ਤਰਾ ਹੈ।

-ਜਗਜੀਤ ਸਿੰਘ ਦਰਦੀ

ਸ੍ਰੀ ਦਮਦਮਾ ਸਾਹਿਬ ਤੋਂ ਉਠਿਆ ਨਵਾਂ ਸੰਦੇਸ਼, ਪੰਥ ਦੀ ਆਵਾਜ਼ ਬਨਾਮ ਸਰਕਾਰੀ ਟਕਰਾਅ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

17 ਮਈ ਦੀ ਵੱਡੀ ਪੰਥਕ ਇਕੱਤਰਤਾ ਜੋ ਸ੍ਰੀ ਦਮਦਮਾ ਸਾਹਿਬ ਤਖ਼ਤ ਸਾਹਿਬ 'ਤੇ ਹੋਈ, ਉਸ ਵਿੱਚ ਗਿਆਨੀ ਗੜ੍ਹਗੱਜ ਜੀ ਜਥੇਦਾਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਨੇ ਸਿੱਖ ਪੰਥ ਅਤੇ ਸਰਕਾਰ ਨੂੰ ਸਿੱਧੇ ਸੰਦੇਸ਼ ਦਿੱਤੇ ਹਨ ਕਿ ਪੰਥ ਕਦੀ ਵੀ ਸਰਕਾਰਾਂ ਦੁਆਰਾ ਬਣਾਇਆ ਗਿਆ ਕਾਨੂੰਨਾਂ ਵਿੱਚ ਨਹੀਂ ਚੱਲੇਗਾ। ਉਹ ਸਿੱਖ ਪੰਥ ਦੀਆਂ ਪੁਰਾਤਨ ਰਵਾਇਤਾਂ ਮੁਤਾਬਕ ਰਹੇਗਾ, ਇਥੇ ਉਹਨਾਂ ਨੇ ਪੁਰਾਣੇ ਇਤਿਹਾਸ ਦਾ ਵੀ ਜ਼ਿਕਰ ਕੀਤਾ, ਜਿਸ 'ਚੋਂ ਪੰਥ ਸਦਾ ਆਪਣੀ ਮਰਿਆਦਾ ਤੇ ਅਸੂਲਾਂ ਦੇ ਸਿਰ 'ਤੇ ਅੱਜ ਤੱਕ ਚੱਲ ਰਿਹਾ ਹੈ ਤੇ ਚਲਦਾ ਰਹੇਗਾ। ਇਹ ਜਾਣਨਾ ਹੋਵੇਗਾ ਕਿ ਪੰਜਾਬ ਦੀ ਧਰਤੀ ਸਿਰਫ਼ ਇੱਕ ਭੂਗੋਲ ਨਹੀਂ, ਇਹ ਇੱਕ ਆਤਮਿਕ ਇਤਿਹਾਸ ਹੈ। ਇੱਥੇ ਜਦੋਂ ਵੀ ਕਿਸੇ ਤਖ਼ਤ ਤੋਂ ਕੋਈ ਸ਼ਬਦ ਉਚਾਰਿਆ ਜਾਂਦਾ ਹੈ, ਉਹ ਸਿਰਫ਼ ਰਾਜਨੀਤਿਕ ਬਿਆਨ ਨਹੀਂ ਰਹਿੰਦਾ, ਉਹ ਲੱਖਾਂ ਦਿਲਾਂ ਦੀ ਧੜਕਣ ਬਣ ਜਾਂਦਾ ਹੈ। 17 ਮਈ ਨੂੰ ਦਮਦਮਾ ਸਾਹਿਬ ਵਿੱਚ ਪੰਜਵੇਂ ਤਖ਼ਤ ਦੀ ਪਵਿੱਤਰ ਹਜ਼ੂਰੀ ਵਿੱਚ ਜਦੋਂ ਅਕਾਲ ਤਖ਼ਤ ਦੇ ਪ੍ਰਮੁੱਖ ਜਥੇਦਾਰ ਨੇ ਇਹ ਕਿਹਾ ਕਿ ਪੰਥ ਕਦੇ ਵੀ ਸਰਕਾਰਾਂ ਤੋਂ ਸੰਚਾਲਤ ਨਹੀਂ ਹੋ ਸਕਦਾ ਤਾਂ ਇਹ ਸਿਰਫ਼ ਇੱਕ ਵਾਕ ਨਹੀਂ ਹੈ, ਇਹ ਪੂਰੇ ਸਿੱਖ ਇਤਿਹਾਸ ਦੀ ਰੂਹ ਦੀ ਪੁਕਾਰ ਹੈ। ਇਹ ਪੁਕਾਰ ਉਸ ਦਰਦ ਵਿਚੋਂ ਨਿਕਲੀ ਹੈ, ਜਿਸ ਵਿੱਚ ਸਿੱਖ ਪੰਥ ਪਿਛਲੇ ਕਈ ਸਾਲਾਂ ਤੋਂ ਲੰਘ ਰਿਹਾ ਹੈ। ਬੇਅਦਬੀ ਦੀਆਂ ਘਟਨਾਵਾਂ, ਉਨ੍ਹਾਂ ਉੱਤੇ ਬਣਦੇ ਕਾਨੂੰਨ, ਧਾਰਮਿਕ ਮਰਿਆਦਾਵਾਂ ਵਿੱਚ ਦਖ਼ਲਅੰਦਾਜ਼ੀ ਦੇ ਇਲਜ਼ਾਮ ਅਤੇ ਸਰਕਾਰਾਂ ਵੱਲੋਂ ਪੰਥਕ ਸੰਸਥਾਵਾਂ ਨੂੰ ਪ੍ਰਭਾਵਿਤ ਕਰਨ ਦੀਆਂ ਚਰਚਾਵਾਂ—ਇਹ ਸਾਰਾ ਮਾਹੌਲ ਪੰਜਾਬ ਦੀ ਆਤਮਾ ਨੂੰ ਬੇਚੈਨ ਕਰ ਰਿਹਾ ਹੈ। ਸਵਾਲ ਹੁਣ ਸਿਰਫ਼ ਇਹ ਨਹੀਂ ਕਿ ਕੌਣ ਸਹੀ ਹੈ ਤੇ ਕੌਣ ਗਲਤ ਹੈ, ਸਵਾਲ ਇਹ ਹੈ ਕਿ ਕੀ ਸਿੱਖ ਪੰਥ ਦੀ ਅਜ਼ਾਦੀ ਅਤੇ ਆਤਮਿਕ ਸਰਵਭੌਮਤਾ ਨੂੰ ਕੋਈ ਨਵੀਂ ਚੁਣੌਤੀ ਮਿਲ ਰਹੀ ਹੈ ? ਇਹ ਪੰਥ ਅਤੇ ਸਰਕਾਰ ਵਿੱਚ ਇਤਿਹਾਸਕ ਟਕਰਾਅ ਦੀ ਲੰਮੀ ਕਹਾਣੀ ਹੈ। ਸਿੱਖ ਇਤਿਹਾਸ ਵਿੱਚ ਪੰਥ ਕਦੇ ਵੀ ਸਿਰਫ਼ ਧਾਰਮਿਕ ਇਕਾਈ ਨਹੀਂ ਰਿਹਾ। ਇਹ ਇੱਕ ਜੀਵੰਤ ਲੋਕ-ਚੇਤਨਾ ਰਿਹਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸੇ ਨੂੰ ਜਨਮ ਦੇ ਕੇ ਉਸਨੂੰ ਸਿਰਫ਼ ਆਤਮਿਕ ਨਹੀਂ, ਸਿਆਸੀ ਆਜ਼ਾਦੀ ਦੀ ਵੀ ਸੂਝ ਦਿੱਤੀ ਸੀ। ਰਾਜ ਕਰੇਗਾ ਖਾਲਸਾ ਦਾ ਅਰਥ ਕਿਸੇ ਹਕੂਮਤ ਦੀ ਲਾਲਸਾ ਨਹੀਂ ਸੀ, ਬਲਕਿ ਮਨੁੱਖੀ ਅਜ਼ਾਦੀ ਅਤੇ ਆਤਮ-ਗੌਰਵ ਦੀ ਘੋਸ਼ਣਾ ਸੀ। ਇਸੇ ਲਈ ਸਿੱਖ ਪੰਥ ਨੇ ਹਮੇਸ਼ਾ ਰਾਜਸੱਤਾ ਨਾਲ ਇੱਕ ਦੂਰੀ ਰੱਖੀ। ਮੁਗਲਾਂ ਦੇ ਸਮੇਂ ਤੋਂ ਲੈ ਕੇ ਅੰਗਰੇਜ਼ੀ ਰਾਜ ਅਤੇ ਫਿਰ ਆਜ਼ਾਦ ਭਾਰਤ ਤੱਕ, ਜਦੋਂ ਵੀ ਧਾਰਮਿਕ ਸੰਸਥਾਵਾਂ ਨੂੰ ਸਰਕਾਰੀ ਪ੍ਰਭਾਵ ਹੇਠ ਲਿਆਉਣ ਦੀ ਕੋਸ਼ਿਸ਼ ਹੋਈ, ਸਿੱਖ ਮਨ ਨੇ ਉਸਦਾ ਵਿਰੋਧ ਕੀਤਾ ਹੈ। ਅੱਜ ਦਾ ਵਿਵਾਦ ਵੀ ਉਸੇ ਇਤਿਹਾਸਕ ਸੰਵੇਦਨਾ ਦਾ ਹਿੱਸਾ ਬਣਦਾ ਜਾ ਰਿਹਾ ਹੈ। ਬੇਅਦਬੀ ਵਿਰੁੱਧ ਕਾਨੂੰਨ ਬਣਾਉਣਾ ਇੱਕ ਸੰਵੇਦਨਸ਼ੀਲ ਮਾਮਲਾ ਹੈ। ਕੋਈ ਵੀ ਸੰਵੇਦਨਸ਼ੀਲ ਮਨ ਇਹ ਨਹੀਂ ਚਾਹੁੰਦਾ ਕਿ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਹੋਵੇ ਪਰ ਸਵਾਲ ਇਹ ਖੜ੍ਹਾ ਹੋ ਰਿਹਾ ਹੈ ਕਿ ਕੀ ਇਹ ਕਾਨੂੰਨ ਪੰਥਕ ਸਲਾਹ-ਮਸ਼ਵਰੇ ਨਾਲ ਬਣ ਰਹੇ ਹਨ ਜਾਂ ਸਿਰਫ਼ ਰਾਜਨੀਤਿਕ ਦਬਾਅ ਅਤੇ ਵੋਟ-ਬੈਂਕ ਦੀ ਮਨੋਵਿਰਤੀ ਹੇਠ ? ਅੱਜ ਜਦੋਂ ਜਥੇਦਾਰ ਵੱਲੋਂ ਇਹ ਕਿਹਾ ਜਾਂਦਾ ਹੈ ਕਿ ਘੜੀ ਗਈ ਮਰਿਆਦਾ ਪੰਥ ਨੂੰ ਨਵਾਂ ਰਸਤਾ ਨਹੀਂ ਦੇ ਸਕਦੀ, ਤਾਂ ਇਸਦੇ ਅੰਦਰ ਇੱਕ ਡੂੰਘੀ ਚਿੰਤਾ ਹੈ ਤੇ ਇਹ ਚਿੰਤਾ ਹੈ ਕਿ ਕਿਤੇ ਰਾਜਨੀਤੀ ਧਰਮ ਦੀ ਰੂਹ ਨੂੰ ਆਪਣੀ ਜ਼ਰੂਰਤ ਅਨੁਸਾਰ ਮੋੜਨ ਦੀ ਕੋਸ਼ਿਸ਼ ਤਾਂ ਨਹੀਂ ਕਰ ਰਹੀ। ਅੱਜ ਬੇਅਦਬੀ ਸਿਰਫ਼ ਕਾਨੂੰਨੀ ਨਹੀਂ, ਆਤਮਿਕ ਘਾਅ ਵੀ ਹੈ। ਪੰਜਾਬ ਵਿੱਚ ਪਿਛਲੇ ਦਹਾਕੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਨੇ ਸਿੱਖ ਮਨ ਨੂੰ ਅੰਦਰੋਂ ਹਿਲਾ ਦਿੱਤਾ ਹੈ। ਹਰ ਘਟਨਾ ਨੇ ਇਹ ਮਹਿਸੂਸ ਕਰਵਾਇਆ ਕਿ ਸਿਰਫ਼ ਕਾਨੂੰਨ ਕਾਫ਼ੀ ਨਹੀਂ; ਇਸ ਨਾਲ ਜੁੜੀ ਨਿਆਂ ਪ੍ਰਕਿਰਿਆ, ਭਰੋਸਾ ਅਤੇ ਪਾਰਦਰਸ਼ਤਾ ਵੀ ਉਤਨੀ ਹੀ ਜ਼ਰੂਰੀ ਹੈ।ਅੱਜ ਸਿੱਖ ਪੰਥ ਲਈ ਗੁਰੂ ਗ੍ਰੰਥ ਸਾਹਿਬ ਜੀ ਸਿਰਫ਼ ਗ੍ਰੰਥ ਨਹੀਂ, ਜੀਵੰਤ ਗੁਰੂ ਹਨ। ਇਸ ਲਈ ਬੇਅਦਬੀ ਦੀ ਹਰ ਘਟਨਾ ਨੂੰ ਸਿੱਖ ਸਮਾਜ ਸਿਰਫ਼ ਇੱਕ ਅਪਰਾਧ ਨਹੀਂ, ਆਤਮਿਕ ਕਤਲ ਵਾਂਗ ਮਹਿਸੂਸ ਕਰਦਾ ਹੈ ਪਰ ਦੁੱਖ ਇੱਥੇ ਹੋਰ ਡੂੰਘਾ ਹੋ ਜਾਂਦਾ ਹੈ ਜਦੋਂ ਇਸ ਮਸਲੇ ਨੂੰ ਰਾਜਨੀਤਿਕ ਮੰਚਾਂ ਉੱਤੇ ਵਰਤਿਆ ਜਾਂਦਾ ਹੈ। ਇੱਕ ਪਾਸੇ ਸਰਕਾਰਾਂ ਕਾਨੂੰਨਾਂ ਦੀ ਗੱਲ ਕਰਦੀਆਂ ਹਨ, ਦੂਜੇ ਪਾਸੇ ਪੰਥਕ ਧਿਰਾਂ ਇਹ ਸਵਾਲ ਪੁੱਛਦੀਆਂ ਹਨ ਕਿ ਜਿਨ੍ਹਾਂ ਘਟਨਾਵਾਂ ਦੇ ਦੋਸ਼ੀ ਅਜੇ ਤੱਕ ਸਜ਼ਾ ਤੋਂ ਬਚੇ ਹੋਏ ਹਨ, ਉੱਥੇ ਨਵੇਂ ਕਾਨੂੰਨਾਂ ਦੀ ਭਰੋਸੇਯੋਗਤਾ ਕਿਵੇਂ ਬਣੇਗੀ ? ਇਹੀ ਕਾਰਨ ਹੈ ਕਿ ਅੱਜ ਪੰਜਾਬ ਵਿੱਚ ਕਾਨੂੰਨ ਅਤੇ ਪੰਥਕ ਵਿਸ਼ਵਾਸ ਵਿਚਕਾਰ ਇੱਕ ਖਾਮੋਸ਼ ਟਕਰਾਅ ਜਨਮ ਲੈ ਰਿਹਾ ਹੈ। ਅੱਜ ਸ਼੍ਰੋਮਣੀ ਕਮੇਟੀ ਅਤੇ ਪੰਥਕ ਅਧਿਕਾਰ ਦੀ ਲੜਾਈ ਵਿੱਚ ਸਿਰਫ਼ ਇੱਕ ਪ੍ਰਬੰਧਕੀ ਸੰਸਥਾ ਨਹੀਂ, ਸਿੱਖ ਕੌਮ ਦੀ ਇਤਿਹਾਸਕ ਨੁਮਾਇੰਦਗੀ ਦਾ ਪ੍ਰਤੀਕ ਰਹੀ ਹੈ। ਜਦੋਂ ਵੀ ਸਰਕਾਰਾਂ ਅਤੇ ਪੰਥਕ ਸੰਸਥਾਵਾਂ ਵਿਚਕਾਰ ਦੂਰੀ ਵਧਦੀ ਹੈ, ਸਭ ਤੋਂ ਵੱਧ ਦਬਾਅ ਇਸ ਸੰਸਥਾ ਉੱਤੇ ਆ ਜਾਂਦਾ ਹੈ। ਅੱਜ ਵੀ ਉਹੀ ਦ੍ਰਿਸ਼ ਹੈ। ਪੰਥਕ ਜਥੇਬੰਦੀਆਂ ਅਤੇ ਤਖ਼ਤਾਂ ਤੋਂ ਉੱਠ ਰਹੀ ਆਵਾਜ਼ ਇਹ ਦਰਸਾ ਰਹੀ ਹੈ ਕਿ ਸਿੱਖ ਸੰਸਥਾਵਾਂ ਆਪਣੀ ਆਤਮਿਕ ਖੁਦਮੁਖਤਿਆਰੀ ਨੂੰ ਲੈ ਕੇ ਚਿੰਤਤ ਹਨ। ਮੁੱਖ ਮੰਤਰੀ ਅਤੇ ਸਰਕਾਰ ਦਾ ਆਪਣੇ ਮੌਕਫ਼ ਉੱਤੇ ਅੜੇ ਰਹਿਣਾ ਇਸ ਟਕਰਾਅ ਨੂੰ ਹੋਰ ਵਧਾ ਸਕਦਾ ਹੈ। ਅੱਜ ਇੱਥੇ ਖ਼ਤਰਾ ਸਿਰਫ਼ ਇੱਕ ਕਾਨੂੰਨੀ ਜਾਂ ਪ੍ਰਸ਼ਾਸਕੀ ਵਿਵਾਦ ਦਾ ਨਹੀਂ। ਖ਼ਤਰਾ ਇਹ ਹੈ ਕਿ ਪੰਜਾਬ ਦਾ ਸਮਾਜਕ ਸੰਤੁਲਨ ਪ੍ਰਭਾਵਿਤ ਹੋ ਸਕਦਾ ਹੈ। ਪੰਜਾਬ ਪਹਿਲਾਂ ਹੀ ਨਸ਼ਿਆਂ, ਬੇਰੁਜ਼ਗਾਰੀ, ਪ੍ਰਵਾਸ, ਖੇਤੀ ਸੰਕਟ ਅਤੇ ਨੌਜਵਾਨਾਂ ਦੀ ਨਿਰਾਸ਼ਾ ਨਾਲ ਜੂਝ ਰਿਹਾ ਹੈ। ਅਜਿਹੇ ਵਿੱਚ ਜੇ ਧਾਰਮਿਕ ਅਤੇ ਰਾਜਨੀਤਿਕ ਟਕਰਾਅ ਹੋਰ ਗਹਿਰਾ ਹੁੰਦਾ ਹੈ, ਤਾਂ ਇਸਦਾ ਅਸਰ ਸਿਰਫ਼ ਗੁਰਦੁਆਰਿਆਂ ਤੱਕ ਸੀਮਿਤ ਨਹੀਂ ਰਹੇਗਾ; ਇਹ ਸਮਾਜਕ ਮਨੋਵਿਗਿਆਨ ਨੂੰ ਵੀ ਪ੍ਰਭਾਵਿਤ ਕਰੇਗਾ। ਅੱਜ ਵੀ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਪੰਥ ਤੋਂ ਬਿਨਾਂ ਅਧੂਰੀ ਹੈ। ਅੱਜ ਵੀ ਪੰਜਾਬ ਦੀ ਰਾਜਨੀਤੀ ਨੂੰ ਪੰਥ ਤੋਂ ਵੱਖ ਕਰਕੇ ਕਦੇ ਵੀ ਨਹੀਂ ਦੇਖਿਆ ਜਾ ਸਕਦਾ। ਇੱਥੇ ਚੋਣਾਂ ਸਿਰਫ਼ ਵਿਕਾਸ ਜਾਂ ਸੜਕਾਂ ਉੱਤੇ ਨਹੀਂ ਲੜੀਆਂ ਜਾਂਦੀਆਂ; ਇੱਥੇ ਆਤਮਿਕ ਅਤੇ ਭਾਵਨਾਤਮਕ ਮੁੱਦੇ ਵੀ ਲੋਕਾਂ ਦੇ ਮਨਾਂ ਨੂੰ ਪ੍ਰਭਾਵਿਤ ਕਰਦੇ ਹਨ। ਇਸੇ ਲਈ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਪ੍ਰਸੰਗ ਵਿੱਚ ਇਸ ਟਕਰਾਅ ਨੂੰ ਗੰਭੀਰਤਾ ਨਾਲ ਦੇਖਿਆ ਜਾ ਰਿਹਾ ਹੈ। ਵੱਖ-ਵੱਖ ਰਾਜਨੀਤਿਕ ਧਿਰਾਂ ਇਸ ਮਸਲੇ ਨੂੰ ਆਪਣੇ-ਆਪਣੇ ਤਰੀਕੇ ਨਾਲ ਪੇਸ਼ ਕਰਨਗੀਆਂ। ਕੋਈ ਆਪਣੇ ਆਪ ਨੂੰ ਪੰਥ ਦਾ ਰਖਵਾਲਾ ਦੱਸੇਗਾ, ਕੋਈ ਕਾਨੂੰਨ ਅਤੇ ਵਿਵਸਥਾ ਦਾ ਹਮਾਇਤੀ ਬਣੇਗਾ ਪਰ ਅਸਲ ਸਵਾਲ ਇਹ ਹੈ ਕਿ ਕੀ ਪੰਜਾਬ ਦੀ ਜਨਤਾ ਹੁਣ ਵੀ ਪੁਰਾਣੀਆਂ ਭਾਵਨਾਤਮਕ ਰਾਜਨੀਤਿਕ ਲਕੀਰਾਂ ਵਿੱਚ ਬੱਝੀ ਰਹੇਗੀ ਜਾਂ ਉਹ ਕੋਈ ਨਵਾਂ ਰਸਤਾ ਲੱਭੇਗੀ ? ਅੱਜ ਦਾ ਪੰਜਾਬ ਬਦਲ ਰਿਹਾ ਹੈ। ਨੌਜਵਾਨ ਸੋਸ਼ਲ ਮੀਡੀਆ ਰਾਹੀਂ ਦੁਨੀਆਂ ਨਾਲ ਜੁੜਿਆ ਹੋਇਆ ਹੈ। ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਵੀ ਹਰ ਪੰਥਕ ਅਤੇ ਰਾਜਨੀਤਿਕ ਘਟਨਾ ਉੱਤੇ ਆਪਣੀ ਰਾਏ ਰੱਖਦਾ ਹੈ। ਇਸ ਲਈ ਹੁਣ ਕੋਈ ਵੀ ਟਕਰਾਅ ਸਿਰਫ਼ ਪੰਜਾਬ ਦੀ ਸੀਮਾ ਤੱਕ ਸੀਮਿਤ ਨਹੀਂ ਰਹਿੰਦਾ। ਅੱਜ ਵਿਦੇਸ਼ੀ ਪੰਜਾਬੀ ਅਤੇ ਪੰਥਕ ਮਨੋਵਿਗਿਆਨ ਅਲੱਗ ਹੈ। ਅੱਜ ਦੁਨੀਆ ਭਰ ਵਿੱਚ ਵੱਸਦੇ ਕਰੋੜਾਂ ਪੰਜਾਬੀਆਂ ਲਈ ਸਿੱਖ ਪੰਥ ਸਿਰਫ਼ ਧਰਮ ਨਹੀਂ, ਪਹਿਚਾਣ ਦਾ ਕੇਂਦਰ ਹੈ। ਕੈਨੇਡਾ, ਬ੍ਰਿਟੇਨ, ਅਮਰੀਕਾ, ਆਸਟ੍ਰੇਲੀਆ ਅਤੇ ਯੂਰਪ ਵਿੱਚ ਵੱਸਦੇ ਪੰਜਾਬੀ ਹਰ ਪੰਥਕ ਘਟਨ

'ਆਪ' ਉਮੀਦਵਾਰ ਸ਼ਾਹ ਉਦੇ ਸਿੰਘ ਮਜੀਠਾ ਨੇ ਵਾਰਡ ਨੰਬਰ 6 ਵਿੱਚ ਚੋਣ ਪ੍ਰਚਾਰ ਮੁਹਿੰਮ ਕੀਤੀ ਸ਼ੁਰੂ

ਮਜੀਠਾ, 17 ਮਈ (ਅਸ਼ਵਨੀ ਨਈਅਰ) – ਨਗਰ ਕੌਂਸਲ ਮਜੀਠਾ ਦੀਆਂ ਚੋਣਾਂ ਲਈ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਬਾਅਦ ਚੋਣ ਪ੍ਰਚਾਰ ਦੀ ਗਤੀ ਤੇਜ਼ ਹੋ ਗਈ ਹੈ। ਇਸ ਲੜੀ ਵਿਚ ਵਾਰਡ ਨੰਬਰ 6 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼ਾਹ ਉਦੇ ਸਿੰਘ ਮਜੀਠਾ ਨੇ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਵੋਟਰਾਂ ਨਾਲ ਘਰ-ਘਰ ਜਾ ਕੇ ਸਿੱਧਾ ਸੰਪਰਕ ਸਥਾਪਤ ਕਰਕੇ ਉਨ੍ਹਾਂ ਤੋਂ ਵੋਟਾਂ ਦੀ ਮੰਗ ਸ਼ੁਰੂ ਕਰ ਦਿੱਤੀ ਹੈ। ਸ਼ਾਹ ਉਦੇ ਸਿੰਘ ਮਜੀਠਾ ਨੇ ਇਸ ਮੌਕੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਮਜੀਠਾ ਵਿਚ ਵਿਕਾਸ ਦੀ ਨਵੀਂ ਲਹਿਰ ਆਈ ਹੈ। ਰਵਾਇਤੀ ਪਾਰਟੀਆਂ ਤੋਂ ਨੂੰ ਛੱਡ ਕੇ ਹੁਣ ਉਹ ਆਪਣੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਆਮ ਆਦਮੀ ਪਾਰਟੀ ਵੱਲ ਆ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਸ ਵਾਰ ਉਹ ਆਪਣੇ ਵਿਰੋਧੀ ਉਮੀਦਵਾਰਾਂ ਨੂੰ ਭਾਰੀ ਫਰਕ ਨਾਲ ਹਰਾ ਕੇ ਜਿੱਤ ਪ੍ਰਾਪਤ ਕਰਨਗੇ। ਉਮੀਦਵਾਰ ਨੇ ਲੋਕਾਂ ਨੂੰ ਯਾਦ ਕਰਵਾਇਆ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਮਜੀਠਾ ਵਿਚ ਵਿਕਾਸ ਕਾਰਜ ਲਗਭਗ ਠੱਪ ਪਏ ਹੋਏ ਸਨ। ਸੜਕਾਂ ਖਰਾਬ, ਗਲੀਆਂ ਵਿਚ ਪਾਣੀ ਭਰਿਆ ਰਹਿੰਦਾ ਅਤੇ ਬੁਨਿਆਦੀ ਲੋੜਾਂ ਵੀ ਪੂਰੀਆਂ ਨਹੀਂ ਹੋ ਰਹੀਆਂ ਸਨ। ਪਰ ਆਪ ਸਰਕਾਰ ਆਉਣ ਤੋਂ ਬਾਅਦ ਸਥਿਤੀ ਬਦਲ ਗਈ ਹੈ। ਕਸਬੇ ਵਿਚ ਨਵੀਆਂ ਸੜਕਾਂ ਬਣਾਈਆਂ ਗਈਆਂ ਹਨ, ਗਲੀਆਂ ਨੂੰ ਪੱਕਾ ਕੀਤਾ ਗਿਆ ਹੈ, ਲਾਇਟਾ ਲਗਾਈਆਂ ਗਈਆਂ ਹਨ ਅਤੇ ਸਾਫ਼-ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵੀ ਠੋਸ ਉਪਰਾਲੇ ਕੀਤੇ ਗਏ ਹਨ। ਇਸ ਤੋਂ ਇਲਾਵਾ ਹੋਰ ਬੁਨਿਆਦੀ ਢਾਂਚਾਗਤ ਵਿਕਾਸ ਤਬਦੀਲੀਆਂ ਵੀ ਕੀਤੀਆਂ ਗਈਆਂ ਹਨ। ਸ਼ਾਹ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਨ੍ਹਾ ਵਿਕਾਸ ਕਾਰਜਾਂ ਨੂੰ ਦੇਖਦਿਆਂ ਲੋਕ ਇਸ ਵਾਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਰਪੂਰ ਲੋਕ-ਸਮਰਥਨ ਦੇਣਗੇ ਅਤੇ ਇੱਕਜੁੱਟਤਾ ਨਾਲ ਜਿੱਤ ਦਿਵਾਉਣਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਸਬੇ ਵਿਚ ਵਿਕਾਸ ਅਤੇ ਤਰੱਕੀ ਲਈ ਆਪ ਉਮੀਦਵਾਰ ਨੂੰ ਵੋਟਾ ਪਾ ਅਕੇ ਜਿਤਾਉਣ। ਇਸ ਪ੍ਰਚਾਰ ਮੁਹਿੰਮ ਵਿਚ ਸ਼ਾਹ ਉਦੇ ਸਿੰਘ ਮਜੀਠਾ ਨਾਲ ਉਨ੍ਹਾਂ ਦੇ ਪਰਿਵਾਰ ਅਤੇ ਸਮਰਥਕ ਵੀ ਮੌਜੂਦ ਸਨ। ਇਸ ਵਿਚ ਸਤਿੰਦਰ ਸਿੰਘ ਸ਼ਾਹ, ਸੁਖਵਿੰਦਰ ਕੌਰ, ਹਰਭੁਪਿੰਦਰ ਸਿੰਘ ਸ਼ਾਹ, ਨਵਕਿਰਨ ਕੌਰ, ਬੀਬੀ ਕਮਲ ਮਜੀਠਾ, ਮਨਜੀਤ ਕੌਰ, ਆਰਤੀ, ਅਸਦੀਪ ਕੌਰ, ਵਿਸ਼ਵਜੀਤ ਸਿੰਘ ਸ਼ਾਹ, ਚਰਨਜੀਤ ਕੌਰ, ਸੋਨੂੰ ਅਤੇ ਨਵਨੀਤ ਕੌਰ ਨੀਤੂ ਆਦਿ ਸ਼ਾਮਲ ਸਨ।

ਫੀਲਡ ਜਰਨਲਿਸਟ ਵੈਲਫ਼ੇਅਰ ਐਸੋਸੀਏਸ਼ਨ ਦਾ ਗਠਨ

ਬੰਟੀ ਬਣੇ ਸਰਬ ਸੰਮਤੀ ਨਾਲ ਪੰਜਾਬ ਪ੍ਰਧਾਨ

ਤਰਨ ਤਾਰਨ 17 ਮਈ (ਗੁਰਵਿੰਦਰ ਸਿੰਘ) ਅੱਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸਰਾ ਵਿਖੇ ਇੱਕ ਹੰਗਾਮੀ ਮੀਟਿੰਗ ਕੀਤੀ ਗਈ ਜਿਸ ਵਿੱਚ ਜ਼ਿਲ੍ਹੇ ਭਰ ਤੋਂ ਪੱਤਰਕਾਰਾਂ ਨੇ ਸ਼ਮੂਲੀਅਤ ਕੀਤੀ ਇਸ ਮੌਕੇ ਤੇ ਜਿਲੇ ਭਰ ਤੋਂ ਆਏ ਪੱਤਰਕਾਰਾਂ ਦੀ ਹਾਜ਼ਰੀ ਵਿੱਚ ਫੀਲਡ ਜਰਨਲਿਸਟ ਵੈਲਫੇਅਰ ਐਸੋਸੀਏਸ਼ਨ ਇਕਾਈ ਦਾ ਗਠਨ ਕੀਤਾ ਗਿਆ ਜਿਸ ਵਿੱਚ ਸਰਬ ਸੰਮਤੀ ਨਾਲ ਪੁਸ਼ਪਿੰਦਰ ਸਿੰਘ ਬੰਟੀ ਨੂੰ ਪੰਜਾਬ ਪ੍ਰਧਾਨ ਲਗਾਇਆ ਅਤੇ ਹੋਰ ਅਹੁਦੇਦਾਰਾਂ ਦੀਆ ਨਿਯੁਕਤੀਆਂ ਕੀਤੀ ਗਈਆਂ ਜਿਸ ਵਿੱਚ ਜਸਵਿੰਦਰ ਸਿੰਘ ਮੱਲ੍ਹੀ ਚੈਅਰਮੇਨ ਪੰਜਾਬ ,ਕੁਲਦੀਪ ਸਿੰਘ ਦੀਪਾ ਨੂੰ ਜਰਨਲ ਸਕੱਤਰ ਪੰਜਾਬ ,ਮਨਦੀਪ ਸਿੰਘ ਰਾਜਨ ਸੀਨੀਅਰ ਮੀਤ ਪ੍ਰਧਾਨ ਪੰਜਾਬ ,ਬਾਬਾ ਗੁਰਦਿਆਲ ਸਿੰਘ ਮੀਤ ਪ੍ਰਧਾਨ ਪੰਜਾਬ ,ਹਰਭਿੰਦਰ ਸਿੰਘ ਐਡਵਾਈਜ਼ਰ ਪੰਜਾਬ ,ਗੁਰਪ੍ਰੀਤ ਸਿੰਘ ਕੱਦ ਗਿੱਲ ਸਕੱਤਰ ਪੰਜਾਬ ਲਗਾਇਆ ਗਿਆ ਇਸ ਪੰਜਾਬ ਬਾਡੀ ਦੇ ਨਾਲ ਹੀ ਜ਼ਿਲ੍ਹਾ ਤਰਨ ਤਾਰਨ ਦੀ ਇਕਾਈ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਗੁਰਵਿੰਦਰ ਸਿੰਘ ਬੰਟੀ ਜ਼ਿਲ੍ਹਾ ਪ੍ਰਧਾਨ ,ਵਿਜੈ ਭਾਰਗਵ ਸੀਨੀਅਰ ਮੀਤ ਪ੍ਰਧਾਨ ,ਜੀਵਨ ਜੱਜ ਜਰਨਲ ਸਕੱਤਰ ,ਅਨੀਸ਼ ਨਰੂਲਾ ਖ਼ਜਾਨਚੀ ,ਅੰਮ੍ਰਿਤ ਸਿੰਘ ਪ੍ਰਿੰਸ ਸਕੱਤਰ ,ਪ੍ਰਸ਼ੋਤਮ ਸ਼ਰਮਾ ਮੀਤ ਪ੍ਰਧਾਨ ,ਰਾਹੁਲ ਸ਼ਰਮਾ ਪ੍ਰੈਸ ਸਕੱਤਰ ,ਵਿਨੋਦ ਕੁਮਾਰ ਮੀਤ ਪ੍ਰਧਾਨ ,ਮਨਿਦਰ ਸਿੰਘ ਕਾਕਾ ਮੀਤ ਪ੍ਰਧਾਨ ,ਪ੍ਰਗਟ ਸਿੰਘ ਐਡਵਾਈਜ਼ਰ ,ਜਗਦੇਵ ਸਿੰਘ ਲਾਡਾ ਮੀਤ ਪ੍ਰਧਾਨ ,ਪੁਨੀਤ ਸ਼ਰਮਾ ਜਿਲਾ ਸਪੋਕਸਮੈਨ ,ਅਜੈ ਭਾਰਗਵ ਲੀਗਲ ਐਡਵਾਈਜ਼ਰ ,ਸ਼ਤਰੂ ਦੇਵਗਨ ਮੀਤ ਪ੍ਰਧਾਨ ,ਕੁਲਵੰਤ ਸਿੰਘ ਭੱਟੀ ਪ੍ਰਚਾਰ ਸਕੱਤਰ ,ਦਵਿੰਦਰ ਸਿੰਘ ਮੰਗਾ ਸੀਨੀਅਰ ਮੀਤ ਪ੍ਰਧਾਨ ਦੇ ਅਹੁਦੇ ਦਿੱਤੇ ਗਏ ਇਸ ਤੋਂ ਇਲਾਵਾ ਪਲਵਿੰਦਰ ਸਿੰਘ ਵਾਲੀਆਂ ,ਸਰਬਜੀਤ ਸਿੰਘ ਮੀਆਂ ਵਿੰਡ ,ਤਰਸੇਮ ਸਿੰਘ ਝਬਾਲ ,ਸੋਖੀ ਮਸੀਹ ,ਗੁਰਦੀਪ ਸਿੰਘ ਫਤਿਆਬਾਦ ,ਪਲਵਿੰਦਰ ਸਿੰਘ ਪੰਡੋਰੀ ਸਿੱਧਵਾਂ ,ਗੁਰਸੇਵਕ ਸਿੰਘ ਪੰਡੋਰੀ ਰੁਮਾਣਾ ,ਸਤਪਾਲ ਸਿੰਘ ਪੰਡੋਰੀ ਰਣ ਸਿੰਘ ,ਗੁਰਵਿੰਦਰ ਸਿੰਘ ਕਾਹਲਵਾਂ ,ਗੁਰਦਿਆਲ ਸਿੰਘ ਸੁਰ ਸਿੰਘ ,ਗਗਨਦੀਪ ਸਿੰਘ ਸੋਨੂ ਫਤਿਆਬਾਦ ,ਗੁਰਜਿੰਦਰ ਸਿੰਘ ਬਘਿਆੜੀ ,ਜਗਰੂਪ ਸਿੰਘ ਝਬਾਲ ,ਸੁਖਦੇਵ ਰਾਜ ਫਤਿਆਬਾਦ ,ਹਰਵਿੰਦਰ ਸਿੰਘ ਸਹੋਤਾ ,ਅਮ੍ਰਿਤਪਾਲ ਸਿੰਘ ,ਗਗਨਦੀਪ ਸਿੰਘ ਹਰੀਕੇ ,ਰਾਜਵਿੰਦਰ ਸਿੰਘ ਮਿੱਠਾ ,ਪਰਮਜੀਤ ਸਿੰਘ ਪੰਛੀ ਸ੍ਰੀ ਗੋਇੰਦਵਾਲ ਸਾਹਿਬ,ਨਰਿੰਦਰਪਾਲ ਸਿੰਘ ਕਾਲੜਾ ਸ੍ਰੀ ਗੋਇੰਦਵਾਲ ਸਾਹਿਬ , ਭਗਵਾਨ ਸਿੰਘ ਢੋਟੀਆ ,ਵਰਿੰਦਰ ਸਿੰਘ ਕਾਹਲਵਾਂ ਸ਼ਾਮਿਲ ਹੋਏ ਇਸ ਮੌਕੇ ਤੇ ਪੰਜਾਬ ਪ੍ਰਧਾਨ ਪੁਸ਼ਪਿੰਦਰ ਸਿੰਘ ਬੰਟੀ ਵਲੋਂ ਨਵੀ ਬਣੀ ਯੂਨੀਅਨ ਦੇ ਕਾਰਾ ਅਤੇ ਮੋਟਰ ਸਾਈਕਲਾਂ ਦੇ ਸਟਿੱਕਰ ਜਾਰੀ ਕੀਤੇ ਗਏ।

ਖ਼ਾਲਸਾ ਕਾਲਜ ਵਿਖੇ ਬਿਜ਼ਨਸ ਪਲਾਨਜ਼ ਮੁਕਾਬਲਾ ਕਰਵਾਇਆ

ਅੰਮ੍ਰਿਤਸਰ, 17 ਮਈ (ਗੁਰਦਿਆਲ ਸਿੰਘ /ਬਬਲੂ ਮਹਾਜਨ)—ਖਾਲਸਾ ਕਾਲਜ ਦੇ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ$ਰੇਸ਼ਨ ਵਿਭਾਗ ਵੱਲੋਂ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ (ਆਈ. ਆਈ. ਸੀ.) ਦੇ ਸਹਿਯੋਗ ਨਾਲ "ਬਿਜ਼ਨਸ ਪਲਾਨਜ਼ ਮੁਕਾਬਲਾ"ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ 'ਚ ਉਦਯੋਗਿਕ ਅਤੇ ਨਵੀਂ ਸੋਚ ਨੂੰ ਉਤਸ਼ਾਹਿਤ ਕਰਨਾ ਸੀ ਤਾਂ ਜੋ ਉਹ ਆਪਣੇ ਨਵੇਂ ਕਾਰੋਬਾਰੀ ਵਿਚਾਰ ਪੇਸ਼ ਕਰ ਸਕਣ।ਇਸ ਦੌਰਾਨ ਪ੍ਰਿੰ: ਡਾ. ਰੰਧਾਵਾ ਨੇ ਅੱਜ ਦੇ ਮੁਕਾਬਲਾਤੀ ਕਾਰੋਬਾਰੀ ਮਾਹੌਲ 'ਚ ਉਦਯੋਗਿਕਤਾ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਵਿਦਿਆਰਥੀਆਂ ਨੂੰ ਨਵੀਂ ਸੋਚ ਨਾਲ ਆਰਥਿਕ ਵਿਕਾਸ 'ਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਭਾਗ ਮੁਖੀ ਡਾ. ਸਵਰਾਜ ਕੌਰ, ਕੋਆਰਡੀਨੇਟਰ ਡਾ. ਦੀਪਕ ਦੇਵਗਨ, ਕੋ—ਕੋਆਰਡੀਨੇਟਰ ਡਾ. ਮਨਿਸ਼ਾ ਬਹਿਲ ਅਤੇ ਪ੍ਰੋ. ਤੁਸ਼ਾਰ ਬੱਤਰਾ ਦੁਆਰਾ ਉਕਤ ਪ੍ਰੋਗਰਾਮ ਕੀਤੇ ਗਏ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਸਮੇਂ ਦੀ ਜ਼ਰੂਰਤ ਹਨ, ਜਿਸ ਨਾਲ ਵਿਦਿਆਰਥੀਆਂ ਦੇ ਗਿਆਨ 'ਚ ਵਾਧਾ ਹੁੰਦਾ ਹੈ। ਇਸ ਮੌਕੇ ਡਾ. ਦੇਵਗਨ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਪ੍ਰਬੰਧਕਾਂ ਦੇ ਯਤਨਾਂ ਦੀ ਸਰਾਹਨਾ ਕੀਤੀ ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਪ੍ਰੋਗਰਾਮਾਂ 'ਚ ਵੱਧ ਚੜ੍ਹ ਕੇ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਤਾਂ ਜੋ ਉਹ ਆਪਣੀ ਕਾਰੋਬਾਰੀ ਸਮਝ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਨਿਖਾਰ ਸਕਣ ਉਨ੍ਹਾਂ ਕਿਹਾ ਕਿ ਉਕਤ ਮੁਕਾਬਲੇ ਦੌਰਾਨ ਆਈ.ਆਈ.ਸੀ.ਪ੍ਰਧਾਨ ਡਾ. ਗੁਰਸ਼ਰਨ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ ਉਨ੍ਹਾਂ ਕਿਹਾ ਕਿ ਮੁਕਾਬਲੇ 'ਚ ਕਾਲਜ ਦੇ ਵੱਖ—ਵੱਖ ਵਿਭਾਗਾਂ ਦੇ 19 ਵਿਦਿਆਰਥੀਆਂ ਨੇ 13 ਟੀਮਾਂ ਦੇ ਰੂਪ 'ਚ ਹਿੱਸਾ ਲਿਆ ਅਤੇ ਆਧੁਨਿਕ ਬਾਜ਼ਾਰ ਦੀਆਂ ਚੁਣੌਤੀਆਂ ਨੂੰ ਧਿਆਨ 'ਚ ਰੱਖਦਿਆਂ ਆਪਣੇ ਨਵੇਂ ਕਾਰੋਬਾਰੀ ਯੋਜਨਾਵਾਂ ਪੇਸ਼ ਕੀਤੀਆਂ।ਉਨ੍ਹਾਂ ਕਿਹਾ ਕਿ ਉਕਤ ਮੁਕਾਬਲੇ ਦੌਰਾਨ ਡਾ. ਰੰਧਾਵਾ ਨੇ ਟੀਮ ਨੰਬਰ 4 ਦੀ ਹਰਜੋਤ ਕੌਰ ਅਤੇ ਜਸਪ੍ਰੀਤ ਕੌਰ ਵੱਲੋਂ ਪੇਸ਼ ਕੀਤੇ ਗਏ ਟੈਕਸਟਚਰ ਆਰਟ ਅਤੇ ਹੈਂਡਮੇਡ ਆਈਟਮਜ਼ ਸਬੰਧੀ ਪਹਿਲਾ ਇਨਾਮ ਪ੍ਰਦਾਨ ਕੀਤਾ ਜਦਕਿ ਟੀਮ ਨੰਬਰ 7 ਦੀ ਮਨਰੂਪ ਕੌਰ ਅਤੇ ਸੰਦੀਪ ਕੌਰ ਨੇ ਕੂਕੀਜ਼ ਅਤੇ ਬਰਾਊਨੀਜ਼ ਸਟਾਲ ਪੇਸ਼ ਕਰਕੇ ਦੂਜਾ ਅਤੇ ਟੀਮ ਨੰਬਰ 13 'ਚ ਪ੍ਰਿੰਸ ਨੇ ਆਰਟ ਵਰਕ ਪੇਸ਼ ਕਰਕੇ ਤੀਜਾ ਇਨਾਮ ਪ੍ਰਾਪਤ ਕੀਤਾ।ਇਸ ਸਮਾਗਮ ਦੌਰਾਨ ਹੋਰ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸ੍ਰੀ ਦਰਬਾਰ ਸਾਹਿਬ ਦੇ ਨਵੇਂ ਮੁੱਖ ਸੂਚਨਾ ਅਧਿਕਾਰੀ ਦੀ ਅੰਮ੍ਰਿਤਪਾਲ ਸਿੰਘ ਸੰਭਾਲਣਗੇ ਜ਼ਿੰਮੇਵਾਰੀ

ਅੰਮ੍ਰਿਤਸਰ 17 ਮਈ (ਬਬਲੂ ਮਹਾਜਨ) ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਰਡਰ ਜਾਰੀ ਕਰਕੇ ਸ੍ ਅੰਮ੍ਰਿਤਪਾਲ ਸਿੰਘ ਨੂੰ ਸ੍ਰੀ ਦਰਬਾਰ ਸਾਹਿਬ ਦਾ ਮੁੱਖ ਸੂਚਨਾਂ ਅਧਿਕਾਰੀ ਨਿਯੁਕਤ ਕੀਤਾ ਹੈ।ਸ੍ ਅੰਮ੍ਰਿਤਪਾਲ ਸਿੰਘ ਸਾਲ 2009 ਵਿਚ ਸ਼੍ਰੋਮਣੀ ਕਮੇਟੀ ਵਿਚ ਬਤੌਰ ਸੁਰਖਿਆ ਦਸਤਾ ਕਰਮਚਾਰੀ ਵਜੋ ਭਰਤੀ ਹੋਏ ਸਨ ਤੇ ਸ਼੍ਰੋਮਣੀ ਕਮੇਟੀ ਦੇ ਤਤਕਾਲੀ ਸਕੱਤਰ ਸ੍ ਦਿਲਮੇਘ ਸਿੰਘ ਨੇ ਉਨਾਂ ਦੀ ਬਦਲੀ ਸੂਚਨਾ ਕੇਂਦਰ ਵਿਖੇ ਕੀਤੀ ਸੀ। ਸ੍ ਜਸਵਿੰਦਰ ਸਿੰਘ ਜੱਸੀ ਦੇ ਪਹਿਲਾਂ ਮੀਤ ਸਕੱਤਰ ਤੇ ਫਿਰ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਨਿਯੁਕਤ ਹੋਣ ਤੋ ਬਾਅਦ ਮੁੱਖ ਸੂਚਨਾ ਅਧਿਕਾਰੀ ਦਾ ਆਹੁਦਾ ਖਾਲੀ ਸੀ ਤੇ ਅੱਜ ਐਡਵੋਕੇਟ ਧਾਮੀ ਨੇ ਸ੍ ਅੰਮ੍ਰਿਤਪਾਲ ਸਿੰਘ ਨੂੰ ਇਹ ਜਿੰਮੇਵਾਰੀ ਸੋਪ ਦਿੱਤੀ।ਸ੍ ਅੰਮ੍ਰਿਤਪਾਲ ਸਿੰਘ ਨੇ ਐਮ ਏ ਤਕ ਦੀ ਪੜਾਈ ਕੀਤੀ ਹੈ ਤੇ ਉਨਾਂ ਫਰੈਂਚ ਭਾਸ਼ਾ ਦਹ ਡਿਪਲੋਮਾ ਅੰਮ੍ਰਿਤਸਰ ਦੀ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋ ਕੀਤਾ ਹੋਇਆ ਹੈ। ਹੁਣ ਤਕ ਸ੍ ਅੰਮ੍ਰਿਤਪਾਲ ਸਿੰਘ ਦੇਸ਼ ਵਿਦੇਸ਼ ਦੇ ਅਨੇਕਾਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਵਿਅਕਤੀਆਂ ਨੂੰ ਸ੍ਰੀ ਦਰਬਾਰ ਸਾਹਿਬ ਦਾ ਇਤਿਹਾਸ, ਸਿੱਖ ਇਤਿਹਾਸ, ਸਿੱਖ ਪ੍ਰਪਰਾਵਾਂ ਤੇ ਸਿੱਖ ਸਿਧਾਤਾਂ ਦੀ ਜਾਣਕਾਰੀ ਪ੍ਰਦਾਨ ਕਰ ਚੁੱਕੇ ਹਨ।ਅੱਜ ਇਸ ਨਵੀ ਜਿੰਮੇਵਾਰੀ ਮਿਲਣ ਤੋ ਬਾਅਦ ਸਕੱਤਰ ਸ੍ ਬਲਵਿੰਦਰ ਸਿੰਘ ਕਾਹਲਵਾ, ਨਿਜੀ ਸਕੱਤਰ ਪ੍ਰਧਾਨ ਸ੍ ਸੁਤਿਬੀਰ ਸਿੰਘ ਧਾਮੀ, ਸ੍ ਸ਼ਹਿਬਾਜ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ੍ ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ੍ ਜ਼ਸਵਿੰਦਰ ਸਿੰਘ ਜੱਸੀ ਸਾਬਕਾ ਸੂਚਨਾ ਅਧਿਕਾਰੀ ਸ੍ ਗੁਰਬਚਨ ਸਿੰਘ, ਸ੍ ਦਲਬੀਰ ਸਿੰਘ ਫੌਜੀ, ਸ੍ ਨਰਿੰਦਰਪਾਲ ਸਿੰਘ, ਸਹਾਇਕ ਸੂਚਨਾ ਅਧਿਕਾਰੀ ਰਣਧੀਰ ਸਿੰਘ, ਸਹਾਇਕ ਗਾਇਡ ਸ੍ ਜਤਿੰਦਰਪਾਲ ਸਿੰਘ, ਸਰਦਾਰ ਸਰਬਜੀਤ ਸਿੰਘ ਸ੍ ਤੇਜਿੰਦਰਪਾਲ ਸਿੰਘ ਤੇ ਸ੍ ਜਰਮਨਜੀਤ ਸਿੰਘ ਆਦਿ ਨੇ ਸ੍ ਅੰਮ੍ਰਿਤਪਾਲ ਸਿੰਘ ਨੂੰ ਦਿਲੀ ਮੁਬਾਕਰਬਾਦ ਅਤੇ ਵਧ ਚੜ ਕੇ ਸੇਵਾ ਕਰਨ ਦੀ ਅਸੀਸ ਦਿੱਤੀ।

ਵਿਸ਼ਵ ਮਲੇਰੀਆ ਜਾਗਰੂਕਤਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ

ਅੰਮ੍ਰਿਤਸਰ, 17 ਮਈ (ਬਬਲੂ ਮਹਾਜਨ)—ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਵਿਸ਼ਵ ਮਲੇਰੀਆ ਜਾਗਰੂਕਤਾ ਦਿਵਸ ਨੂੰ ਸਮਰਪਿਤ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ, ਨਰਾਇਣਗੜ ਵਿਖੇ ਬੀ. ਐਸ. ਸੀ. ਨਰਸਿੰਗ ਸਮੈਸਟਰ 5ਵਾਂ ਦੇ ਵਿਦਿਆਰਥੀਆਂ ਵੱਲੋਂ ਉਲੀਕੇ ਗਏ ਉਕਤ ਪ੍ਰੋਗਰਾਮ ਦੌਰਾਨ ਮਲੇਰੀਆ ਸਬੰਧੀ ਆਸਪਾਸ ਦੇ ਲੋਕਾਂ ਨੂੰ ਜਾਗ੍ਰਿਤ ਕੀਤਾ ਗਿਆ।ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਕੈਂਪ ਦੌਰਾਨ ਵਿਦਿਆਰਥੀਆਂ ਨੇ ਮਲੇਰੀਆ ਖਤਮ ਕਰਨ ਲਈ ਜਾਗਰੂਕਤਾ ਪੈਦਾ ਕਰਦਿਆਂ ਕਿਹਾ ਕਿ ਸਾਡੇ ਕੋਲ ਹੁਣ ਇਸ ਬਿਮਾਰੀ ਨੂੰ ਖਤਮ ਕਰਨ ਲਈ ਸਮਰੱਥਾ ਹੈ, ਇਸ ਲਈ ਸਾਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਕੈਂਪ ਮੌਕੇ ਵਿਦਿਆਰਥੀਆਂ ਨੇ ਲੋਕਾਂ ਨੂੰ ਮਲੇਰੀਆ ਦੇ ਚਿੰਨ੍ਹ ਤੇ ਲੱਛਣ ਅਤੇ ਰੋਕਥਾਮ ਸਬੰਧੀ ਵੱਖ—ਵੱਖ ਵਿਸ਼ਿਆਂ 'ਤੇ ਲੋਕਾਂ ਨੂੰ ਪੋਸਟਰਾਂ ਰਾਹੀਂ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਸੈਂਟਰ ਅਤੇ ਆਸ ਪਾਸ ਦੇ ਲੋਕਾਂ ਨੂੰ ਆਲਾ—ਦੁਆਲਾ ਸਾਫ਼—ਸੁਥਰਾ ਰੱਖਣ, ਖੜ੍ਹੇ ਪਾਣੀ ਦਾ ਉਚਿਤ ਨਿਕਾਸ ਯੋਗ ਪ੍ਰਬੰਧ ਕ

ਦਮਦਮੀ ਟਕਸਾਲ ਵਿਖੇ ਸ਼ਹੀਦੀ ਜੋੜ ਮੇਲੇ ਸਬੰਧੀ ਸੂਬਾ ਪੱਧਰੀ ਵਿਸ਼ੇਸ਼ ਇਕੱਤਰਤਾ 20 ਨੂੰ

☛ਸੰਤ ਗਿ. ਹਰਨਾਮ ਸਿੰਘ ਖ਼ਾਲਸਾ ਦੀ ਪ੍ਰਧਾਨਗੀ 'ਚ 1 ਤੋਂ 6 ਜੂਨ ਦੇ ਸ਼ਹੀਦੀ ਸਮਾਗਮਾਂ ਸਬੰਧੀ ਹੋਣਗੀਆਂ ਅਹਿਮ ਵਿਚਾਰਾਂ

ਚੌਕ ਮਹਿਤਾ, 17 ਮਈ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੂਨ 1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਵਿਸ਼ਾਲ ਸ਼ਹੀਦੀ ਜੋੜ ਮੇਲਾ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਹੈਡਕੁਆਰਟਰ ਗੁਰਦੁਆਰਾ ਗੁਰ ਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਤੋਂ 6 ਜੂਨ ਤੱਕ ਹੋ ਰਹੇ ਇਸ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਤੇ ਲੋੜੀਂਦੇ ਵੱਖ-ਵੱਖ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ 20 ਮਈ ਨੂੰ ਸਵੇਰੇ 11:30 ਹਾਲ ਵਿਖੇ ਇੱਕ ਵਿਸ਼ੇਸ਼ ਸੂਬਾ ਪੱਧਰੀ ਇਕੱਤਰਤਾ ਸੱਦੀ ਗਈ ਹੈ।ਇਕੱਤਰਤਾ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਪ੍ਰਧਾਨਗੀ ਹੇਠ ਹੋਵੇਗੀ, ਜਿਸ ਵਿੱਚ ਵੱਖ-ਵੱਖ ਧਾਰਮਿਕ ਸੰਪਰਦਾਵਾਂ, ਪੰਥਕ ਜਥੇਬੰਦੀਆਂ, ਸੇਵਾ ਕਮੇਟੀਆਂ, ਟਕਸਾਲੀ ਵਿਦਿਆਰਥੀਆਂ, ਪ੍ਰਚਾਰਕਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਹ ਸ਼ਹੀਦੀ ਸਮਾਗਮ 1 ਮਈ ਤੋਂ ਹੀ ਸ਼ੁਰੂ ਹੋ ਚੁੱਕੇ ਹਨ ਤੇ ਵੱਖ-ਵੱਖ ਨਗਰਾਂ ਵਿੱਚ ਸ਼ਬਦ ਕੀਰਤਨ ਤੇ ਕਥਾ ਦੇ ਪ੍ਰਵਾਹ ਨਿਰੰਤਰ ਚੱਲ ਰਹੇ ਹਨ। 1 ਜੂਨ ਤੋਂ ਦਮਦਮੀ ਟਕਸਾਲ ਮਹਿਤਾ ਵਿਖੇ ਸ਼ਹੀਦੀ ਹਫ਼ਤਾ ਆਰੰਭ ਹੋਵੇਗਾ, ਜਿਸ ਦੌਰਾਨ ਰੋਜ਼ਾਨਾ ਸ਼ਾਮ ਸਮਾਗਮ ਹੋਣਗੇ, ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ 6 ਜੂਨ ਨੂੰ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ ਹੋਵੇਗਾ।

ਨੀਦਰਲੈਂਡ ਨੇ ਭਾਰਤ ਨੂੰ ਸੌਂਪੀਆਂ 11ਵੀਂ ਸਦੀ ਦੀਆਂ ਚੋਲ ਕਾਲ ਦੀਆਂ ਇਤਿਹਾਸਕ ਤਾਂਬੇ ਦੀਆਂ ਪਲੇਟਾਂ

ਨਵੀਂ ਦਿੱਲੀ/ਦੀ ਹੇਗ, 17 ਮਈ (ਚ.ਨ.ਸ): ਸਦੀਆਂ ਤੋਂ ਆਪਣੇ ਵਤਨ ਤੋਂ ਦੂਰ ਸੱਤ ਸਮੁੰਦਰ ਪਾਰ ਯੂਰਪ ਦੀ ਇੱਕ ਯੂਨੀਵਰਸਿਟੀ ਵਿੱਚ ਸੁਰੱਖਿਅਤ ਰੱਖੀਆਂ ਗਈਆਂ 11ਵੀਂ ਸਦੀ ਦੀਆਂ ਚੋਲ ਸਾਮਰਾਜ ਦੀਆਂ ਇਤਿਹਾਸਕ ਤਾਂਬੇ ਦੀਆਂ ਪਲੇਟਾਂ (ਤਾਮਰਪੱਤਰ) ਆਖ਼ਰਕਾਰ ਭਾਰਤ ਵਾਪਸ ਆ ਰਹੀਆਂ ਹਨ। ਨੀਦਰਲੈਂਡ ਦੀ ਮਸ਼ਹੂਰ ਲੀਡਨ ਯੂਨੀਵਰਸਿਟੀ ਨੇ ਇਨ੍ਹਾਂ ਬਹੁਮੁੱਲੀਆਂ ਇਤਿਹਾਸਕ ਪਲੇਟਾਂ ਨੂੰ ਭਾਰਤ ਨੂੰ ਵਾਪਸ ਕਰਨ ਦਾ ਇੱਕ ਵੱਡਾ ਤੇ ਇਤਿਹਾਸਕ ਫੈਸਲਾ ਲਿਆ ਹੈ। ਇਹ ਅਹਿਮ ਐਲਾਨ ਨੀਦਰਲੈਂਡ ਦੇ ਪ੍ਰਧਾਨ ਮੰਤਰੀ ਰੌਬ ਜੈਟਨ ਵੀ ਮੌਜੂਦ ਸਨ। ਭਾਰਤ ਦੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਨੂੰ ਹਰ ਭਾਰਤੀ ਲਈ ਇੱਕ ਬਹੁਤ ਹੀ ਮਾਣਮੱਤਾ ਪਲ ਦੱਸਿਆ ਹੈ ਤੇ ਇਸ ਉਦਾਰਤਾ ਲਈ ਨੀਦਰਲੈਂਡ ਸਰਕਾਰ ਤੇ ਲੀਡਨ ਯੂਨੀਵਰਸਿਟੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਕੌਮਾਂਤਰੀ ਪੱਧਰ 'ਤੇ ਲੀਡਨ ਪਲੇਟਸ ਵਜੋਂ ਜਾਣੀਆਂ ਜਾਂਦੀਆਂ ਇਹ ਪਲੇਟਾਂ ਅਸਲ ਵਿੱਚ ਚੋਲ ਰਾਜਵੰਸ਼ ਦੇ ਰਾਜਾ ਰਾਜੇਂਦਰ ਚੋਲ ਪਹਿਲੇ ਤੇ ਕੁਲੋਥੁੰਗਾ ਚੋਲ ਪਹਿਲੇ ਦੇ ਸ਼ਾਸਨਕਾਲ ਨਾਲ ਸਬੰਧਤ ਹਨ। ਇਹ ਇਤਿਹਾਸਕ ਦਸਤਾਵੇਜ਼ ਚੋਲ ਸਾਮਰਾਜ ਦੇ ਸਿਆਸੀ, ਸਮੁੰਦਰੀ ਤੇ ਸੱਭਿਆਚਾਰਕ ਦਬਦਬੇ ਦੇ ਸਿਖਰਲੇ ਦੌਰ ਦੇ ਬੇਸ਼ਕੀਮਤੀ ਰਿਕਾਰਡ ਮੰਨੇ ਜਾਂਦੇ ਹਨ। ਕੁੱਲ 24 ਤਾਂਬੇ ਦੀਆਂ ਇਨ੍ਹਾਂ ਪਲੇਟਾਂ ਦਾ ਵਜ਼ਨ ਲਗਭਗ 30 ਕਿਲੋਗ੍ਰਾਮ ਹੈ, ਜੋ ਕਿ ਇੱਕ ਕਾਂਸੀ ਦੇ ਵੱਡੇ ਰਿੰਗ (ਛੱਲੇ) ਨਾਲ ਆਪਸ ਵਿੱਚ ਬੱਝੀਆਂ ਹੋਈਆਂ ਹਨ ਤੇ ਇਸ ਰਿੰਗ ਉਤੇ ਚੋਲ ਰਾਜਵੰਸ਼ ਦੀ ਸ਼ਾਹੀ ਮੋਹਰ ਲੱਗੀ ਹੋਈ ਹੈ। ਇਨ੍ਹਾਂ ਵਿੱਚੋਂ 21 ਵੱਡੀਆਂ ਪਲੇਟਾਂ 'ਤੇ ਤਾਮਿਲ ਤੇ ਸੰਸਕ੍ਰਿਤ ਭਾਸ਼ਾ ਵਿੱਚ ਸ਼ਾਹੀ ਫੁਰਮਾਨ ਉਕਰੇ ਹੋਏ ਹਨ, ਜੋ ਨਾਗਾਪੱਟੀਨਮ ਵਿੱਚ ਸਥਿਤ ਇੱਕ ਬੁੱਧ ਮੱਠ (ਚੂੜਾਮਣੀ ਵਿਹਾਰ) ਨੂੰ ਦਿੱਤੀ ਗਈ ਸ਼ਾਹੀ ਗ੍ਰਾਂਟ ਦਾ ਵੇਰਵਾ ਦਿੰਦੇ ਹਨ। ਇਹ ਪਲੇਟਾਂ ਇਸ ਗੱਲ ਦਾ ਪੁਖਤਾ ਸਬੂਤ ਹਨ ਕਿ 11ਵੀਂ ਸਦੀ ਵਿੱਚ ਭਾਰਤ ਦੇ ਦੱਖਣੀ-ਪੂਰਬੀ ਏਸ਼ੀਆ ਦੇ ਸ੍ਰੀਵਿਜੇ ਸਾਮਰਾਜ ਨਾਲ ਕਿੰਨੇ ਮਜ਼ਬੂਤ ਵਪਾਰਕ, ਰਾਜਦੂਤਕ ਤੇ ਧਾਰਮਿਕ ਸਬੰਧ ਸਨ।

ਟਰੰਪ ਦੇ ਦੌਰੇ ਤੋਂ ਤੁਰੰਤ ਬਾਅਦ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ 19-20 ਨੂੰ ਕਰਨਗੇ ਚੀਨ ਦਾ ਦੌਰਾ

ਮਾਸਕੋ/ਬੀਜਿੰਗ, 17 ਮਈ (ਚ.ਨ.ਸ): ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਆਉਂਦੀ 19 ਮਈ ਨੂੰ ਚੀਨ ਦੇ ਦੋ ਦਿਨਾਂ ਅਧਿਕਾਰਤ ਦੌਰੇ 'ਤੇ ਜਾ ਰਹੇ ਹਨ। ਕ੍ਰੈਮਲਿਨ ਵੱਲੋਂ ਜਾਰੀ ਕੀਤੇ ਗਏ ਇੱਕ ਅਧਿਕਾਰਤ ਬਿਆਨ ਵਿੱਚ ਇਸ ਯਾਤਰਾ ਦੀ ਪੁਸ਼ਟੀ ਕੀਤੀ ਗਈ ਹੈ। ਰੂਸੀ ਰਾਸ਼ਟਰਪਤੀ ਦਾ ਇਹ ਦੌਰਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਬੀਜਿੰਗ ਦੌਰੇ ਦੇ ਤੁਰੰਤ ਬਾਅਦ ਹੋ ਰਿਹਾ ਹੈ, ਜਿਸ ਕਾਰਨ ਅੰਤਰਰਾਸ਼ਟਰੀ ਪੱਧਰ 'ਤੇ ਇਸ ਨੂੰ ਬੇਹੱਦ ਅਹਿਮ ਤੇ ਭੂ-ਰਾਜਨੀਤਿਕ ਦ੍ਰਿਸ਼ਟੀ ਤੋਂ ਸੰਵੇਦਨਸ਼ੀਲ ਮੰਨਿਆ ਜਾ ਰਿਹਾ ਹੈ। ਵਿਸ਼ਵ ਪੱਧਰੀ ਮਾਹਿਰਾਂ ਅਨੁਸਾਰ, ਅਮਰੀਕੀ ਰਾਸ਼ਟਰਪਤੀ ਦੇ ਚੀਨ ਤੋਂ ਰਵਾਨਾ ਹੁੰਦੇ ਹੀ ਰੂਸੀ ਆਗੂ ਦਾ ਉਥੇ ਪਹੁੰਚਣਾ, ਮਾਸਕੋ ਤੇ ਬੀਜਿੰਗ ਦੇ ਆਪਸੀ ਮਜ਼ਬੂਤ ਸਬੰਧਾਂ ਤੇ ਗਲੋਬਲ ਸਿਆਸਤ ਵਿੱਚ ਇੱਕ ਵੱਡੇ ਸ਼ਕਤੀ ਸੰਤੁਲਨ ਦਾ ਸੰਕੇਤ ਹੈ। ਕ੍ਰੈਮਲਿਨ ਦੀ ਰਿਪੋਰਟ ਮੁਤਾਬਿਕ ਇਸ ਦੌ ਦਿਨਾਂ ਉਚ-ਪੱਧਰੀ ਦੌਰੇ ਦੌਰਾਨ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਤੇ ਉਨ੍ਹਾਂ ਦੇ ਚੀਨੀ ਹਮਰੁਤਬਾ ਸ਼ੀ ਜਿਨਪਿੰਗ ਵਿਚਕਾਰ ਵਿਸ਼ੇਸ਼ ਮੁਲਾਕਾਤ ਹੋਵੇਗੀ। ਇਸ ਬੈਠਕ ਵਿੱਚ ਦੋਵਾਂ ਮਹਾਂਸ਼ਕਤੀਆਂ ਵਿਚਕਾਰ 'ਵਿਆਪਕ ਭਾਈਵਾਲੀ ਤੇ ਰਣਨੀਤਕ ਸਹਿਯੋਗ' ਨੂੰ ਹੋਰ ਵੀ ਵਧੇਰੇ ਮਜ਼ਬੂਤ ਤੇ ਡੂੰਘਾ ਕਰਨ ਬਾਰੇ ਵਿਸਤਾਰ ਵਿੱਚ ਚਰਚਾ ਕੀਤੀ ਜਾਵੇਗੀ। ਬਿਆਨ ਵਿੱਚ ਕਿਹਾ ਗਿਆ ਹੈ ਕਿ ਦੋਵੇਂ ਵਿਸ਼ਵ ਪ੍ਰਸਿੱਧ ਆਗੂ ਪ੍ਰਮੁੱਖ ਅੰਤਰਰਾਸ਼ਟਰੀ ਤੇ ਖੇਤਰੀ ਮੁੱਦਿਆਂ 'ਤੇ ਆਪਣੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਗੇ ਤੇ ਗੱਲਬਾਤ ਦੀ ਸਮਾਪਤੀ 'ਤੇ ਇੱਕ ਸਾਂਝੇ ਐਲਾਨਨਾਮੇ (ਜੁਆਇੰਟ ਡੈਕਲਾਰੇਸ਼ਨ) 'ਤੇ ਹਸਤਾਖਰ ਵੀ ਕਰਨਗੇ। ਇਸ ਤੋਂ ਇਲਾਵਾ ਰਾਸ਼ਟਰਪਤੀ ਪੂਤਿਨ ਚੀਨ ਦੇ ਪ੍ਰੀਮੀਅਰ ਲੀ ਕੀਯਾਂਗ ਨਾਲ ਵੀ ਇੱਕ ਵਿਸ਼ੇਸ਼ ਬੈਠਕ ਕਰਨਗੇ, ਜਿਸ ਵਿੱਚ ਦੋਵਾਂ ਦੇਸ਼ਾਂ ਦਰਮਿਆਨ ਆਰਥਿਕ, ਵਪਾਰਕ ਤੇ ਉਦਯੋਗਿਕ ਸਹਿਯੋਗ ਨੂੰ ਵਧਾਉਣ ਦੇ ਤੌਰ-ਤਰੀਕਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

ਈਰਾਨ ਵੱਲੋਂ ਹੋਰਮੁਜ਼ ਜਲਡਮਰੂ ਰਾਹੀਂ ਲੰਘਣ ਵਾਲੇ ਜਹਾਜ਼ਾਂ ਲਈ ਨਵੀਂ ਪ੍ਰਣਾਲੀ ਤੇ ਫੀਸ ਵਸੂਲਣ ਦਾ ਐਲਾਨ

☛ਸਿਰਫ਼ ਸਹਿਯੋਗੀ ਦੇਸ਼ਾਂ ਨੂੰ ਮਿਲੇਗੀ ਇਜਾਜ਼ਤ



ਦੁਬਈ/ਤੇਹਰਾਨ, 17 ਮਈ (ਚ.ਨ.ਸ): ਵਿਸ਼ਵ ਪੱਧਰ 'ਤੇ ਤੇਲ ਤੇ ਵਪਾਰਕ ਆਵਾਜਾਈ ਲਈ ਸਭ ਤੋਂ ਮਹੱਤਵਪੂਰਨ ਮੰਨੇ ਜਾਂਦੇ 'ਸਟਰੇਟ ਆਫ ਹੋਰਮੁਜ਼' (ਹੋਰਮੁਜ਼ ਜਲਡਮਰੂ) ਨੂੰ ਲੈ ਕੇ ਈਰਾਨ ਸਰਕਾਰ ਵੱਲੋਂ ਇੱਕ ਬਹੁਤ ਵੱਡਾ ਤੇ ਅਹਿਮ ਫੈਸਲਾ ਲਿਆ ਗਿਆ ਹੈ। ਈਰਾਨ ਨੇ ਇਸ ਸਮੁੰਦਰੀ ਮਾਰਗ ਰਾਹੀਂ ਲੰਘਣ ਵਾਲੇ ਵਪਾਰਕ ਜਹਾਜ਼ਾਂ ਦੀ ਆਵਾਜਾਈ ਨੂੰ ਨਿਯੰਤਰਿਤ ਕਰਨ 'ਤੇ ਇੱਕ ਵਿਸ਼ੇਸ਼ ਰੂਟ ਤਿਆਰ ਕਰਨ ਲਈ ਇੱਕ ਨਵੀਂ ਤਕਨੀਕੀ ਤੇ ਪੇਸ਼ੇਵਰ ਪ੍ਰਣਾਲੀ (ਮੈਕਸੀਨਮ) ਤਿਆਰ ਕਰ ਲਈ ਹੈ, ਜਿਸ ਦਾ ਰਸਮੀ ਐਲਾਨ ਜਲਦੀ ਹੀ ਕੀਤਾ ਜਾ ਰਿਹਾ ਹੈ। ਇਸ ਨਵੀਂ ਪ੍ਰਣਾਲੀ ਤਹਿਤ ਈਰਾਨ ਵੱਲੋਂ ਇਸ ਰਸਤੇ ਦੀ ਵਰਤੋਂ ਕਰਨ ਵਾਲੇ ਜਹਾਜ਼ਾਂ ਤੋਂ ਵਿਸ਼ੇਸ਼ ਸੇਵਾਵਾਂ ਬਦਲੇ ਫੀਸ (ਟੈਕਸ) ਵੀ ਵਸੂਲੀ ਜਾਵੇਗੀ। ਇਰਾਨ ਦੀ ਸੰਸਦ ਦੀ ਰਾਸ਼ਟਰੀ ਸੁਰੱਖਿਆ ਕਮੇਟੀ ਦੇ ਮੁਖੀ ਇਬਰਾਹੀਮ ਅਜ਼ੀਜ਼ੀ ਨੇ ਅਧਿਕਾਰਤ ਤੌਰ 'ਤੇ ਬਿਆਨ ਜਾਰੀ ਕਰਦਿਆਂ ਇਸ ਸਬੰਧੀ ਜਾਣਕਾਰੀ ਦਿੱਤੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇਸ ਨਵੀਂ ਪ੍ਰਣਾਲੀ ਤੇ ਸਮੁੰਦਰੀ ਰਸਤੇ ਦਾ ਲਾਭ ਸਿਰਫ਼ ਉਨ੍ਹਾਂ ਵਪਾਰਕ ਜਹਾਜ਼ਾਂ ਤੇ ਦੇਸ਼ਾਂ ਨੂੰ ਹੀ ਮਿਲੇਗਾ, ਜੋ ਈਰਾਨ ਸਰਕਾਰ ਨਾਲ ਪੂਰਨ ਸਹਿਯੋਗ ਕਰ ਰਹੇ ਹਨ ਤੇ ਜਿਨ੍ਹਾਂ ਦੇ ਸਬੰਧ ਈਰਾਨ ਨਾਲ ਸੁਖਾਵੇਂ ਹਨ। ਇਬਰਾਹੀਮ ਅਜ਼ੀਜ਼ੀ ਨੇ ਸੋਸ਼ਲ ਮੀਡੀਆ ਰਾਹੀਂ ਤੇ ਆਪਣੇ ਬਿਆਨਾਂ ਵਿੱਚ ਦੱਸਿਆ ਕਿ ਇਹ ਫੈਸਲਾ ਈਰਾਨ ਦੀ ਪ੍ਰਭੂਸੱਤਾ ਤੇ ਅੰਤਰਰਾਸ਼ਟਰੀ ਵਪਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲਿਆ ਗਿਆ ਹੈ। ਉਨ੍ਹਾਂ ਨੇ ਅਮਰੀਕਾ ਤੇ ਇਜ਼ਰਾਈਲ ਨੂੰ ਸਿੱਧਾ ਹੱਥ ਲੈਂਦਿਆਂ ਚੇਤਾਵਨੀ ਦਿੱਤੀ ਕਿ ਇਹ ਸਮੁੰਦਰੀ ਰਸਤਾ ਅਮਰੀਕਾ ਦੇ ਅਖੌਤੀ ਫ੍ਰੀਡਮ ਪ੍ਰੋਜੈਕਟ (ਆਜ਼ਾਦੀ ਮੁਹਿੰਮ) ਦੇ ਆਪਰੇਟਰਾਂ ਤੇ ਉਨ੍ਹਾਂ ਦੇ ਸਹਿਯੋਗੀ ਜਹਾਜ਼ਾਂ ਲਈ ਪੂਰੀ ਤਰ੍ਹਾਂ ਬੰਦ ਰਹੇਗਾ। ਜ਼ਿਕਰਯੋਗ ਹੈ ਕਿ ਅਮਰੀਕਾ ਵੱਲੋਂ ਇਸ ਖੇਤਰ ਵਿੱਚ ਫਸੇ ਆਪਣੇ ਤੇ ਹੋਰਾਂ ਦੇ ਜਹਾਜ਼ਾਂ ਨੂੰ ਕੱਢਣ ਲਈ ਇੱਕ ਅਸਥਾਈ ਫੌਜੀ ਮੁਹਿੰਮ ਚਲਾਈ ਜਾ ਰਹੀ ਸੀ, ਜਿਸ ਨੂੰ ਈਰਾਨ ਨੇ ਆਪਣੇ ਖੇਤਰ ਵਿੱਚ ਬਰਦਾਸ਼ਤ ਕਰਨ ਤੋਂ ਸਾਫ਼ ਮਨਾ ਕਰ ਦਿੱਤਾ ਹੈ। ਇਸ ਫੈਸਲੇ ਤੋਂ ਬਾਅਦ ਹੁਣ ਅਮਰੀਕਾ ਜਾਂ ਇਜ਼ਰਾਈਲ ਨਾਲ ਸਬੰਧਤ ਕਿਸੇ ਵੀ ਜਹਾਜ਼ ਨੂੰ ਇਸ ਰਣਨੀਤਕ ਮਾਰਗ ਤੋਂ ਲੰਘਣ ਦੀ ਇਜਾਜ਼ਤ ਨਹੀਂ ਹੋਵੇਗੀ।

ਅਗਵਾ ਤੇ ਫਿਰੌਤੀ ਦੇ ਮਾਮਲੇ 'ਚ ਪੰਜਾਬੀ ਮੂਲ ਦੇ 4 ਨੌਜਵਾਨ ਗ੍ਰਿਫ਼ਤਾਰ, ਪੰਜਵੇਂ ਦੀ ਭਾਲ ਜਾਰੀ

ਕੈਲਗਰੀ/ਟੋਰਾਂਟੋ, 17 ਮਈ (ਚ.ਨ.ਸ): ਕੈਨੇਡਾ ਦੇ ਅਲਬਰਟਾ ਸੂਬੇ ਵਿੱਚ ਦੱਖਣੀ ਏਸ਼ੀਆਈ ਭਾਈਚਾਰੇ ਨੂੰ ਨਿਸ਼ਾਨਾ ਬਣਾ ਕੇ ਕੀਤੀ ਜਾ ਰਹੀ ਜ਼ਬਰਦਸਤੀ ਵਸੂਲੀ (ਫਿਰੌਤੀ) ਤੇ ਹਿੰਸਾ ਦੇ ਮਾਮਲਿਆਂ ਵਿੱਚ ਇੱਕ ਨਵਾਂ ਤੇ ਬੇਹੱਦ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਕੈਲਗਰੀ ਪੁਲਿਸ ਸਰਵਿਸ (ਸੀ.ਪੀ.ਐਸ.) ਨੇ ਐਡਮਿੰਟਨ ਤੋਂ ਇੱਕ ਵਿਅਕਤੀ ਨੂੰ ਅਗਵਾ ਕਰਕੇ ਉਸ ਦੇ ਦੋਸਤ ਤੋਂ ਫਿਰੌਤੀ ਵਸੂਲਣ ਦੀ ਇੱਕ ਵੱਡੀ ਸਾਜ਼ਿਸ਼ ਦਾ ਪਰਦਾਫਾਸ਼ ਕਰਦਿਆਂ ਪੰਜਾਬੀ ਮੂਲ ਦੇ ਚਾਰ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਵੱਲੋਂ ਇਸ ਮਾਮਲੇ ਵਿੱਚ ਇੱਕ ਪੰਜਵੇਂ ਮੁਲਜ਼ਮ ਦੀ ਸਰਗਰਮੀ ਨਾਲ ਭਾਲ ਕੀਤੀ ਜਾ ਰਹੀ ਹੈ, ਜਿਸ ਦੀ ਪਛਾਣ ਜਨਤਕ ਕਰਕੇ ਤਸਵੀਰਾਂ ਵੀ ਜਾਰੀ ਕਰ ਦਿੱਤੀਆਂ ਗਈਆਂ ਹਨ। ਪੁਲਿਸ ਅਧਿਕਾਰੀਆਂ ਮੁਤਾਬਿਕ ਇਹ ਸਾਰਾ ਘਟਨਾਕ੍ਰਮ ਬੇਹੱਦ ਗੁੰਝਲਦਾਰ ਤੇ ਖ਼ਤਰਨਾਕ ਸਾਜ਼ਿਸ਼ ਦਾ ਹਿੱਸਾ ਸੀ, ਜਿਸ ਨੇ ਸਥਾਨਕ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਵੀ ਚਿੰਤਾ ਵਿੱਚ ਪਾ ਦਿੱਤਾ ਹੈ। ਕੈਲਗਰੀ ਪੁਲਿਸ ਦੇ ਆਰਗੇਨਾਈਜ਼ਡ ਕ੍ਰਾਈਮ ਐਂਡ ਅੰਡਰ ਮੈਨੇਜਮੈਂਟ ਸੈਕਸ਼ਨ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਹ ਵਾਰਦਾਤ ਬੀਤੀ 6 ਮਈ ਦੀ ਸ਼ਾਮ ਨੂੰ ਵਾਪਰੀ ਸੀ। ਚਾਰ ਹਥਿਆਰਬੰਦ ਨੌਜਵਾਨਾਂ ਨੇ ਐਡਮਿੰਟਨ ਸਥਿਤ ਇੱਕ ਘਰ ਵਿੱਚੋਂ ਇੱਕ ਵਿਅਕਤੀ ਨੂੰ ਅਗਵਾ ਕਰ ਲਿਆ। ਅਗਵਾ ਦੌਰਾਨ ਪੀੜਤ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਤੇ ਪਿਸਤੌਲ ਦੀ ਨੋਕ 'ਤੇ ਡਰਾ-ਧਮਕਾ ਕੇ ਉਸ ਨੂੰ ਜ਼ਬਰਦਸਤੀ ਇੱਕ ਗੱਡੀ ਵਿੱਚ ਬਿਠਾ ਲਿਆ ਗਿਆ। ਪੁਲਿਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਅਗਵਾ ਕੀਤਾ ਗਿਆ ਇਹ ਵਿਅਕਤੀ ਅਸਲ ਵਿੱਚ ਮੁਲਜ਼ਮਾਂ ਦਾ ਮੁੱਖ ਨਿਸ਼ਾਨਾ ਨਹੀਂ ਸੀ, ਬਲਕਿ ਉਸ ਦੀ ਵਰਤੋਂ ਕੈਲਗਰੀ ਵਿੱਚ ਰਹਿੰਦੇ ਉਸ ਦੇ ਇੱਕ ਦੋਸਤ ਨੂੰ ਜਾਲ ਵਿੱਚ ਫਸਾਉਣ ਲਈ ਇੱਕ ਮੋਹਰੇ ਵਜੋਂ ਕੀਤੀ ਜਾ ਰਹੀ ਸੀ, ਜਿਸ ਤੋਂ ਮੁਲਜ਼ਮ ਮੋਟੀ ਰਕਮ ਵਸੂਲਣਾ ਚਾਹੁੰਦੇ ਸਨ।ਸ਼ਿਕਾਇਤ ਮਿਲਦੇ ਹੀ ਹਰਕਤ ਵਿੱਚ ਆਈ ਕੈਲਗਰੀ ਪੁਲਿਸ ਨੇ ਇਲਾਕੇ ਦੀ ਘੇਰਾਬੰਦੀ ਕਰਕੇ ਇੱਕ ਸ਼ੱਕੀ ਗੱਡੀ ਨੂੰ ਰੋਕਿਆ ਤੇ ਮੌਕੇ 'ਤੇ ਹੀ ਦੋ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ।ਫੜੇ ਗਏ ਮੁਲਜ਼ਮਾਂ ਦੀ ਪਛਾਣ 24 ਸਾਲਾ ਤਰਨਵੀਰ ਸਿੰਘ, 25 ਸਾਲਾ ਦਕਸ਼ ਗੌਤਮ, 18 ਸਾਲਾ ਅਕਾਸ਼ਦੀਪ ਸਿੰਘ ਤੇ 24 ਸਾਲਾ ਪਰਦੀਪ ਸਿੰਘ ਵਜੋਂ ਹੋਈ ਹੈ।ਪੁਲਿਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਗ਼ੈਰ-ਕਾਨੂੰਨੀ ਤੌਰ 'ਤੇ ਘਰ ਵਿੱਚ ਤਿਆਰ ਕੀਤਾ ਗਿਆ ਹਥਿਆਰ (ਪੀ.ਐਮ.ਐਫ. ਜਾਂ ਗੋਸਟ ਗੰਨ) ਵੀ ਬ੍ਰਾਮਦ ਕੀਤਾ ਹੈ।

ਪੁਲਿਸ ਵੱਲੋਂ 45 ਨਸ਼ੀਲੀਆਂ ਗੋਲੀਆਂ ਸਮੇਤ ਦੋ ਦੋਸ਼ੀ ਕਾਬੂ

ਰਾਹੋਂ, 17 ਮਈ (ਸੰਜੀਵ ਕੁਮਾਰ ਬੱਬੀ): ਬੀਤੀ ਕੱਲ੍ਹ ਥਾਣਾ ਰਾਹੋਂ ਪੁਲਿਸ ਵੱਲੋਂ 45 ਨਸ਼ੀਲੀਆਂ ਗੋਲੀਆਂ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਰਾਹੋਂ ਦੇ ਮੁਖੀ ਐਸ.ਐਚ.ਓ. ਚੌਧਰੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਪੁਲਿਸ ਪਾਰਟੀ ਨੇ 45 ਨਸ਼ੀਲੀਆਂ ਗੋਲੀਆਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਉਨ੍ਹਾਂ ਆਖਿਆ ਕਿ

ਸੀ.ਬੀ.ਐਸ.ਈ. ਵੱਲੋਂ ਪਹਿਲੀ ਜੁਲਾਈ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਤਿੰਨ ਭਾਸ਼ਾਵਾਂ ਦਾ ਅਧਿਐਨ ਲਾਜ਼ਮੀ

ਚੰਡੀਗੜ੍ਹ, 17 ਮਈ (ਚ.ਨ.ਸ): ਸੀ.ਬੀ.ਐਸ.ਈ. ਨੇ ਪਹਿਲੀ ਜੁਲਾਈ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਤਿੰਨ ਭਾਸ਼ਾਵਾਂ ਦਾ ਅਧਿਐਨ ਲਾਜ਼ਮੀ ਕਰ ਦਿੱਤਾ ਹੈ, ਜਿਨ੍ਹਾਂ ਵਿੱਚ ਘੱਟੋ-ਘੱਟ ਦੋ ਮੂਲ ਭਾਰਤੀ ਭਾਸ਼ਾਵਾਂ ਵੀ ਸ਼ਾਮਲ ਹਨ। ਇਹ ਜਾਣਕਾਰੀ ਬੋਰਡ ਵੱਲੋਂ ਜਾਰੀ ਸਰਕੁਲਰ ਵਿੱਚ ਦਿੱਤੀ ਗਈ ਹੈ। ਇਹ ਪਹਿਲਕਦਮੀ ਸੀ.ਬੀ.ਐਸ.ਈ. ਦੀ ਆਪਣੀ ਅਧਿਐਨ ਯੋਜਨਾ ਨੂੰ ਕੌਮੀ ਸਿੱਖਿਆ ਨੀਤੀ (ਐਨਈਪੀ) 2020 ਤੇ ਸਕੂਲ ਸਿੱਖਿਆ ਲਈ ਕੌਮੀ ਪਾਠਕ੍ਰਮ ਢਾਂਚੇ (ਐਨਸੀਐਫ-ਐਸਈ) 2023 ਦੇ ਅਨੁਕੂਲ ਬਣਾਉਣ ਦੀ ਕੜੀ ਦਾ ਹਿੱਸਾ ਹੈ। ਬੋਰਡ ਵੱਲੋਂ 15 ਮਈ ਨੂੰ ਜਾਰੀ ਸਰਕੁਲਰ ਮੁਤਾਬਿਕ ਵਿਦੇਸ਼ੀ ਭਾਸ਼ਾ ਦੀ ਚੋਣ ਕਰਨ ਵਾਲੇ ਵਿਦਿਆਰਥੀ ਦੋ ਮੂਲ ਭਾਰਤੀ ਭਾਸ਼ਾਵਾਂ ਦਾ ਅਧਿਐਨ ਕਰਨ ਤੋਂ ਬਾਅਦ ਤੀਜੀ ਭਾਸ਼ਾ ਵਜੋਂ ਜਾਂ ਇੱਕ ਵਾਧੂ ਚੌਥੀ ਭਾਸ਼ਾ ਵਜੋਂ ਅਜਿਹਾ ਕਰ ਸਕਦੇ ਹਨ। ਸਰਕੁਲਰ ਵਿੱਚ ਲਿਖਿਆ ਹੈ ਕਿ 'ਪਹਿਲੀ ਜੁਲਾਈ 2026 ਤੋਂ, ਨੌਵੀਂ ਜਮਾਤ ਲਈ ਤਿੰਨ ਭਾਸ਼ਾਵਾਂ (ਆਰ 1, ਆਰ 2, ਆਰ 3) ਦਾ ਅਧਿਐਨ ਲਾਜ਼ਮੀ ਹੋਵੇਗਾ, ਜਿਸ ਵਿੱਚ ਘੱਟੋ-ਘੱਟ ਦੋ ਭਾਸ਼ਾਵਾਂ ਮੂਲ ਭਾਰਤੀ ਭਾਸ਼ਾਵਾਂ ਹੋਣਗੀਆਂ।' ਸੀ.ਬੀ.ਐਸ.ਈ. ਨੇ ਕਿਹਾ ਕਿ ਸਿੱਖਣ 'ਤੇ ਧਿਆਨ ਕੇਂਦਰਿਤ ਰੱਖਣ ਤੇ ਵਿਦਿਆਰਥੀਆਂ ਉਤੇ ਬੇਲੋੜੇ ਦਬਾਅ ਨੂੰ ਘਟਾਉਣ ਲਈ, ਦਸਵੀਂ ਜਮਾਤ ਦੇ ਪੱਧਰ 'ਤੇ ਆਰ 3 ਲਈ ਕੋਈ ਬੋਰਡ ਪ੍ਰੀਖਿਆ ਨਹੀਂ ਲਈ ਜਾਵੇਗੀ। ਸਰਕੁਲਰ ਵਿੱਚ ਕਿਹਾ ਗਿਆ ਹੈ ਕਿ 'ਆਰ 3 ਲਈ ਸਾਰੇ ਮੁਲਾਂਕਣ ਪੂਰੀ ਤਰ੍ਹਾਂ ਸਕੂਲ-ਆਧਾਰਿਤ ਤੇ ਅੰਦਰੂਨੀ ਹੋਣਗੇ। ਆਰ 3 ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਸੀ.ਬੀ.ਐਸ.ਈ. ਸਰਟੀਫਿਕੇਟ ਵਿੱਚ ਸਹੀ ਢੰਗ ਨਾਲ ਦਰਸਾਈ ਜਾਵੇਗੀ। ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਆਰ 3 ਕਰਕੇ ਕਿਸੇ ਵੀ ਵਿਦਿਆਰਥੀ ਨੂੰ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਤੋਂ ਨਹੀਂ ਰੋਕਿਆ ਜਾਵੇਗਾ। ਬੋਰਡ ਵੱਲੋਂ ਅੰਦਰੂਨੀ ਮੁਲਾਂਕਣ ਲਈ ਨਮੂਨਾ ਪ੍ਰਸ਼ਨ ਪੱਤਰ, ਰੁਬਰਿਕਸ (ਸੋਧਾਂ) ਜਲਦੀ ਹੀ ਸਾਂਝੇ ਕੀਤੇ ਜਾਣਗੇ।'' ਬੋਰਡ ਨੇ ਸਕੂਲਾਂ ਨੂੰ 30 ਜੂਨ ਤੱਕ 'ਓ ਏ ਐਸ ਆਈ ਐਸ' ਪੋਰਟਲ 'ਤੇ 6ਵੀਂ ਤੋਂ 9ਵੀਂ ਜਮਾਤ ਲਈ ਆਪਣੀਆਂ ਆਰ 3 ਭਾਸ਼ਾ ਦੀਆਂ ਪੇਸ਼ਕਸ਼ਾਂ ਨੂੰ ਅਪਡੇਟ ਕਰਨ ਲਈ ਵੀ ਕਿਹਾ ਹੈ।

ਕਾਂਗਰਸੀ ਕੌਂਸਲਰ ਗੁਰਦੀਪ ਪਹਿਲਵਾਨ ਕਤਲ ਦਾ ਮਾਮਲਾ
ਅਦਾਲਤ ਵੱਲੋਂ ਜੱਗੂ ਭਗਵਾਨਪੁਰੀਆ ਸਮੇਤ ਪੰਜ ਮੁਲਜ਼ਮ ਬਰੀ, ਤਿੰਨ ਹੋਰਨਾਂ ਨੂੰ ਉਮਰ ਕੈਦ ਦੀ ਸਜ਼ਾ

ਅੰਮ੍ਰਿਤਸਰ, 17 ਮਈ (ਚ.ਨ.ਸ): ਅੰਮ੍ਰਿਤਸਰ ਦੇ ਚਰਚਿਤ ਕਾਂਗਰਸੀ ਕੌਂਸਲਰ ਗੁਰਦੀਪ ਪਹਿਲਵਾਨ ਦੇ ਦਿਨ-ਦਿਹਾੜੇ ਹੋਏ ਸਨਸਨੀਖੇਜ਼ ਕਤਲ ਦੇ ਅੱਠ ਸਾਲਾਂ ਬਾਅਦ, ਵਧੀਕ ਸੈਸ਼ਨ ਜੱਜ ਸੰਜੀਵ ਕੁੰਡੀ ਦੀ ਅਦਾਲਤ ਨੇ ਵੱਡਾ ਫੈਸਲਾ ਸੁਣਾਇਆ ਹੈ। ਅਦਾਲਤ ਨੇ ਨਾਮੀ ਗੈਂਗਸਟਰ ਜਗਦੀਪ ਸਿੰਘ ਉਰਫ਼ ਜੱਗੂ ਭਗਵਾਨਪੁਰੀਆ ਸਮੇਤ ਪੰਜ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਹੈ, ਜਦੋਂਕਿ ਤਿੰਨ ਹੋਰਨਾਂ ਨੂੰ ਦੋਸ਼ੀ ਕਰਾਰ ਦਿੰਦਿਆਂ ਉਮਰਕੈਦ ਦੀ ਸਜ਼ਾ ਸੁਣਾਈ ਹੈ।ਅਦਾਲਤ ਵੱਲੋਂ ਜੱਗੂ ਭਗਵਾਨਪੁਰੀਆ ਤੋਂ ਇਲਾਵਾ ਜਿਨ੍ਹਾਂ ਹੋਰਨਾਂ ਗੈਂਗਸਟਰਾਂ ਨੂੰ ਬਰੀ ਕੀਤਾ ਗਿਆ ਹੈ, ਉਨ੍ਹਾਂ ਵਿੱਚ ਬੌਬੀ ਮਲਹੋਤਰਾ, ਭੁਪਿੰਦਰ ਸਿੰਘ ਉਰਫ਼ ਸੋਨੂੰ ਕੰਗਲਾ, ਕਾਰਤਿਕ ਉਰਫ਼ ਘੋੜਾ ਤੇ ਵਰਿੰਦਰ ਸਿੰਘ ਉਰਫ਼ ਸੰਨੀ ਸ਼ਾਮਲ ਹਨ। ਮਾਣਯੋਗ ਜੱਜ ਨੇ ਆਪਣੇ ਫੈਸਲੇ ਵਿੱਚ ਟਿੱਪਣੀ ਕੀਤੀ ਕਿ ਸਰਕਾਰੀ ਪੱਖ (ਪ੍ਰੋਸੀਕਿਊਸ਼ਨ) ਇਨ੍ਹਾਂ ਮੁਲਜ਼ਮਾਂ ਖ਼ਿਲਾਫ਼ ਲੱਗੇ ਦੋਸ਼ਾਂ ਨੂੰ ਬਿਨਾਂ ਕਿਸੇ ਸ਼ੱਕ ਦੇ ਸਾਬਤ ਕਰਨ ਵਿੱਚ 'ਪੂਰੀ ਤਰ੍ਹਾਂ ਨਾਕਾਮ' ਰਿਹਾ ਹੈ।

ਇਨ੍ਹਾਂ 3 ਮੁਲਜ਼ਮਾਂ ਨੂੰ ਮਿਲੀ ਸਖ਼ਤ ਸਜ਼ਾ: ਦੂਜੇ ਪਾਸੇ, ਅਦਾਲਤ ਨੇ ਤਿੰਨ ਮੁਲਜ਼ਮਾਂ ਅਰੁਣ ਕੁਮਾਰ ਉਰਫ਼ ਛੁਰੀਮਾਰ, ਅੰਗਰੇਜ਼ ਸਿੰਘ ਤੇ ਅਮਨਪ੍ਰੀਤ ਸਿੰਘ ਉਰਫ਼ ਰਿਕਾ ਨੂੰ ਭਾਰਤੀ ਦੰਡਾਵਲੀ ਦੀ ਧਾਰਾ 120-ਬੀ (ਅਪਰਾਧਿਕ ਸਾਜ਼ਿਸ਼), 148 (ਜਾਨਲੇਵਾ ਹਥਿਆਰਾਂ ਨਾਲ ਦੰਗਾ ਕਰਨਾ), 302 (ਕਤਲ), 473 (ਜਾਅਲਸਾਜ਼ੀ) ਤੇ 201 (ਸਬੂਤ ਨਸ਼ਟ ਕਰਨਾ) ਤਹਿਤ ਦੋਸ਼ੀ ਪਾਇਆ। ਅਦਾਲਤ ਨੇ ਤਿੰਨਾਂ ਨੂੰ ਸਖ਼ਤ ਉਮਰਕੈਦ ਦੀ ਸਜ਼ਾ ਸੁਣਾਈ ਤੇ 22,000-22,000 ਰੁਪਏ ਜੁਰਮਾਨਾ ਕੀਤਾ। ਜੁਰਮਾਨਾ ਨਾ ਭਰਨ ਦੀ ਸੂਰਤ ਵਿੱਚ ਉਨ੍ਹਾਂ ਨੂੰ ਛੇ ਮਹੀਨੇ ਦੀ ਵਾਧੂ ਕੈਦ ਕੱਟਣੀ ਪਵੇਗੀ।ਜ਼ਿਕਰਯੋਗ ਹੈ ਕਿ ਕੇਸ ਦੀ ਸੁਣਵਾਈ ਦੌਰਾਨ ਦੋ ਮੁਲਜ਼ਮਾਂ ਰਵਨੀਤ ਸਿੰਘ ਉਰਫ਼ ਸੋਨੂੰ ਮੋਟਾ ਤੇ ਰਜਤ ਮਲਹੋਤਰਾ ਉਰਫ਼ ਕਰਨ ਮਸਤੀ ਦੀ ਮੌਤ ਹੋ ਚੁੱਕੀ ਹੈ। ਇਨ੍ਹਾਂ ਵਿੱਚੋਂ ਸੋਨੂੰ ਮੋਟਾ ਦਾ ਕਤਲ ਅਪ੍ਰੈਲ 2025 ਵਿੱਚ ਗੁਰਦੀਪ ਪਹਿਲਵਾਨ ਦੇ ਪੁੱਤਰ ਅਭਿਰਾਜ ਸਿੰਘ ਉਰਫ਼ ਅਭੀ ਨੇ ਆਪਣੇ ਪਿਤਾ ਦੀ ਮੌਤ ਦਾ ਬਦਲਾ ਲੈਣ ਲਈ ਗੋਲੀਆਂ ਮਾਰ ਕੇ ਕਰ ਦਿੱਤਾ ਸੀ। ਮ੍ਰਿਤਕ ਕੌਂਸਲਰ ਦੇ ਭਰਾ ਸੁਖਬੀਰ ਸਿੰਘ ਉਰਫ਼ ਸੋਨੂੰ ਪਹਿਲਵਾਨ ਨੇ ਅਦਾਲਤੀ ਫੈਸਲੇ 'ਤੇ ਡੂੰਘੀ ਨਿਰਾਸ਼ਾ ਜ਼ਾਹਿਰ ਕੀਤੀ ਹੈ। ਉਨ੍ਹਾਂ ਕਿਹਾ ਕਿ ਉਹ ਸਾਰੇ ਮੁੱਖ ਮੁਲਜ਼ਮ, ਜਿਨ੍ਹਾਂ ਦੀ ਗੁਰਦੀਪ ਨਾਲ ਪੁਰਾਣੀ ਰੰਜਿਸ਼ ਸੀ ਤੇ ਜੋ ਲਗਾਤਾਰ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਹੇ ਸਨ, ਅੱਜ ਬਰੀ ਹੋ ਗਏ ਹਨ।

ਪੁਲਿਸ ਮੁਲਾਜ਼ਮ ਵੱਲੋਂ ਜਵਾਬੀ ਕਾਰਵਾਈ 'ਚ ਚਲਾਈ ਗੋਲੀ ਲੱਗਣ ਕਾਰਨ ਕੈਦੀ ਦੀ ਮੌਤ

ਹੁਸ਼ਿਆਰਪੁਰ, 17 ਮਈ (ਚ.ਨ.ਸ): ਹੁਸ਼ਿਆਰਪੁਰ ਦੇ ਸਿਵਲ ਹਸਪਤਾਲ ਵਿੱਚ ਉਸ ਵੇਲੇ ਡਰ ਦਾ ਮਾਹੌਲ ਬਣ ਗਿਆ, ਜਦੋਂ ਇੱਕ ਹਵਾਲਾਤੀ ਕੈਦੀ ਨੇ ਫ਼ਰਾਰ ਹੋਣ ਦੀ ਕੋਸ਼ਿਸ਼ ਦੌਰਾਨ ਇੱਕ ਪੁਲਿਸ ਮੁਲਾਜ਼ਮ 'ਤੇ ਤੇਜ਼ਧਾਰ ਹਥਿਆਰ ਨਾਲ ਕਥਿਤ ਤੌਰ 'ਤੇ ਹਮਲਾ ਕਰ ਦਿੱਤਾ। ਪੁਲਿਸ ਨੇ ਦੱਸਿਆ ਕਿ ਪੁਲਿਸ ਮੁਲਾਜ਼ਮ ਵੱਲੋਂ ਜਵਾਬੀ ਕਾਰਵਾਈ ਵਿੱਚ ਚਲਾਈ ਗਈ ਗੋਲੀ ਲੱਗਣ ਕਾਰਨ ਬਾਅਦ ਵਿੱਚ ਕੈਦੀ ਦੀ ਮੌਤ ਹੋ ਗਈ।ਘਟਨਾ ਦੀ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਕੈਦੀਆਂ ਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਪਹਿਲਾਂ ਮੈਡੀਕਲ ਜਾਂਚ ਲਈ ਰੋਜ਼ਾਨਾ ਸਿਵਲ ਹਸਪਤਾਲ ਲਿਜਾਇਆ ਜਾਂਦਾ ਹੈ। ਇਸੇ ਤਰ੍ਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਕੋਟਲਾ ਗੋਂਸਪੁਰ

ਦੇ ਰਹਿਣ ਵਾਲੇ ਸ਼ਸ਼ੀ ਦੇ ਪੁੱਤਰ ਕੈਦੀ ਨਸੀਬ ਨੂੰ ਪੁਲਿਸ ਮੁਲਾਜ਼ਮਾਂ ਵੱਲੋਂ ਮੈਡੀਕਲ ਜਾਂਚ ਲਈ ਹਸਪਤਾਲ ਲਿਆਂਦਾ ਗਿਆ ਸੀ। ਐਸ.ਐਸ.ਪੀ. ਨੇ ਦੱਸਿਆ ਕਿ ਨਸੀਬ ਖ਼ਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਕਤਲ, ਕਤਲ ਦੀ ਕੋਸ਼ਿਸ਼ ਤੇ ਹੋਰ ਗੰਭੀਰ ਅਪਰਾਧਾਂ ਸਮੇਤ ਸੱਤ ਅਪਰਾਧਿਕ ਮਾਮਲੇ ਦਰਜ ਸਨ।

ਇਜ਼ਰਾਈਲ ਤੇ ਲਿਬਨਾਨ ਜੰਗਬੰਦੀ 45 ਦਿਨਾਂ ਲਈ ਹੋਰ ਵਧਾਉਣ ਲਈ ਸਹਿਮਤ ਹੋਏ

ਵਾਸ਼ਿੰਗਟਨ, 17 ਮਈ (ਚ.ਨ.ਸ): ਇਜ਼ਰਾਈਲ ਤੇ ਲਿਬਨਾਨ ਆਪਣੀ ਜੰਗਬੰਦੀ ਨੂੰ 45 ਦਿਨਾਂ ਲਈ ਹੋਰ ਵਧਾਉਣ ਲਈ ਸਹਿਮਤ ਹੋਏ ਹਨ। ਇਹ ਜਾਣਕਾਰੀ ਅਮਰੀਕੀ ਵਿਦੇਸ਼ ਵਿਭਾਗ

ਦੁਆਰਾ ਪ੍ਰਦਾਨ ਕੀਤੀ ਗਈ ਸੀ, ਜੋ ਦੋਵਾਂ ਦੇਸ਼ਾਂ ਵਿਚਕਾਰ ਵਿਚੋਲਗੀ ਕਰ ਰਿਹਾ ਹੈ।ਹਾਲਾਂਕਿ, ਪਿਛਲੀ ਅਮਰੀਕੀ ਵਿਚੋਲਗੀ ਜੰਗਬੰਦੀ ਦੌਰਾਨ ਵੀ ਲਿਬਨਾਨ ਦੇ ਅੰਦਰ ਇਜ਼ਰਾਈਲੀ ਹਮਲੇ ਜਾਰੀ ਰਹੇ ਤੇ ਦੱਖਣੀ ਲਿਬਨਾਨ ਵਿੱਚ ਇਜ਼ਰਾਈਲੀ ਫੌਜਾਂ ਤੇ ਇਸਲਾਮੀ ਲੜਾਕਿਆਂ ਵਿਚਕਾਰ ਝੜਪਾਂ ਜਾਰੀ ਰਹੀਆਂ। ਇਸ ਦੌਰਾਨ ਗਾਜ਼ਾ ਦੇ ਮੋਰਚੇ 'ਤੇ, ਇਜ਼ਰਾਈਲ ਨੇ ਸ਼ੁੱਕਰਵਾਰ ਨੂੰ ਇੱਕ ਹਵਾਈ ਹਮਲੇ ਵਿੱਚ ਇਜ਼ ਅਲ-ਦੀਨ ਅਲ-ਹਦਾਦ- ਹਮਾਸ ਦੇ ਫੌਜੀ ਵਿੰਗ ਦੇ ਮੁਖੀ ਨੂੰ ਮਾਰ ਦਿੱਤਾ। ਹਦਾਦ ਮਈ 2025 ਵਿੱਚ ਮੁਹੰਮਦ ਸਿਨਵਰ ਦੀ ਮੌਤ ਤੋਂ ਬਾਅਦ ਹਮਾਸ ਦੇ ਫੌਜੀ ਵਿੰਗ ਦੀ ਕਮਾਂਡ ਕਰ ਰਿਹਾ ਸੀ। ਹਦਾਦ ਹਮਾਸ ਦੇ ਸਭ ਤੋਂ ਸੀਨੀਅਰ ਵਿਅਕਤੀਆਂ ਵਿੱਚੋਂ ਇੱਕ ਸੀ ਤੇ ਉਸਨੇ 7 ਅਕਤੂਬਰ, 2023 ਨੂੰ ਇਜ਼ਰਾਈਲ 'ਤੇ ਹੋਏ ਹਮਲੇ ਵਿੱਚ ਸਰਗਰਮ ਭੂਮਿਕਾ ਨਿਭਾਈ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਇਜ਼ਰਾਈਲੀ ਹਮਲੇ ਵਿੱਚ ਤਿੰਨ ਲੋਕ ਮਾਰੇ ਗਏ ਸਨ ਤੇ 20 ਜ਼ਖਮੀ ਹੋਏ ਸਨ। ਹਦਾਦ ਨੂੰ ਨਿਸ਼ਾਨਾ ਬਣਾਉਣ ਲਈ, ਇਜ਼ਰਾਈਲ ਨੇ ਗਾਜ਼ਾ ਸ਼ਹਿਰ ਵਿੱਚ ਇੱਕ ਅਪਾਰਟਮੈਂਟ ਇਮਾਰਤ ਤੇ ਇੱਕ ਕਾਰ 'ਤੇ ਹਮਲਾ ਕੀਤਾ, ਹਦਾਦ ਇਨ੍ਹਾਂ ਵਿੱਚੋਂ ਇੱਕ ਸਥਾਨ 'ਤੇ ਮੌਜੂਦ ਸੀ। ਕਾਰਵਾਈ ਤੋਂ ਬਾਅਦ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਹਦਾਦ ਇਜ਼ਰਾਈਲੀ ਨਾਗਰਿਕਾਂ ਦੀ ਹੱਤਿਆ ਵਿੱਚ ਸ਼ਾਮਲ ਸੀ ਤੇ ਨਤੀਜੇ ਵਜੋਂ, ਉਸਨੂੰ ਖਤਮ ਕਰ ਦਿੱਤਾ ਗਿਆ ਹੈ।

ਅਕਾਲੀ ਦਲ ਦੇ ਉਮੀਦਵਾਰਾਂ ਨੇ ਰਾਜ ਖੰਨਾ ਦੀ ਅਗਵਾਈ 'ਚ ਕਾਗਜ਼ ਦਾਖ਼ਲ ਕੀਤੇ

ਅਮਲੋਹ, 17 ਮਈ (ਜਸਵੰਤ ਸਿੰਘ): ਸਰਕਾਰ ਵੱਲੋਂ ਨਗਰ ਕੌਂਸਲ ਦੀਆਂ ਚੋਣਾਂ ਕਰਵਾਈਆਂ ਨਹੀਂ ਜਾ ਰਹੀਆਂ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੌਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਦੀ ਚੋਣ ਲੜ ਰਹੇ ਪਾਰਟੀ ਉਮੀਦਵਾਰਾਂ ਦੇ ਕਾਗਜ਼ ਐਸਡੀਐਮ ਚਰਨਜੋਤ ਸਿੰਘ ਵਾਲੀਆ ਕੋਲ ਦਾਖ਼ਲ ਕਰਨ ਉਪਰੰਤ ਕਹੀ। ਉਨ੍ਹਾਂ ਕਿਹਾ ਕਿ ਕੌਂਸਲ ਦੇ ਅਧਿਕਾਰੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਤੇ ਹੋਰ ਪਾਰਟੀਆਂ ਦੇ ਉਮੀਦਵਾਰਾਂ ਨੂੰ ਐਨਓਸੀ ਲੈਣ ਸਮੇਂ ਪ੍ਰੇਸ਼ਾਨ ਕੀਤਾ ਗਿਆ, ਜਦੋਂ ਕਿ ਆਪ ਦੇ ਉਮੀਦਵਾਰਾਂ ਦੇ ਫਾਰਮ ਅਧਿਕਾਰੀਆਂ ਨੇ ਘਰਾਂ ਵਿੱਚ ਜਾ ਕੇ ਭਰ ਕੇ ਐਨ.ਓ.ਸੀ. ਦਿੱਤੀਆਂ। ਉਨ੍ਹਾਂ ਚੋਣ ਕਮਿਸ਼ਨ ਵੱਲੋਂ ਕਾਗਜ਼ ਦਾਖਲ ਕਰਵਾਉਣ ਲਈ ਘੱਟ ਸਮਾਂ ਦੇਣ ਦਾ ਵੀ ਦੋਸ਼ ਲਗਾਉਂਦਿਆ ਕਿਹਾ ਕਿ ਅਜਿਹਾ ਕਰਕੇ ਲੋਕਾਂ ਨੂੰ ਖੱਜਲ-ਖੁਆਰ ਕੀਤਾ ਗਿਆ। ਉਨ੍ਹਾਂ ਸ਼ਹਿਰ ਦੀ ਤਰੱਕੀ ਲਈ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ। ਉਨ੍ਹਾਂ ਮੌਜੂਦਾ ਤੇ ਕਾਂਗਰਸ ਦੀ ਅਲੋਚਨਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਸ਼ਹਿਰ ਦੇ ਵਿਕਾਸ ਲਈ ਕੁਝ ਨਹੀਂ ਕੀਤਾ, ਜਦੋਂ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਆਈਆਂ। ਇਸ ਮੌਕੇ ਹਲਕਾ ਆਬਜ਼ਰਵਰ ਜਤਿੰਦਰ ਸਿੰਘ ਧਾਲੀਵਾਲ, ਭਿੰਦਰ ਸਿੰਘ ਮੰਡੀ, ਜਰਨੈਲ ਸਿੰਘ ਮਾਜਰੀ, ਜਥੇ. ਕੁਲਦੀਪ ਸਿੰਘ ਮਛਰਾਈ, ਜਥੇ. ਹਰਬੰਸ ਸਿੰਘ ਬਡਾਲੀ, ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਅਰੁਜਨ ਸਿੰਘ, ਭਾਰਤ ਭੂਸ਼ਨ ਟੋਨੀ, ਕੁਲਵਿੰਦਰ ਸਿੰਘ ਭੰਗੂ, ਗੁਰਪ੍ਰੀਤ ਸਿੰਘ ਨੌਨੀ, ਐਡ. ਸਤਨਾਮ ਸਿੰਘ ਭਗੜਾਣਾ, ਸੁਰਜੀਤ ਸਿੰਘ ਬਰੌਗਾ, ਗੁਰਕੀਰਤ ਸਿੰਘ ਪਨਾਗ, ਫੌਰਮੈਨ ਬਲਵੀਰ ਸਿੰਘ ਸਿੱਧੂ, ਬਾਬਾ ਨਿਸ਼ਾਨ ਸਿੰਘ, ਸੋਮਨਾਥ ਅਜਨਾਲੀ, ਨਾਜ਼ਰ ਸਿੰਘ ਮੰਡੀ, ਬਿਕਰਮ ਸਿੰਘ ਬੀਕਾ, ਹਰਪਾਲ ਸਿੰਘ ਮੱਗੋ, ਹਰਪਾਲ ਸਿੰਘ ਨਸਰਾਲੀ, ਹਰਪਿੰਦਰ ਸਿੰਘ ਭੂਰਾ, ਹਰਮੀਤ ਸਿੰਘ ਖ਼ਾਲਸਾ, ਪ੍ਰਿੰਸ ਛੱਤਵਾਲ, ਰੁਘਬੀਰ ਸਿੰਘ ਕੁੰਭੜਾ, ਬਲਜੀਤ ਸਿੰਘ ਰਹਿਲ ਤੇ ਹਰਮਿੰਦਰ ਸਿੰਘ ਮੌਜੂਦ ਸਨ।

ਅਕਾਲੀ ਦਲ ਦੇ ਉਮੀਦਵਾਰਾਂ ਨੇ ਨਗਰ ਨਿਗਮ ਚੋਣਾਂ ਲਈ 50 ਵਾਰਡਾਂ ਤੋਂ ਨਾਮਜ਼ਦਗੀਆਂ ਭਰੀਆਂ

ਅਬੋਹਰ, 17 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਆਮ ਆਦਮੀ ਪਾਰਟੀ ਅਬੋਹਰ ਵੱਲੋਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਅੱਜ ਵੱਡਾ ਸ਼ਕਤੀ ਪ੍ਰਦਰਸ਼ਨ ਕਰਦਿਆਂ 50 ਦੇ 50 ਵਾਰਡਾਂ ਤੋਂ ਆਪਣੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਐਸ.ਡੀ.ਐਮ. ਦਫ਼ਤਰ ਵਿੱਚ ਦਾਖਲ ਕਰਵਾਏ ਗਏ। ਇਸ ਮੌਕੇ ਹਲਕਾ ਇੰਚਾਰਜ ਅਰੁਣ ਨਾਰੰਗ, ਸੀਨੀਅਰ ਆਗੂ ਐਡ. ਹਰਪ੍ਰੀਤ ਸਿੰਘ, ਪਾਰਟੀ ਅਹੁਦੇਦਾਰ, ਵਰਕਰ ਤੇ ਵੱਡੀ ਗਿਣਤੀ ਵਿੱਚ ਸਮਰਥਕ ਮੌਜੂਦ ਰਹੇ। ਸ਼ਹਿਰ ਵਿੱਚ ਪਾਰਟੀ ਵਰਕਰਾਂ ਵਿੱਚ ਭਾਰੀ ਜੋਸ਼ ਦੇਖਣ ਨੂੰ ਮਿਲਿਆ। ਹਲਕਾ ਇੰਚਾਰਜ ਅਰੁਣ ਨਾਰੰਗ ਦੀ ਅਗਵਾਈ ਹੇਠ ਪਾਰਟੀ ਉਮੀਦਵਾਰਾਂ ਨੇ ਐਸਡੀਐਮ ਦਫ਼ਤਰ ਪਹੁੰਚ ਕੇ ਆਪਣੇ-ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਇਸ ਦੌਰਾਨ ਅਰੁਣ ਨਾਰੰਗ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੀਤੇ ਵਿਕਾਸ ਕਾਰਜਾਂ ਤੇ ਲੋਕ-ਹਿੱਤ ਨੀਤੀਆਂ ਕਾਰਨ ਲੋਕਾਂ ਦਾ ਭਰੋਸਾ ਪਾਰਟੀ ਪ੍ਰਤੀ

ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਅਬੋਹਰ ਨਗਰ ਨਿਗਮ ਚੋਣਾਂ ਵਿੱਚ ਆਮ ਆਦਮੀ ਪਾਰਟੀ ਇਤਿਹਾਸਕ ਜਿੱਤ ਦਰਜ ਕਰੇਗੀ। ਅਰੁਣ ਨਾਰੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਤੇ ਇਸ ਚੋਣ ਵਿੱਚ ਸਾਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਅਬੋਹਰ ਨਗਰ ਨਿਗਮ

ਮੰਤਰੀ ਮੁੰਡੀਆਂ ਨੇ ਦੋ ਆਮ ਆਦਮੀ ਕਲੀਨਿਕਾਂ ਦਾ ਰੱਖਿਆ ਨੀਂਹ ਪੱਥਰ

ਲੁਧਿਆਣਾ, 17 ਮਈ (ਵਿਸ਼ਾਲ ਸ਼ਰਮਾ): ਪੇਂਡੂ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦਿੰਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸ਼ਨੀਵਾਰ ਨੂੰ ਹਲਕਾ ਸਾਹਨੇਵਾਲ ਦੇ ਪਿੰਡ ਚੌਂਤਾ ਅਤੇ ਬੂਥ ਗੜ੍ਹ ਵਿੱਚ ਦੋ ਨਵੇਂ ਆਮ ਆਦਮੀ ਕਲੀਨਿਕਾਂ ਦੇ ਨਾਲ-ਨਾਲ ਖਾਸੀ ਕਲਾਂ ਵਿਖੇ ਇੱਕ ਸਿਹਤ ਅਤੇ ਤੰਦਰੁਸਤੀ ਕੇਂਦਰ ਦਾ ਨੀਂਹ ਪੱਥਰ ਰੱਖਿਆ। 125.5 ਲੱਖ ਰੁਪਏ ਦੇ ਪ੍ਰੋਜੈਕਟਾਂ ਦਾ ਉਦੇਸ਼ ਪੇਂਡੂ ਅਤੇ ਆਸ ਪਾਸ ਦੇ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਲਈ ਪਹੁੰਚਯੋਗ ਅਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣਾ ਹੈ। ਨੀਂਹ ਪੱਥਰ ਰੱਖਣ ਦੇ ਸਮਾਰੋਹਾਂ ਦੌਰਾਨ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਮਿਆਰੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਸਿਹਤ ਸੰਭਾਲ ਸੰਸਥਾਵਾਂ ਪਿੰਡਾਂ ਅਤੇ ਨੇੜਲੇ ਨਿਵਾਸੀਆਂ ਲਈ ਉਨ੍ਹਾਂ ਦੇ ਘਰਾਂ ਦੇ ਨੇੜੇ ਆਧੁਨਿਕ ਅਤੇ ਕਿਫਾਇਤੀ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਕੇ ਡਾਕਟਰੀ ਪਹੁੰਚ ਵਿੱਚ ਮਹੱਤਵਪੂਰਨ ਸੁਧਾਰ ਕਰਨਗੀਆਂ।

ਹਰਦੀਪ ਸਿੰਘ ਮੁੰਡੀਆਂ ਨੇ ਕਿਹਾ, ਪੰਜਾਬ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਿਹਤ ਸੰਭਾਲ ਅਤੇ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇਗੀ। ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਰਾਜ ਦੇ ਸਿਹਤ ਸੰਭਾਲ ਖੇਤਰ ਵਿੱਚ ਇੱਕ ਗੇਮ-ਚੇਂਜਰ ਪਹਿਲਕਦਮੀ ਵਜੋਂ ਉੱਭਰੀ ਹੈ, ਜਿਸ ਨਾਲ ਪੰਜਾਬੀਆਂ ਨੂੰ ਵਿੱਤੀ ਬੋਝ ਤੋਂ ਬਿਨਾਂ ਮੁਫਤ ਸਲਾਹ-ਮਸ਼ਵਰੇ, ਡਾਇਗਨੌਸਟਿਕ ਟੈਸਟ ਅਤੇ ਜ਼ਰੂਰੀ ਦਵਾਈਆਂ ਪ੍ਰਾਪਤ ਕਰਨ ਦੇ ਯੋਗ ਬਣਾਇਆ ਗਿਆ ਹੈ। ਸਬੰਧਤ ਖੇਤਰਾਂ ਦੇ ਲੋਕਾਂ ਨੇ ਪ੍ਰੋਜੈਕਟਾਂ ਦਾ ਸਵਾਗਤ ਕੀਤਾ ਅਤੇ ਪੇਂਡੂ ਵਿਕਾਸ ਅਤੇ ਲੋਕ ਭਲਾਈ ਪਹਿਲਕਦਮੀਆਂ ਨੂੰ ਤਰਜੀਹ ਦੇਣ ਲਈ ਕੈਬਨਿਟ ਮੰਤਰੀ ਮੁੰਡੀਆਂ ਦਾ ਧੰਨਵਾਦ ਕੀਤਾ।

ਜ਼ਿਲ੍ਹਾ ਲੁਧਿਆਣਾ ਦੀਆਂ ਨਗਰ ਕੌਂਸਲ ਚੋਣਾਂ ਲਈ ਬਲਦੀਪ ਕੌਰ ਅਬਜ਼ਰਵਰ ਨਿਯੁਕਤ

ਲੁਧਿਆਣਾ, 17 ਮਈ (ਵਿਸ਼ਾਲ ਸ਼ਰਮਾ) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਵਿਸ਼ੇਸ਼ ਸਕੱਤਰ ਬਲਦੀਪ ਕੌਰ ਨੂੰ ਨਗਰ ਕੌਂਸਲ ਖੰਨਾ, ਜਗਰਾਓਂ, ਪਾਇਲ, ਦੋਰਾਹਾ, ਰਾਏਕੋਟ ਅਤੇ ਸਮਰਾਲਾ ਵਿੱਚ ਚੋਣਾਂ ਲਈ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਆਬਜ਼ਰਵਰ ਬਲਦੀਪ ਕੌਰ ਇੰਟਰਨੈਸ਼ਨਲ ਗੈਸਟ ਹਾਊਸ, ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਲੁਧਿਆਣਾ ਵਿਖੇ ਠਹਿਰਣਗੇ। ਨਗਰ ਕੌਂਸਲ ਚੋਣਾਂ ਸਬੰਧੀ ਆਬਜ਼ਰਵਰ ਨਾਲ ਉਨ੍ਹਾਂ ਦੀ ਈ-ਮੇਲ observerldhmcBF@gmail.com 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਜੇ.ਐੱਸ.ਟੀ. ਟਰੱਕ ਪਰਮਿਟ-ਓਲੰਪੀਅਨ ਪ੍ਰਿਥੀਪਾਲ ਸਿੰਘ ਹਾਕੀ ਫੈਸਟੀਵਲ ਦਾ ਤੀਜਾ ਦਿਨ

ਲੁਧਿਆਣਾ, 17 ਮਈ (ਕਰਨੈਲ ਸਿੰਘ ਐੱਮ.ਏ.) : ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਪਿੰਡ ਜਰਖੜ ਵੱਲੋਂ 16ਵਾਂ ਜੇ.ਐੱਸ.ਟੀ. ਟਰੱਕ ਪਰਮਿਟ, ਓਲੰਪੀਅਨ ਪ੍ਰਿਥੀਪਾਲ ਸਿੰਘ ਹਾਕੀ ਫੈਸਟੀਵਲ ਦੇ ਤੀਜੇ ਦਿਨ ਅੱਜ ਸੀਨੀਅਰ ਵਰਗ ਵਿੱਚ ਬਾਬਾ ਸ਼ੇਰ ਸਾਹ ਵਲੀ ਅਕੈਡਮੀ ਫਿਰੋਜ਼ਪੁਰ ਅਤੇ ਯੰਗ ਉਟਾਲਾ ਜੇਤੂ ਰਹੇ, ਜਦ ਕਿ ਜੂਨੀਅਰ ਵਰਗ ਵਿੱਚ ਕਿਲਾ ਰਾਏਪੁਰ ਅਤੇ ਸੰਗਰੂਰ ਦੀਆਂ ਟੀਮਾਂ ਨੇ ਆਪਣੇ ਜੇਤੂ ਕਦਮ ਅੱਗੇ ਵਧਾਏ।

ਅੱਜ ਤੀਸਰੇ ਦਿਨ ਦੂਸਰੇ ਗੇੜ ਦੇ ਮੈਚਾਂ ਵਿੱਚ ਸੀਨੀਅਰ ਵਰਗ ਵਿੱਚ ਜੂਨੀਅਰ ਵਿਸ਼ਵ ਕੱਪ ਜੇਤੂ ਕਪਤਾਨ ਹਰਜੀਤ ਸਿੰਘ ਹਰਜੀਤਾ ਦੀ ਕਪਤਾਨੀ ਹੇਠ ਬਾਬਾ ਸ਼ੇਰ ਸਾਹ ਵਲੀ ਹਾਕੀ ਅਕੈਡਮੀ ਫਿਰੋਜ਼ਪੁਰ ਨੇ ਅਮਰਗੜ੍ਹ ਹਾਕੀ ਸੈਂਟਰ ਨਾਲ 6-6 ਗੋਲਾਂ ਦੀ ਬਰਾਬਰੀ ਤੋਂ ਬਾਅਦ ਸ਼ੂਟ ਆਊਟ ਵਿੱਚ 3-2 ਗੋਲਾਂ ਨਾਲ ਹਰਾ ਕੇ ਟੂਰਨਾਮੈਂਟ ਦੀ ਪਹਿਲੀ ਜਿੱਤ ਹਾਸਲ ਕੀਤੀ, ਜਦਕਿ ਦੂਸਰੇ ਮੁਕਾਬਲੇ ਵਿੱਚ ਯੰਗ ਕਲੱਬ ਉਟਾਲਾ ਨੇ ਲੁਧਿਆਣਾ ਸਪੋਰਟਸ ਕਲੱਬ ਨੂੰ ਇੱਕ ਤਰਫਾ ਕਰਦਿਆਂ 7-2 ਗੋਲਾਂ ਨਾਲ ਮਾਤ ਦਿੱਤੀ। ਜੂਨੀਅਰ ਵਰਗ ਵਿੱਚ ਕਿਲਾ ਰਾਏਪੁਰ ਹਾਕੀ ਸੈਂਟਰ ਨੇ ਏਕ ਨੂਰ ਅਕੈਡਮੀ ਤੇਹਿੰਗ ਨੂੰ 6-2 ਗੋਲਾਂ ਹਰਾ ਕੇ ਟੂਰਨਾਮੈਂਟ ਦਾ ਵੱਡਾ ਉਲਟ ਫੇਰ ਕੀਤਾ, ਜਦਕਿ ਇਸ ਤੋਂ ਪਹਿਲਾਂ ਸੰਗਰੂਰ ਅਕੈਡਮੀ ਨੇ ਨਨਕਾਣਾ ਸਾਹਿਬ ਛੰਨਾ ਅਮਰਗੜ੍ਹ ਹਾਕੀ ਸੈਂਟਰ ਨੂੰ 4-3 ਨਾਲ ਹਰਾ ਕੇ ਟੂਰਨਾਮੈਂਟ ਵਿੱਚ ਆਪਣੀ ਪਹਿਲੀ ਜਿੱਤ ਹਾਸਲ ਕੀਤੀ।

ਇਸ ਮੌਕੇ ਗਿਆਨ ਸਿੰਘ ਕਾਲੜਾ ਜ਼ਿਲ੍ਹਾ ਕੋਆਰਡੀਨੇਟਰ ਸਿੱਖਿਆ ਕ੍ਰਾਂਤੀ ਆਮ ਆਦਮੀ ਪਾਰਟੀ, ਅੰਤਰਰਾਸ਼ਟਰੀ ਵੇਟ ਲਿਫਟਰ ਹਰਦੀਪ ਸਿੰਘ ਬੀਰਮਪੁਰ, ਅਮਰੀਕ ਸਿੰਘ ਮਿਨਹਾਸ ਰਿਟਾਇਰਡ ਏ ਆਈਜੀ ਪੰਜਾਬ ਪੁਲਿਸ, ਸਾਬਕਾ ਕੌਮੀ ਖਿਡਾਰੀ ਰਛਪਾਲ ਸਿੰਘ ਨਾਗੀ ਨੇ ਮੁੱਖ ਮਹਿਮਾਨ ਵਜੋਂ ਵੱਖ-ਵੱਖ ਟੀਮਾਂ ਨਾਲ ਜਾਣ ਪਹਿਚਾਣ ਕੀਤੀ।

ਭਾਜਪਾ ਨੇ ਪੈਟਰੋਲ ਡੀਜ਼ਲ ਦੀਆਂ ਕੀਮਤਾਂ ਵਧਾਉਣ ਸਮੇਤ ਮਹਿੰਗਾਈ ਦਾ ਬੋਝ ਪਾ ਕੇ ਆਮ ਲੋਕਾਂ ਦਾ ਜਿਉਣਾ ਦੁੱਭਰ ਕੀਤਾ : ਗਵਿੰਦਰ ਪਾਲ ਪਾਲੀ

ਲੁਧਿਆਣਾ, 17 ਮਈ (ਰਵਿੰਦਰ ਸਿੰਘ ਨਿੱਝਰ): ਪੰਜਾਬ ਕੰਟੇਨਰ ਐਂਡ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਡਾਇਰੈਕਟਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਰਵਿੰਦਰ ਪਾਲ ਸਿੰਘ ਪਾਲੀ ਨੇ ਆਖਿਆ ਹੈ ਕਿ ਭਾਰਤੀ ਜਨਤਾ ਪਾਰਟੀ ਨੇ ਹਾਲ ਹੀ ਵਿੱਚ ਹੋਈਆਂ ਪੰਜ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਮਹਿੰਗਾਈ ਸਬੰਧੀ ਚੁੱਪ ਵੱਟੀ ਰੱਖੀ ਅਤੇ ਨਤੀਜੇ ਆਉਣ ਸਾਰ ਪੈਟਰੋਲ, ਡੀਜ਼ਲ ਅਤੇ ਸੀਐਨਜੀ ਆਦਿ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਆਮ ਲੋਕਾਂ ਦਾ ਜਿਉਣਾ ਹੋਰ ਵੀ ਦੁੱਭਰ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ 2014 ਤੋਂ ਸੱਤਾ ਵਿੱਚ ਆਈ ਹੈ, ਉਦੋਂ ਤੋਂ ਹੁਣ ਤੱਕ ਕਈ ਵਸਤੂਆਂ ਦੀਆਂ ਕੀਮਤਾਂ ਦੁੱਗਣੇ ਤੋਂ ਵੀ ਵੱਧ ਗਈਆਂ ਹਨ। ਦੇਸ਼ ਦੇ ਆਮ ਲੋਕ ਮਹਿੰਗਾਈ ਦੀ ਮਾਰ ਪਹਿਲਾਂ ਹੀ ਬੜੀ ਮੁਸ਼ਕਿਲ ਨਾਲ ਬਰਦਾਸ਼ਤ ਕਰ ਰਹੇ ਸਨ। ਪਰੰਤੂ ਹੁਣ ਉਹਨਾਂ ਦੇ ਬੁੱਲ੍ਹਿਆਂ ਦੀ ਅੱਗ ਠੰਢੀ ਹੋਣੀ ਸ਼ੁਰੂ ਹੋ ਗਈ ਹੈ, ਕਿਉਂਕਿ ਜਿਸ ਹਿਸਾਬ ਨਾਲ ਮਹਿੰਗਾਈ ਵੱਧ ਰਹੀ ਹੈ ਆਮ ਲੋਕਾਂ ਲਈ ਤਿੰਨ ਵੇਲੇ ਦੀ ਰੋਟੀ ਕਮਾ ਕੇ ਖਾਣੀ ਵੀ ਮੁਸ਼ਕਲ ਹੁੰਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਹੁਣ ਤੱਕ

ਭਾਜਪਾ ਨੇ ਆਮ ਲੋਕਾਂ ਨਾਲ ਜਿੰਨੇ ਵੀ ਵਾਅਦੇ ਕੀਤੇ ਸਨ, ਉਹਨਾਂ ਵਿੱਚੋਂ ਕੋਈ ਵੀ ਪੂਰਾ ਨਹੀਂ ਕੀਤਾ। ਭਾਜਪਾ ਸਿਰਫ ਧਰਮ ਅਤੇ ਜਾਤ ਦੇ ਆਧਾਰ ਤੇ ਰਾਜਨੀਤੀ ਕਰ ਰਹੀ ਹੈ ਅਤੇ ਲੋਕਾਂ ਨੂੰ ਗੁੰਮਰਾਹ ਕਰਕੇ ਵੋਟਾਂ ਵਟੋਰ ਦੀ ਆ ਰਹੀ ਹੈ। ਪਾਲੀ ਨੇ ਆਖਿਆ ਕਿ ਭਾਜਪਾ ਆਗੂਆਂ ਦਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਆਖਣਾ ਕਿ ਉਹ ਪੈਟਰੋਲ ਡੀਜ਼ਲ ਦੀਆਂ ਵਧੀਆਂ ਕੀਮਤਾਂ ਦਾ ਭਾਰ ਆਪਣੇ ਸਿਰ ਚੁੱਕਣ ਬਿੱਲਕੁੱਲ ਹੀ ਬੇਤੁਕੀ ਅਤੇ ਅਰਥਹੀਣ ਗੱਲ ਹੈ, ਕਿਉਂਕਿ ਪੰਜਾਬ ਦੇ ਸਿਰ ਪਹਿਲਾਂ ਹੀ ਸਾਢੇ ਚਾਰ ਲੱਖ ਕਰੋੜ ਰੁਪਏ ਦੇ ਕਰੀਬ ਕਰਜ਼ਾ ਚੜ੍ਹਿਆ ਹੋਇਆ ਹੈ। ਅਜਿਹੀ ਹਾਲਤ ਵਿੱਚ ਪੰਜਾਬ ਸਰਕਾਰ ਆਪਣੇ 'ਤੇ ਹੋਰ ਬੋਝ ਨਹੀਂ ਪਾ ਸਕਦੀ, ਕਿਉਂਕਿ ਉਹ ਬੋਝ ਵੀ ਅਸਿੱਧੇ ਤੌਰ 'ਤੇ ਪੰਜਾਬ ਦੇ ਲੋਕਾਂ ਉੱਤੇ ਹੀ ਪਵੇਗਾ। ਉਹਨਾਂ ਕਿਹਾ ਕਿ ਕਿੰਨੀ ਸ਼ਰਮ ਦੀ ਗੱਲ ਹੈ ਕਿ ਭਾਜਪਾ ਆਗੂ ਪੰਜਾਬ ਦੇ ਲੋਕਾਂ 'ਤੇ ਬੋਝ ਵੀ ਪਾਉਣਾ ਚਾਹੁੰਦੇ ਹਨ ਅਤੇ 2027 ਵਿੱਚ ਹੋਣ ਵਾਲੀਆਂ ਚੋਣਾਂ ਵਿੱਚ ਸੱਤਾ ਦੇ ਉੱਤੇ ਵੀ ਕਾਬਜ ਹੋਣਾ ਚਾਹੁੰਦੇ ਹਨ, ਜੋ ਕਿ ਉਹਨਾਂ ਦਾ ਮੰਗੇਰੀ ਲਾਲ ਵਾਲਾ ਸੁਪਨਾ ਹੈ ਅਤੇ ਕਦੇ ਵੀ ਪੂਰਾ ਨਹੀਂ ਹੋਵੇਗਾ। ਉਹਨਾਂ ਆਖਿਆ ਕਿ ਜੇਕਰ ਭਾਜਪਾ ਨੂੰ ਪੰਜਾਬ ਦੇ ਨਾਲ ਰੱਤੀ ਭਰ ਵੀ ਹਮਦਰਦੀ ਹੈ ਤਾਂ ਪੰਜਾਬ ਦੀਆਂ ਪਾਣੀਆਂ, ਬੀਵੀਐਮਬੀ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਸਮੇਤ ਉਹ ਸਾਰੀਆਂ ਮੰਗਾਂ ਮੰਨੀਆਂ ਜਾਣ ਜਿਨ੍ਹਾਂ ਕਾਰਣ ਅੱਜ ਪੰਜਾਬ ਦੀ ਆਰਥਿਕ ਆਰਥਿਕ ਹਾਲਤ ਦਿਨੋਂ ਦਿਨ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਭਾਜਪਾ ਦੀ ਪੰਜਾਬ ਨੂੰ ਬਰਬਾਦ ਕਰਨ ਦੀ ਸਾਜਿਸ਼ ਪੰਜਾਬ ਦੇ ਲੋਕ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ।

ਇਨਰਵ੍ਹੀਲ ਕਲੱਬ ਮਿਡਟਾਊਨ ਨੇ 25 ਟੀਬੀ ਮਰੀਜ਼ਾਂ ਨੂੰ ਲਿਆ ਗੋਦ

ਲੁਧਿਆਣਾ, 17 ਮਈ (ਵਿਸ਼ਾਲ ਸ਼ਰਮਾ): ਟੀਬੀ ਮੁਕਤ ਭਾਰਤ ਨਿਕਸ਼ੇ ਮਿੱਤਰ ਪਹਿਲਕਦਮੀ ਦੇ ਤਹਿਤ ਇਨਰ ਵ੍ਹੀਲ ਕਲੱਬ ਮਿਡਟਾਊਨ ਦੇ ਮੈਂਬਰਾਂ ਨੇ ਟੀਬੀ ਮੁਕਤ ਜ਼ਿਲ੍ਹੇ ਵੱਲ ਚੱਲ ਰਹੇ ਯਤਨਾਂ ਦੇ ਹਿੱਸੇ ਵਜੋਂ ਪੋਸ਼ਣ ਅਤੇ ਸਮਾਜਿਕ ਸਹਾਇਤਾ ਪ੍ਰਦਾਨ ਕਰਨ ਲਈ 25 ਟੀਬੀ ਮਰੀਜ਼ਾਂ ਨੂੰ ਗੋਦ ਲਿਆ ਹੈ। ਇਸ ਪਹਿਲਕਦਮੀ ਦੇ ਤਹਿਤ ਹੋਰ ਮਰੀਜ਼ ਵੀ ਗੋਦ ਲੈਣ ਦੀ ਯੋਜਨਾ ਵੱਖ-ਵੱਖ ਸੰਗਠਨਾਂ ਅਤੇ ਹਿੱਸੇਦਾਰਾਂ ਨਾਲ ਤਾਲਮੇਲ ਕਰਕੇ ਬਣਾਈ ਜਾ ਰਹੀ ਹੈ। ਗੋਦ ਲਏ ਗਏ ਮਰੀਜ਼ਾਂ ਨੂੰ ਪੋਸ਼ਣ ਸਹਾਇਤਾ ਕਿੱਟਾਂ ਦੀ ਵੰਡ ਦਫਤਰ ਡਿਪਟੀ ਕਮਿਸ਼ਨਰ ਲੁਧਿਆਣਾ ਦੀ ਨਿਗਰਾਨੀ ਹੇਠ ਗਈ ਤਾਂ ਜੋ ਸਹੀ ਨਿਗਰਾਨੀ ਅਤੇ ਸਮੇਂ ਸਿਰ ਸਹਾਇਤਾ ਨੂੰ ਯਕੀਨੀ ਬਣਾਇਆ ਜਾ ਸਕੇ। ਭਾਗੀਦਾਰੀ, ਸਹਾਇਤਾ ਜਾਂ ਸੰਬੰਧਿਤ ਜਾਣਕਾਰੀ ਲਈ ਇੱਕ ਸਮਰਪਿਤ ਹੈਲਪਲਾਈਨ 6361209985 'ਤੇ ਵੀ ਉਪਲੱਬਧ ਕਰਵਾਈ ਗਈ ਹੈ।

ਸਨਮਤੀ ਵਿਮਲ ਜੈਨ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

ਜਗਰਾਓਂ, 17 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਉਹਨਾਂ ਨਤੀਜਾ ਸ਼ਾਨਦਾਰ ਰਿਹਾ। ਇਹ ਸੰਸਥਾ ਆਪਣੀਆਂ ਵਿੱਦਿਅਕ ਉਪਲੱਬਧੀਆਂ ਲਈ ਕਿਸੇ ਵੀ ਪਹਿਚਾਣ ਲਈ ਮੁਥਾਜ ਨਹੀਂ ਹੈ। ਆਏ ਦਿਨ ਇਸ ਸਕੂਲ ਦੇ ਵਿਦਿਆਰਥੀ ਚਾਹੇ ਵਿੱਦਿਅਕ ਖੇਤਰ ਹੋਵੇ ਖੇਡ ਜਗਤ ਹੋਵੇ ਜਾਂ ਫਿਰ ਪਾਠ ਸਹਾਇਕ ਗਤੀਆਂਵਿਧੀਆਂ ਹੋਣ, ਵਿੱਚ ਆਪਣੀ ਚੰਗੀ ਕਾਰਗੁਜ਼ਾਰੀ ਲਈ ਮੋਹਰੀ ਰਹੇ ਹਨ। ਇਸ ਸਬੰਧੀ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਖੁਸ਼ੀ ਜ਼ਾਹਿਰ ਕਰਦੇ ਦੱਸਿਆ ਕਿ ਸਕੂਲ ਦੇ ਬਹੁਤ ਹੀ ਹੋਣਹਾਰ ਵਿਦਿਆਰਥੀ ਤਨਵੀਰ ਸਿੰਘ ਨੇ 96 ਫੀਸਦੀ ਅੰਕ ਹਾਸਲ ਕਰਕੇ ਆਪਣਾ ਨਾਂ ਪੰਜਾਬ ਦੀ ਮੈਰਿਟ ਲਿਸਟ ਵਿੱਚ 21ਵਾਂ ਰੈਂਕ, ਜਗਰਾਓਂ ਤੇ ਸਕੂਲ ਵਿੱਚ ਪਹਿਲੇ ਸਥਾਨ 'ਤੇ ਦਰਜ ਕਰਵਾ ਕੇ ਸਕੂਲ ਦਾ ਮਾਣ ਵਧਾਇਆ ਹੈ। ਇਸੇ ਤਰ੍ਹਾਂ ਅਵਨੀਤ ਕੌਰ ਕੈਂਥ ਨੇ

95.23 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਦੂਸਰਾ ਸਥਾਨ, ਜਸਲੀਨ ਕੌਰ ਨੇ 92 ਫੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਤੀਸਰਾ ਸਥਾਨ ਗੁਰਲੀਨ ਕੌਰ ਨੇ 91.38 ਫੀਸਦੀ ਅੰਕ ਕਰਕੇ ਚੌਥਾ ਸਥਾਨ, ਸੁਨੇਹਾ ਕੁਮਾਰੀ ਨੇ 91.7 ਫੀਸਦੀ ਅੰਕ ਲੈ ਕੇ ਪੰਜਵਾਂ ਸਥਾਨ ਅਤੇ ਅਨਮੋਲਦੀਪ ਕੌਰ ਨੇ 90.76 ਫੀਸਦੀ ਹੱਕ ਹਾਸਿਲ ਕਰਕੇ ਛੇਵਾਂ ਸਥਾਨ ਪ੍ਰਾਪਤ ਕਰਕੇ ਆਪਣਾ ਨਾਂ ਸਕੂਲ ਦਾ ਅਧਿਆਪਕਾ ਤੇ ਮਾਪਿਆਂ ਦੀ ਚੰਗੀ ਕਾਰਗੁਜ਼ਾਰੀ ਦਾ ਸਬੂਤ ਦਿੱਤਾ ਹੈ। ਇਸ ਪ੍ਰੀਖਿਆ ਵਿੱਚ ਕੁੱਲ 120 ਵਿਦਿਆਰਥੀ ਬੈਠੇ ਹਨ ਜਿਨ੍ਹਾਂ ਵਿੱਚ 29 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਲਏ ਸਕੂਲ ਦਾ ਨਤੀਜਾ 100 ਫੀਸਦੀ ਰਿਹਾ।ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਜੈਨ ਉਪ ਪ੍ਰਧਾਨ ਕਾਂਤਾ ਸਿੰਗਲਾ ਸੈਕਟਰੀ ਮਹਾਂਵੀਰ ਜੈਨ ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਅੰਜੂ ਕੌਸ਼ਲ, ਸਰਿਤਾ ਅਗਰਵਾਲ, ਰਿਸ਼ੂ ਬਾਂਸਲ, ਅੰਕਿਤਾ ਗੁਪਤਾ ਆਦਿ ਹਾਜ਼ਰ ਸਨ।

ਨਾਨਕਸਰ ਸੰਪ੍ਰਦਾ ਦੇ ਮੁਖੀ ਬਾਬਾ ਘਾਲਾ ਸਿੰਘ ਹਰਿਆਣਾ ਦੇ ਮੁੱਖ ਮੰਤਰੀ ਦੇ ਨਿਵਾਸ ਸਥਾਨ 'ਤੇ ਪਹੁੰਚੇ

ਲੁਧਿਆਣਾ, 17 ਮਈ (ਰਵਿੰਦਰ ਸਿੰਘ ਨਿੱਝਰ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਿੱਘੇ ਸੱਦੇ 'ਤੇ ਨਾਨਕਸਰ ਸੰਪਰਦਾ ਦੇ ਮੌਜੂਦਾ ਮੁਖੀ ਸੰਤ ਬਾਬਾ ਘਾਲਾ ਸਿੰਘ ਉਹਨਾਂ ਦੇ ਮੁੱਖ ਮੰਤਰੀ ਨਿਵਾਸ (ਕਬੀਰ ਕੁਟੀਆ, ਚੰਡੀਗੜ੍ਹ) ਵਿਖੇ ਪਹੁੰਚੇ, ਜਿੱਥੇ ਮੁੱਖ ਮੰਤਰੀ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਨੇ ਆਖਿਆ ਕਿ ਨਾਨਕਸਰ ਸੰਪਰਦਾ ਦੇ ਜਿਤਨੇ ਵੀ ਅਸਥਾਨ ਹਨ, ਉਹਨਾਂ ਤੋਂ ਮੈਨੂੰ ਹਮੇਸ਼ਾਂ ਸੇਧ ਮਿਲਦੀ ਰਹਿੰਦੀ ਹੈ।ਇਸ ਮੌਕੇ ਬਾਬਾ ਘਾਲਾ ਸਿੰਘ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਹਰ

ਸਿਰਲੇਖਵਾਰ ਇਸ਼ਤਿਹਾਰ/Classified Advertisement

(U/o 5 Rule 20 CPC)
In The Court of Sh. Baljinder Singh Maan
Principal Judge, Family Court, Shaheed Bhagat Singh Nagar
CNR NO. PBSB01-006104-2025
Next Date :02.07.2026
HMA/633/2025
Aarti
Versus
Vaneet Kumar
Notice to: Vaneet Kumar S/O Varinder Kumar R/o Ward No 10, Diwan Khana Chownk, Mahilpur Town, Distt Hoshiarpur
In above titled case the defendant(s)/respondent(s) that defendant(s)/respondent(s) should appear in person or through counsel on 02.07.2026 at 10:00 A.M.
for details logon to https://highcourtchd.gov.in/?mod=district_notice &district=sbsnagar
Dated this day of 16-04-2026
Sd/- Principal Judge, Family Court, Shaheed Bhagat Singh Nagar

---

(U/o 5 Rule 20 CPC)
In The Court of Sh. Amar Jeet Singh
Principal Judge Family Court, Bhagha Purana
CNR No.PBMOF3-000200-2024
Next Date: 02.07.2026
Beant Singh (HMA/127/2024)
Versus
Gurpreet Kaur
Notice to: Gurpreet Kaur D/O Beant Singh S/O Major Singh R/O Village Tharaj Now At Burj-Ladha, Tehsil Bhagta Bhaika, District Bathinda.
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 02.07.2026 at 10:00 am.
For details logon to https://highcourtchd.gov.in/?mod=district_notice&district=mogacourt
Dated this day of 17.04.2026
Sd/- Principal Judge Family Court, Bhagha Purana

(U/o 5 Rule 20 CPC)
In The Court of Hon'ble Aman Sharma
Additional Principal Judge Famiy Court, Amritsar
CNR No.PBAS01-002374-2025
Next Date: 01.07.2026
Nishtha
Versus
Simranjit Singh Alias Mannu
Notice to: Simranjit Singh Alias Mannu Father::-Son Of Manjit Singh Vpo H. No.1420/12, Gawal Mandi, Ram Tirth Road, Amritsar, At Present Near Monu Karyana Store, Hargobind Avenue Chheharta Road, District Amritsar.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 17-04-2026
Sd/- Additional Principal Judge Famiy Court, Amritsar

(U/o 5 Rule 20 CPC)
In The Court of Sh. Amrish Kumar Additional District and Sessions Judge-8, Patiala
CNR No.PBPT01-000955-2020
Next Date: 01.07.2026
Swaranjit Kaur
Versus
Joginder Singh
Notice to: Joginder Singh Father::-Sant Singh Gali No. 6-A, Dashmesh Nagar, Moga Distt Moga.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01**.07.2026 at 10:00 A.M.
For details logon to https://highcourtchd.gov.in/?mod=district_notice&district=patiala
Dated, this day of 06-04-2026
Sd/- Additional District and Sessions Judge-8, Patiala

(U/o 5 Rule 20 CPC)
In The Court of Sh. Karamjit Singh Sullar
Additional District and Sessions Judge, Hoshiarpur
CNR No.PBHO01-003168-2026
Next Date: 01.07.2026
Swinder Janda S/O Lt Col Sarwan Singh Janda R/O H.NO. 175/10 Vasant Vihar Hsp At Present Residing At 1501 Yorktown Cir Manhattan Ks 66503 Usa Through His Attorney Lt. Col. Sarwan Singh S/O Vir Singh H No. 175/0 Vasant Vihar
... Claimant
Versus
General Public
......Respondent
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01**.07.2026 at 10:00 A.M.
For details logon to https://highcourtchd.gov.in/?trs=district_notice&district=Hoshiarpur
Dated, this day of 28-04-2026
Sd/- Additional District and Sessions Judge, Hoshiarpur

(U/o 5 Rule 20 CPC)
In The Court of Ms. Rupinder Kaur
Civil Judge (Junior Division), Dhuri
CNR No.PBSGB0-000211-2022
Next Date: 01.07.2026
Surjit Kaur Widow Of Krishan Singh S/O Bachan Singh
Versus
Balwinder Singh S/O Krishan Singh S/O Bachan Singh
Notice to: 2. Sandeep Kumar Father: Mohan Lal 4. Paramjit Kaur Spouse: Harmesh Singh Son Of Sukhdev Singh 5. Gurcharan Singh Father: Dalip Singh All Residents Of Ward No 3A, Dharampura Mohalla, Dhuri, Tehsil Dhuri, District Sangrur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01**.07.2026 at 10:00 A.M.
For details logon to https://highcourtchd.gov.in/?mod=district_notice&district=Sangrur
Dated, this day of 24-04-2026
Sd/- Civil Judge (Junior Division), Dhuri

(U/o 5 Rule 20 CPC)
In The Court of Sh. Palwinder Singh Additional Civil Judge (Senior Division), Ajnala
CNR No.PBASA0-000609-2024
Next Date: 01.07.2026
Punjab National Bank
Versus
Bikramjit Singh
Notice to: Bikramjit Singh Father::-Gulzar Singh H.No 68, Village Lakhuwal Tehsil Ajnala Distt Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01**.07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 01-05-2026
Sd/- Additional Civil Judge (Senior Division), Ajnala

(U/o 5 Rule 20 CPC)
In The Court of Ms. Haramrit Kaur Civil Judge (Junior Division)-7,
CNR NO. PBSA02-001041-2025
Next Date: 01.07.2026
Banish Kumar
Versus
Seema Devi
Notice to: Seema Devi C/O Anar H.No. 714, Sector 125, Kharar, Sas Ngar (Mohali)
In above titled case the defendant(s)/respondent(s) that defendant(s)/respondent(s) should appear in person or through counsel on 01.07.2026 at 10:00 A.M.
for details logon to https://highcourtchd.gov.in/?mod=district_notice &district=mohali
Dated this day of 04-05-2026
Sd/- Civil Judge (Junior Division)-7,

In The Court of Ms. Samiksha Jain Judicial Magistrate First Class-17, Jalandhar
CNR No.PBJL03-021526-2025
Next Date: 14.07.2026
NACT/4625/2026
Amrit Malwa Capital Ltd
Versus
Kamaljit Kaur Chahal
Notice to: Kamaljit Kaur Chahal :- W/O Lakhwinder Singh R/O Village Uddat Saidewala Po Uddat Saidewala Mansa Punjab 151503
In the above titled case the accused could not be served. it is ordered that the accused should appear in person or through counsel on 14.07.2026 at 10:00 am.
For details logon to https://highcourtchd.gov.in/?mod=district_notice&district=Jalandhar
Dated this day of 11.05.2026
Sd/- Judicial Magistrate First Class-17, Jalandhar

In The Court of Ms. Samiksha Jain Judicial Magistrate First Class-17, Jalandhar
CNR No.PBJL03-029240-2025
Next Date: 14.07.2026
NACT/6825/2025
Indostar Capital Finance Ltd
Versus
RL Logistics and Warehousing Private Limited
Notice to: 1. RL Logistics And Warehousing Private Limited Through Its Authorised Signatory Randhir Kumar Jha 2. Randhir Kumar Jha Authorised Signatory RL Logistics And Warehousing Private Limited Both R/O Street No 7 H.No D 228, Garhi Mendu Bhajanpura North East Bhajanpura East Delhi, Delhi, 110053
In above titled case the accused could not be served. It is ordered that accused should appear in person or through counsel on 14.07.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 11-05-2026
Sd/- Judicial Magistrate First Class-17, Jalandhar

In The Court of Sh. Mayank Marwaha
Judicial Magistrate -Ist Class-2, Rajpura
CNR No.PBPTA1-000333-2022
Next Date: 01.08.2026
Sarabjit Singh
Versus
Varinder Singh
Notice to: Varinder Singh Father: Sukhwinder Singh R/O Village Pilkhani, Tehsil Rajpura, District Patiala
In above titled case the accused could not be served. It is ordered that accused should appear in person or through counsel on **01**.08.2026 at 10:00 A.M.
For details logon to https://highcourtchd.gov.in/?mod=district_notice&district=patiala
Dated, this day of 15-05-2026
Sd/- Judicial Magistrate -Ist Class-2, Rajpura

(U/o 5 Rule 20 CPC)
In The Court of Sh. Karamjit Singh Sullar
Additional District and Sessions Judge, Hoshiarpur
CNR No.PBHO01-003027-2026
Next Date: 30.05.2026
Jaswant Kaur,W/O Late Sh. Mohan Singh, R/O Village Bhoothgarh, Post Office Ram Colony Camp, Tehsil And District Hoshiarpur.
......Petitioner
Versus
General Public Etc.
.... Respondents
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30**.05.2026 at 10:00 A.M.
For details logon to https://highcourtchd.gov.in/?trs=district_notice&district=Hoshiarpur
Dated, this day of 05-05-2026
Sd/- Additional District and Sessions Judge, Hoshiarpur

ਵਿਧਾਇਕ ਗਰੇਵਾਲ ਵੱਲੋਂ ਨਵੇਂ ਸੀਵਰੇਜ਼ ਪ੍ਰੋਜੈਕਟ ਦਾ ਉਦਘਾਟਨ

ਲੁਧਿਆਣਾ, 17 ਮਈ (ਵਿਸ਼ਾਲ ਸ਼ਰਮਾ) : ਵਿਧਾਨ ਸਭਾ ਹਲਕਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਸੈਕਟਰ 32 ਅਤੇ 39 ਤੋਂ ਇਲਾਵਾ ਤਾਜਪੁਰ ਰੋਡ ਮੋਤੀ ਨਗਰ ਅਤੇ ਹੋਰਨਾਂ ਇਲਾਕਿਆਂ ਚ 4.5 ਕਰੋੜ ਦੀ ਲਾਗਤ ਨਾਲ ਨਵੀਂ ਪੈਣ ਜਾ ਰਹੀ ਸੀਵਰੇਜ ਲਾਈਨ ਦੇ ਕੰਮਾਂ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗਰੇਵਾਲ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਕਿਹਾ ਕਿ 32 ਅਤੇ 39 ਸੈਕਟਰ ਤੋਂ ਇਲਾਵਾ ਤਾਜਪੁਰ ਰੋਡ ਦੇ ਇਲਾਕਾ ਵਾਸੀਆਂ ਦੀ ਮੰਗ ਨੂੰ ਦੇਖਦੇ ਹੋਏ ਅੱਜ ਕਰੀਬ 4.5 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਸੀਵਰੇਜ ਲਾਈਨ ਵਿਛਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਚ ਜਲਦ ਹੀ ਇਸ ਕੰਮ ਨੂੰ ਮੁਕੰਮਲ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਸੀਵਰੇਜ ਲਾਈਨ ਬਹੁਤ ਜਿਆਦਾ ਲੰਬੀ ਹੋਣ ਕਾਰਨ ਇਲਾਕਾ ਵਾਸੀਆਂ ਦੀਆਂ ਆਉਣ ਵਾਲੀਆਂ ਮੁਸ਼ਕਿਲਾਂ ਨੂੰ ਦੇਖਦੇ ਹੋਏ ਇਸ ਲਾਈਨ ਨੂੰ ਸਿੱਧਾ ਐਸਟੀਪੀ ਪਲਾਂਟ ਨਾਲ ਜੋੜਿਆ ਜਾਵੇਗਾ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਏ। ਉਹਨਾਂ ਕਿਹਾ ਕਿ ਹਲਕਾ ਪੂਰਵੀ ਅੰਦਰ ਕਰੀਬ 90 ਫੀਸਦੀ ਵਿਕਾਸ ਕਾਰਜ ਪਹਿਲਾਂ ਹੀ ਮੁਕੰਮਲ ਕਰਵਾਏ ਜਾ ਚੁੱਕੇ ਹਨ । ਵਿਧਾਇਕ ਗਰੇਵਾਲ ਨੇ ਕਿਹਾ ਕਿ ਸੂਬੇ ਤੇ ਰਾਜ ਕਰ ਚੁੱਕੀਆਂ ਸਾਬਕਾ ਸਰਕਾਰਾਂ ਦੇ ਨੁਮਾਇੰਦਿਆਂ ਨੇ ਵਿਕਾਸ ਦੇ ਨਾਂ 'ਤੇ ਲੋਕਾਂ ਨੂੰ ਸਿਰਫ ਗੁੰਮਰਾਹ ਕੀਤਾ ਅਤੇ ਦੂਜੇ ਪਾਸੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਚੋਣਾਂ ਸਮੇਂ ਜੋ ਵੀ ਸੂਬਾ ਵਾਸੀਆਂ ਨੂੰ ਗਰੰਟੀਆਂ ਦਿੱਤੀਆਂ ਉਹਨਾਂ ਨੂੰ ਇੱਕ - ਇਕ ਕਰਕੇ ਪੂਰਾ ਕਰਨ ਦਾ ਵਾਅਦਾ ਨਿਭਾਇਆ ਹੈ। ਉਹਨਾਂ ਕਿਹਾ ਕਿ ਅੱਜ ਸੂਬੇ ਭਰ ਵਿੱਚ ਮੁਫਤ ਬਿਜਲੀ , ਮੈਡੀਕਲ ਐਜੂਕੇਸ਼ਨ ਦੇ ਨਾਲ - ਨਾਲ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ । ਇਸ ਮੌਕੇ ਤੇ ਹਾਜ਼ਰ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਮਾਨ ਅਤੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹ ਪਿਛਲੇ ਕਰੀਬ 25 ਸਾਲਾਂ ਤੋਂ ਸੰਤਾਪ ਭੋਗ ਰਹੇ ਸਨ। ਸੋ ਵਿਧਾਇਕ ਗਰੇਵਾਲ ਨੇ ਸਾਡੀ ਇਸ ਜਰੂਰੀ ਮੰਗ ਨੂੰ ਅੱਜ ਪੂਰਾ ਕੀਤਾ ਹੈ, ਅਸੀਂ ਅਤੇ ਸਮੂਹ ਇਲਾਕਾ ਨਿਵਾਸੀ ਇਹਨਾਂ ਦੇ ਧੰਨਵਾਦੀ ਹਾਂ। ਇਸ ਮੌਕੇ ਵਾਰਡ ਨੰਬਰ 20 ਇੰਚਾਰਜ ਅੰਕੁਰ ਗੁਲਾਟੀ ਕੌਂਸਲਰ ਲਵਲੀ ਮਨੋਚਾ ਸਾਬਕਾ ਕੌਂਸਲਰ ਬਲਵਿੰਦਰ ਸ਼ਿੰਕੀ, ਲਖਵਿੰਦਰ ਸਿੰਘ ਲੱਖਾ, ਮਨਜੀਤ ਸਿੰਘ, ਮਹਾਵੀਰ ਕੁਮਾਰ, ਮੋਹਨ ਲਾਲ ਚੌਧਰੀ, ਗੁਰਦੀਪ ਸਿੰਘ , ਅਮਨ ਕਰਿਆਣਾ, ਪਰਵਿੰਦਰ ਗਿੰਦਰਾ, ਬਖਸ਼ੀਸ ਹੀਰ , ਜਸਪ੍ਰੀਤ ਮਿੰਟੂ, ਮਨਵੀਰ ਸੰਧੂ, ਬਾਜ ਸਿੰਧੂ, ਸੁਖਵੰਤ ਸੁੱਖਾ, ਵੀਮਲ ਨਾਰੰਗ, ਗੋਬਿੰਦ ਕੁਮਾਰ ਆਦਿ ਇਲਾਕਾ ਨਿਵਾਸੀ ਸ਼ਾਮਿਲ ਹੋਏ।

ਨਗਰ ਕੌਂਸਲ ਚੋਣਾਂ ਲਈ ਭਦੌੜ ਤੋਂ 60 ਨਾਮਜ਼ਦਗੀ ਪੱਤਰ ਦਾਖ਼ਲ, 13 ਵਾਰਡਾਂ ਦਾ 26 ਮਈ ਨੂੰ ਵੋਟਰ ਕਰਨਗੇ ਫ਼ੈਸਲਾ

ਭਦੌੜ, 17 ਮਈ(ਸੁਖਵਿੰਦਰ ਪਲਾਹਾ): ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਵੱਲੋਂ ਜਾਰੀ ਅਧਿਕਾਰਤ ਅੰਕੜਿਆਂ ਅਨੁਸਾਰ ਨਗਰ ਕੌਂਸਲ ਭਦੌੜ ਦੀਆਂ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਪ੍ਰਕਿਰਿਆ ਤਹਿਤ ਹੁਣ ਤੱਕ ਕੁੱਲ 60 ਉਮੀਦਵਾਰਾਂ ਵੱਲੋਂ ਆਪਣੇ ਪਰਚੇ ਭਰੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ ਇਕੱਲੇ ਅੱਜ 16 ਮਈ ਨੂੰ ਹੀ ਰਿਕਾਰਡ 53 ਨਾਮਜ਼ਦਗੀਆਂ ਦਾਖਲ ਹੋਈਆਂ ਹਨ ਅਤੇ ਇਨ੍ਹਾਂ ਚੋਣਾਂ ਲਈ ਵੋਟਾਂ ਪਾਉਣ ਦਾ ਕੰਮ ਆਉਣ ਵਾਲੀ 26 ਮਈ ਨੂੰ ਨੇਪਰੇ ਚਾੜ੍ਹਿਆ ਜਾਵੇਗਾ, ਜਿਸ ਲਈ ਪ੍ਰਸ਼ਾਸਨ ਵੱਲੋਂ ਭਦੌੜ ਸ਼ਹਿਰ ਦੇ ਕੁੱਲ 13 ਵਾਰਡਾਂ ਵਿੱਚ ਵੋਟਰਾਂ ਦੀ ਸਹੂਲਤ ਲਈ 16 ਪੋਲਿੰਗ ਬੂਥ ਸਥਾਪਿਤ ਕੀਤੇ ਗਏ ਹਨ ਜਿੱਥੇ ਕੁੱਲ 12,789 ਰਜਿਸਟਰਡ ਵੋਟਰ ਆਪਣੇ ਸੰਵਿਧਾਨਕ ਹੱਕ ਦੀ ਵਰਤੋਂ ਕਰਕੇ ਉਮੀਦਵਾਰਾਂ ਦੀ ਸਿਆਸੀ ਕਿਸਮਤ ਦਾ ਫੈਸਲਾ ਕਰਨਗੇ, ਜਿਨ੍ਹਾਂ ਵਿੱਚ 6,771 ਮਰਦ ਵੋਟਰ ਅਤੇ 6,017 ਔਰਤ ਵੋਟਰ ਸ਼ਾਮਲ ਹਨ, ਜਦਕਿ ਚੋਣ ਪ੍ਰਸ਼ਾਸਨ ਵੱਲੋਂ ਸਮੁੱਚੀ ਚੋਣ ਪ੍ਰਕਿਰਿਆ ਨੂੰ ਅਮਨ-ਅਮਾਨ ਅਤੇ ਪਾਰਦਰਸ਼ੀ ਤਰੀਕੇ ਨਾਲ ਮੁਕੰਮਲ ਕਰਨ ਲਈ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।

ਨਿਗਮ ਚੋਣਾਂ ਤੋਂ ਪਹਿਲਾਂ ਵੋਟਰ ਸੂਚੀ ਵਿਵਾਦ ਭੱਖਿਆ

ਕਾਲਾ ਢਿੱਲੋਂ ਨੇ ਡੀ.ਸੀ. ਦਫ਼ਤਰ ਅੱਗੇ ਧਰਨੇ ਤੇ ਸੜਕ ਜਾਮ ਦੀ ਦਿੱਤੀ ਚੇਤਾਵਨੀ

ਬਰਨਾਲਾ,17 ਮਈ, (ਬਘੇਲ ਸਿੰਘ ਧਾਲੀਵਾਲ) : ਨਗਰ ਨਿਗਮ ਬਰਨਾਲਾ ਦੀ ਚੋਣ ਪ੍ਰਕਿਰਿਆ ਸ਼ੁਰੂ ਹੋਣ ਤੋਂ ਬਾਅਦ ਵੀ ਵੋਟਰ ਸੂਚੀਆਂ ਵਿੱਚ ਦਰਜ ਨਾਵਾਂ ਦੀ ਇੱਕ ਵਾਰਡ ਤੋਂ ਦੂਜੇ ਵਾਰਡ ਵਿੱਚ ਤਬਦੀਲੀ ਕਰਨ ਦੀ ਪ੍ਰਕਿਰਿਆ ਨੇ ਬਰਨਾਲਾ ਦਾ ਸਿਆਸੀ ਮਾਹੌਲ ਗਰਮਾ ਦਿੱਤਾ ਹੈ। ਪ੍ਰਸ਼ਾਸਨ ਵੱਲੋਂ ਵੋਟਾਂ @ਚ ਕੀਤੀ ਜਾ ਰਹੀ ਤਬਦੀਲੀ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਕਾਂਗਰਸੀ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਸਥਾਨਕ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਹ ਸੋਮਵਾਰ ਇਸ ਮਾਮਲੇ @ਚ ਡਿਪਟੀ ਕਮਿਸ਼ਨਰ ਦਫਤਰ ਦੇ ਸਾਹਮਣੇ ਧਰਨੇ @ਤੇ ਬੈਠਣਗੇ ਅਤੇ ਜੇਕਰ ਲੋੜ ਪਈ ਤਾਂ ਬਰਨਾਲਾ ਦੀਆਂ ਸਾਰੀਆਂ ਸੜਕਾਂ ਵੀ ਜਾਮ ਕਰ ਦੇਣਗੇ। ਵਿਧਾਇਕ ਢਿੱਲੋਂ ਨੇ ਕਿਹਾ ਕਿ ਇਸ ਪ੍ਰਕਿਰਿਆ ਦੌਰਾਨ ਕੁਝ ਵੋਟਰਾਂ ਵੱਲੋਂ ਭਰੇ ਫਾਰਮਾਂ @ਤੇ ਦਸਤਖ਼ਤ ਵੀ ਜਾਅਲੀ ਕੀਤੇ ਜਾ ਰਹੇ ਹਨ ਜੋ ਲੋਕਤੰਤਰਿਕ ਪ੍ਰਕਿਰਿਆ ਲਈ ਚਿੰਤਾਜਨਕ ਹੈ। ਵਿਧਾਇਕ ਢਿੱਲੋਂ ਨੇ ਦੋਸ਼ ਲਗਾਇਆ ਕਿ ਸਥਾਨਕ ਸੱਤਾਧਾਰੀ ਆਗੂ ਆਪਣੀ ਅਸਫ਼ਲਤਾ ਦੇ ਕਾਰਨ ਨਗਰ ਨਿਗਮ ਚੋਣਾਂ ਲੜਨ ਦੀ ਜੁਰਅਤ ਛੱਡ ਬੈਠੇ ਹਨ ਇਸੇ ਲਈ ਉਹ ਚੋਣਾਂ ਲੁੱਟਣ ਦੇ ਰਾਹ @ਤੇ ਪਏ ਹੋਏ ਹਨ ਪ੍ਰੰਤੂ ਇਹਨਾਂ ਸੱਤਾਧਾਰੀ ਆਗੂਆਂ ਨੂੰ ਨਿਗਮ ਚੋਣਾਂ ਕਿਸੇ ਵੀ ਤਰੀਕੇ ਨਾਲ ਲੁੱਟਣ ਨਹੀਂ ਦਿੱਤੀਆਂ ਜਾਣਗੀਆਂ। ਵਿਧਾਇਕ ਢਿੱਲੋਂ ਨੇ ਦਾਅਵਾ ਕੀਤਾ ਕਿ ਉਹਨਾਂ ਕੋਲ ਗ਼ਲਤ ਤਰੀਕੇ ਨਾਲ ਵੋਟਰ ਸੂਚੀਆਂ ਵਿੱਚ ਵੋਟਾਂ ਤਬਦੀਲ ਕਰਨ ਸਬੰਧੀ ਕੁਝ ਪੁਖ਼ਤਾ ਸਬੂਤ ਹਨ ਜਿਨਾਂ ਨੂੰ ਲੈ ਕੇ ਉਹ ਸੋਮਵਾਰ ਨੂੰ ਡੀਸੀ ਦਫਤਰ ਅੱਗੇ ਧਰਨਾ ਦੇਣਗੇ ਅਤੇ ਉਹ ਸਾਰੇ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੂੰ ਨਾ ਲੈ ਕੇ ਬਰਨਾਲੇ ਦੀਆਂ ਸੜਕਾਂ ਵੀ ਜਾਮ ਕਰ ਸਕਦੇ ਹਨ। ਸਥਾਨਕ ਵਿਧਾਇਕ ਵੱਲੋਂ ਲਾਏ ਦੋਸ਼ਾਂ ਸਬੰਧੀ ਜਦੋਂ ਬਰਨਾਲਾ ਦੇ ਐਡੀਸ਼ਨਲ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਵਿਵੇਕ ਕੁਮਾਰ ਮੋਦੀ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਜੇਕਰ ਅਜਿਹਾ ਹੋ ਰਿਹਾ ਇਹ ਤਾਂ ਉਹ ਜ਼ਰੂਰ ਧਿਆਨ ਦੇਣਗੇ।

ਪੰਜਾਬ ਦੇ ਰਾਜਪਾਲ ਅਤੇ ਪ੍ਰਧਾਨ ਮੰਤਰੀ ਦਾ ਪੁਤਲਾ ਫੂਕਿਆ

ਬਰਨਾਲਾ,17 ਮਈ (ਹਮੀਰ ਸਿੰਘ) : ਐਸਕੇਐਮ ਵੱਲੋਂ 15 ਮਈ ਨੂੰ ਐਸਕੇਐਮ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਨੁਮਾਇੰਦਗੀ ਦਾ ਹੱਕ ਖੋਹਣ ਦੇ ਖ਼ਿਲਾਫ਼, ਪੰਜਾਬ ਦੇ ਪਾਣੀਆਂ ਦਾ ਮਸਲਾ ਰਿਪੇਰੀਅਨ/ ਬੇਸਨ ਸਿਧਾਂਤ ਅਨੁਸਾਰ ਹੱਲ ਕਰਵਾਉਣ ਲਈ, ਪੰਜਾਬ ਪੁਨਰਗਠਨ ਐਕਟ ਦੀਆਂ ਧਾਰਾਵਾਂ 78,79 ਅਤੇ 80 ਰੱਦ ਕਰਵਾਉਣ ਲਈ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਨੂੰ ਪੰਜਾਬ ਹਵਾਲੇ ਕਰਵਾਉਣ ਲਈ, ਸੁਸਾਇਟੀਆਂ ਵਿੱਚ ਵਧਿਆ ਹੋਇਆ ਹੱਦ ਕਰਜ਼ਾ ਲਾਗੂ ਕਰਵਾਉਣ ਲਈ ਰਾਜ ਭਵਨ ਚੰਡੀਗੜ੍ਹ ਵੱਲ ਮਾਰਚ ਕਰਨ ਦਾ ਸੱਦਾ ਦਿੱਤਾ ਸੀ। ਹਜ਼ਾਰਾਂ ਜੁਝਾਰੂ ਕਿਸਾਨਾਂ ਦਾ ਕਾਫ਼ਲਾ ਮੋਹਾਲੀ-ਚੰਡੀਗੜ੍ਹ ਬੈਰੀਅਰ ਕਰਾਸ ਕਰਕੇ ਰਾਜ ਭਵਨ ਚੰਡੀਗੜ੍ਹ ਵੱਲ ਅਮਨ ਪੂਰਵਕ ਮਾਰਚ ਕਰਨ ਲਈ ਅੱਗੇ ਵਧਿਆ ਤਾਂ ਪੁਲਿਸ ਨੇ ਸਖ਼ਤ ਨਾਕੇਬੰਦੀ ਕਰਕੇ ਰੋਕ ਦਿੱਤਾ। ਐਸਕੇਐਮ ਵੱਲੋਂ ਇਸ ਪੁਲਿਸ ਜ਼ਬਰ ਖ਼ਿਲਾਫ਼ 16 ਮਈ ਨੂੰ ਪੂਰੇ ਪੰਜਾਬ ਵਿੱਚ ਪੰਜਾਬ ਦੇ ਰਾਜਪਾਲ ਅਤੇ ਭਾਜਪਾ ਦੇ ਪੁਤਲੇ ਫੂਕਣ ਦੇ ਦਿੱਤੇ ਅਨੁਸਾਰ ਕਚੈਹਰੀ ਚੌਂਕ ਬਰਨਾਲਾ ਵਿਖੇ ਰਾਜਪਾਲ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ। ਇਸ ਸਮੇਂ ਐਸਕੇਐਮ ਦੇ ਆਗੂਆਂ ਮਨਜੀਤ ਰਾਜ, ਹਰਪਾਲ ਸਿੰਘ, ਨਿਰਪਜੀਤ ਸਿੰਘ, ਅਮਰਜੀਤ ਕੌਰ, ਚਰਨਜੀਤ ਕੌਰ, ਰਣਜੀਤ ਸਿੰਘ, ਕਮਲਜੀਤ ਕੌਰ ਨੇ ਕਿਹਾ ਕਿ ਹਾਕਮਾਂ ਨੂੰ ਪੰਜਾਬ ਦੇ ਸੂਰਬੀਰਤਾ ਵਾਲੇ ਕੰਧ ਤੇ ਲਿਖੇ ਇਤਿਹਾਸ ਨੂੰ ਪੜ੍ਹ ਲੈਣਾ ਚਾਹੀਦਾ ਹੈ ਕਿ ਪੁਲਿਸ ਜ਼ਬਰ ਨਾਲ ਸੰਘਰਸ਼ਸ਼ੀਲ ਕਾਫ਼ਲਿਆਂ ਨੂੰ ਰੋਕਿਆ ਨਹੀਂ ਜਾ ਸਕਦਾ। ਭਰਾਤਰੀ ਜਥੇਬੰਦੀਆਂ ਦੇ ਬੁਲਾਰੇ ਆਗੂਆਂ ਪ੍ਰੇਮ ਪਾਲ ਕੌਰ, ਸੋਹਣ ਸਿੰਘ ਮਾਝੀ, ਬਿੱਕਰ ਸਿੰਘ ਔਲਖ, ਰਾਜੀਵ ਕੁਮਾਰ, ਗਾ ਰਜਿੰਦਰ ਪਾਲ, ਕੁਲਵੀਰ ਸਿੰਘ ਔਲਖ, ਗੁਰਲਾਭ ਸਿੰਘ ਮੌੜ, ਗੁਰਪ੍ਰੀਤ ਸਿੰਘ ਰੂੜੇਕੇ, ਇਕਬਾਲ ਕੌਰ ਉਦਾਸੀ ਨੇ ਕਿਹਾ ਕਿ ਹਰ ਤਬਕਾ ਜਦੋਂ ਵੀ ਆਪਣੇ ਹੱਕਾਂ ਲਈ ਆਵਾਜ਼ ਉਠਾਉਂਦਾ ਹੈ ਤਾਂ ਸਤਾ ਉੱਪਰ ਕਾਬਜ਼ ਲੋਕ ਭਾਵੇਂ ਉਹ ਕਿਸੇ ਵੀ ਰੰਗ ਦੇ ਹੋਣ, ਪੁਲਿਸ ਦੀ ਬੇਦਰੇਗ ਵਰਤੋਂ ਕਰਕੇ ਸੰਘਰਸ਼ ਨੂੰ ਜ਼ਬਰ ਨਾਲ ਦਬਾਉਣ ਦਾ ਭਰਮ ਪਾਲਦੇ ਹਨ। ਬੁਲਾਰਿਆਂ ਨੇ ਰਾਜਪਾਲ ਪੰਜਾਬ ਅਤੇ ਕੇਂਦਰ ਸਰਕਾਰ ਨੂੰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਤਿਆਗਕੇ, ਇਨ੍ਹਾਂ ਸੰਘਰਸ਼ਾਂ ਨੂੰ ਲਾਠੀ ਗੋਲੀ ਨਾਲ ਦਬਾਉਣ ਦਾ ਭਰਮ ਪਾਲਣ ਦੀ ਥਾਂ ਮੰਗਾਂ ਮੰਨਣ ਦੀ ਅਪੀਲ ਕੀਤੀ।

ਪੰਜਾਬ ਸਰਕਾਰ ਵੱਲੋਂ ਪਲੇਅ-ਵੇ ਸਕੂਲਾਂ ਲਈ ਨਵੇਂ ਨਿਯਮ ਜਾਰੀ, ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ

ਬਰਨਾਲਾ, 17 ਮਈ (ਬਘੇਲ ਸਿੰਘ ਧਾਲੀਵਾਲ) : ਅਰਲੀ ਚਾਇਲਡਹੁੱਡ ਕੇਅਰ ਐਂਡ ਐਜੂਕੇਸ਼ਨ ਸਕੀਮ ਅਧੀਨ ਪ੍ਰਾਈਵੇਟ ਪਲੇਅ-ਵੇ-ਸਕੂਲਾਂ ਦੀ ਨਵੀਂ ਰਜਿਸਟਰੇਸ਼ਨ ਕਰਵਾਉਣ ਸਬੰਧੀ ਪੰਜਾਬ ਸਰਕਾਰ ਵੱਲੋਂ ਪਲੇਅ ਵੇਅ ਸਕੂਲਾਂ ਲਈ ਨਵੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਤਹਿਤ ਪੰਜਾਬ ਵਿਚ ਚੱਲ ਰਹੇ ਸਾਰੇ ਪ੍ਰਾਈਵੇਟ ਪਲੇਅ-ਵੇ ਸਕੂਲ ਹੁਣ ਤੋਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਰਜਿਸਟਰਡ ਕੀਤੇ ਜਾਣਗੇ। ਜਿਸ ਤੋਂ ਬਾਅਦ ਸਰਕਾਰ ਕੋਲ ਬੱਚਿਆਂ ਦੇ ਸਾਰੇ ਵੇਰਵੇ ਉਪਲੱਬਧ ਹੋਣਗੇ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸ੍ਰੀਮਤੀ ਰਤਿੰਦਰਪਾਲ ਕੌਰ ਧਾਰੀਵਾਲ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਬਰਨਾਲਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਨਿੱਜੀ ਪਲੇਅ-ਵੇ ਸਕੂਲਾਂ ਵਿੱਚ ਬਚਪਨ ਦੇ ਸ਼ੁਰੂਆਤੀ ਵਿਕਾਸ ਲਈ ਬੱਚਿਆਂ ਨੂੰ ਖੇਡਾਂ ਦੇ ਜਰੀਏ ਪੜ੍ਹਾਇਆ ਜਾਵੇਗਾ, ਜਿਸ ਨਾਲ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਨਿਖਾਰ ਆਵੇਗਾ। ਸਕੂਲ ਅੰਦਰਲੀ ਬਣਤਰ, ਰੈਸਟ ਰੂਮ ਦੀ ਵਿਵਸਥਾ, ਲੜਕਿਆਂ ਅਤੇ ਲੜਕੀਆਂ ਲਈ ਵੱਖਰੇ ਪਖਾਨੇ ਅਤੇ ਸਾਰੇ ਸਕੂਲਾਂ ਵਿੱਚ ਸੀ ਸੀ ਟੀ ਵੀ ਕੈਮਰੇ ਵੀ ਲਾਜ਼ਮੀ ਕੀਤੇ ਗਏ ਹਨ। ਬੱਚਿਆਂ 'ਤੇ ਪੜ੍ਹਾਈ ਦਾ ਕੋਈ ਵਾਧੂ ਬੋਝ ਨਹੀਂ ਪਾਇਆ ਜਾਵੇਗਾ। ਪਲੇਅ ਵੇਅ ਸਕੂਲਾਂ ਵਿੱਚ ਲਾਇਬ੍ਰੇਰੀ ਦਾ ਪ੍ਰਬੰਧ, ਬੱਚਿਆਂ ਦੀ ਸਿਹਤ ਦਾ ਰਿਕਾਰਡ ਰੱਖਣਾ ਵੀ ਲਾਜ਼ਮੀ ਕੀਤਾ ਗਿਆਹੈ। ਸਕੂਲਾਂ ਵਿੱਚ ਫੀਸਾਂ ਸਬੰਧੀ ਵੀ ਦਿਸ਼ਾ ਨਿਰਦੇਸ਼ ਲਾਗੂ ਹੋਣਗੇ। ਉਨ੍ਹਾਂ ਹੋਰ ਦੱਸਿਆ ਕਿ ਹੁਣ ਪਲੇਅਵੇਅ ਸਕੂਲਾਂਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਆਨਲਾਈਨ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਅਤੇ ਰਜਿਸਟ੍ਰੇਸ਼ਨ ਨਾ ਕਰਵਾਉਣ ਦੀ ਸੂਰਤ ਵਿੱਚ ਸਬੰਧਤ ਸਕੂਲਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਉਹਨਾਂ ਪਲੇਅ ਵੇਅ ਸਕੂਲਾਂ ਵਿੱਚ ਦਾਖਲ ਕਰਵਾਉਣ ਨੂੰ ਤਰਜੀਹ ਦੇਣ ਜੋ ਪਹਿਲਾਂ ਹੀ ਵਿਭਾਗ ਨਾਲ ਰਜਿਸਟਰਡ ਹਨ।

ਸ਼ਹਿਰਾਂ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਨਾਲ ਬੀਮਾਰੀਆਂ ਫ਼ੈਲਣ ਦਾ ਖਦਸ਼ਾ ਵਧਿਆ

ਬਰਨਾਲਾ, 17 ਮਈ (ਸੁਖਵਿੰਦਰ ਸਿੰਘ ਭੰਡਾਰੀ) : ਇਕ ਪਾਸੇ ਪੰਜਾਬ ਭਰ 'ਚ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਦਾ ਮਾਹੌਲ ਪੂਰੀ ਤਰ੍ਹਾਂ ਭਖ਼ਿਆ ਹੋਇਆ ਹੈ, ਦੂਜੇ ਪਾਸੇ ਇਨ੍ਹਾਂ ਅਦਾਰਿਆਂ ਦੇ ਸਫ਼ਾਈ ਕਰਮਚਾਰੀ ਪਿਛਲੇ 12 ਦਿਨਾਂ ਤੋਂ ਅਣਮਿੱਥੇ ਸਮੇਂ ਦੀ ਹੜ੍ਹਤਾਲ 'ਤੇ ਹਨ, ਜਿਸ ਕਾਰਨ ਘਰਾਂ, ਬਾਜ਼ਾਰਾਂ, ਗਲੀਆਂ 'ਚੋਂ ਕੂੜਾ ਚੁੱਕਣ ਦਾ ਕੰਮ ਪੂਰੀ ਤਰ੍ਹਾਂ ਠੱਪ ਹੈ। ਜੇਕਰ ਇਹ ਹੜਤਾਲ ਆਉਣ ਵਾਲੇ ਦਿਨਾਂ ਅੰਦਰ ਵੀ ਇਸੇ ਤਰ੍ਹਾਂ ਜਾਰੀ ਰਹਿੰਦੀ ਹੈ ਤਾਂ ਸਮੁੱਚਾ ਪੰਜਾਬ ਇਕ ਵੱਡੇ 'ਕੂੜਾ ਡੰਪ ਵਿਚ ਤਬਦੀਲ ਹੋ ਸਕਦਾ ਹੈ। ਨਗਰ ਨਿਗਮ ਬਰਨਾਲਾ ਦੇ ਦਫ਼ਤਰ ਵਿਖੇ ਅਣਮਿੱਥੇ ਸਮੇਂ ਦੀ ਹੜ੍ਹਤਾਲ ਤੇ ਬੈਠੇ ਸਫ਼ਾਈ ਕਰਮਚਾਰੀਆਂ ਨੇ ਰੋਸ ਪ੍ਰਦਰਸ਼ਨ ਕਰਦਿਆਂ ਸੂਬਾ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਲਸ਼ਨ ਕੁਮਾਰ, ਸਤਪਾਲ ਰਿੰਕੂ, ਵਿਨੋ ਕੁਮਾਰ, ਸੋਨੂੰ ਕੁਮਾਰ ਅਤੇ ਸੰਜੇ ਕੁਮਾਰ ਨੇ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਾਂ ਪ੍ਰੰਤੂ ਸਾਨੂੰ ਲਾਰੇ ਲੱਪੇ ਤੋਂ ਬਿਨਾਂ ਕੁਝ ਵੀ ਨਹੀਂ ਮਿਲਿਆ। ਜਿਸ ਕਾਰਨ ਸਾਨੂੰ ਹੜ੍ਹਤਾਲ ਕਰਨ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਮੁੱਖ ਮੰਗਾਂ ਜਿਵੇਂ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਸਫ਼ਾਈ ਕਰਮਚਾਰੀਆਂ ਲਈ ਖ਼ਤਰਨਾਕ ਡਿਊਟੀ ਨੂੰ ਦੇਖਦਿਆਂ ਪ੍ਰਤੀ ਮਹੀਨਾ ਵਿਸ਼ੇਸ਼ ਭੱਤਾ ਦਿੱਤਾ ਜਾਵੇ। ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਬਰਾਬਰ ਕੰਮ ਬਰਾਬਰ ਤਨਖ਼ਾਹ ਲਾਗੂ ਹੋਵੇ ਅਤੇ ਪੱਕੇ ਕਰਨ ਸਬੰਧੀ ਬਣਾਈ ਗਈ 10 ਸਾਲਾਂ ਦੀ ਪਾਲਿਸੀ ਨੂੰ ਰੱਦ ਕਰ ਕੇ ਤਿੰਨ ਸਾਲਾਂ ਵਿਚ ਪੱਕਾ ਕੀਤਾ ਜਾਵੇ। ਸਫ਼ਾਈ ਕਰਮਚਾਰੀਆਂ ਨੂੰ ਘੱਟੋ-ਘੱਟ 10 ਲੱਖ ਰੁਪਏ ਦਾ ਦੁਰਘਟਨਾ ਸਬੰਧੀ ਬੀਮਾ ਲਾਗੂ ਕੀਤਾ ਜਾਵੇ। ਇਸ ਮੌਕੇ ਚਰਨ ਸਿੰਘ, ਰਮੇਸ਼ ਕੁਮਾਰ, ਮੋਹਿਤ, ਅਰੁਣ ਕੁਮਾਰ, ਵਿਕ੍ਰਮ ਵਿੱਕੀ ਅਤੇ ਜਸਵੰਤ ਸਿੰਘ ਆਦਿ ਹਾਜ਼ਰ ਸਨ। ਦੂਜੇ ਪਾਸੇ ਸ਼ਹਿਰ ਚ ਲੱਗੇ ਕੂੜੇ ਦੇ ਢੇਰਾਂ ਤੋਂ ਔਖੇ ਹੋਏ ਲੋਕਾਂ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਕੂੜਾ ਚੁਕਵਾਉਣ ਲਈ ਕੋਈ ਨਾ ਕੋਈ ਹੱਲ ਕੱਢਿਆ ਜਾਵੇ ਤਾਂ ਕਿ ਕੋਈ ਬੀਮਾਰੀ ਨਾ ਫ਼ੈਲ ਸਕੇ।

ਥਾਣਾ ਸਲੇਮ ਟਾਬਰੀ ਦੇ ਅਧੀਨ ਨੌਜਵਾਨ ਉਪਰ ਜਾਨਲੇਵਾ ਹਮਲਾ



ਲੁਧਿਆਣਾ, 17 ਮਈ (ਵਿਸ਼ਾਲ ਸ਼ਰਮਾ) : ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੇ ਚਾਂਦਨੀ ਚੌਂਕ ਆਚਾਰ ਫੈਕਟਰੀ ਦੇ ਸਾਹਮਣੇ ਸਿੰਘ ਟਿੰਬਰ ਸਟੋਰ ਤੇ ਦੂਜੀ ਵਾਰ ਤੇਜ਼ਧਾਰ ਹਥਿਆਰਾਂ ਨਾਲ ਕਰੀਬ 7, 8 ਵਿਅਕਤੀਆਂ ਵੱਲੋਂ ਮਨਰਾਜ ਪ੍ਰੀਤ ਸਿੰਘ ਜਿਸਦੀ ਉਮਰ 20 ਸਾਲ ਹੈ ਨੂੰ ਸ਼ਰੇਆਮ ਦਾਤ ਨਾਲ ਵੱਢਿਆ ਗਿਆ ਜਿਸ ਨੂੰ ਇਲਾਜ ਦੇ ਲਈ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਯੂਵਕ ਦੀ ਗੰਭੀਰ ਹਾਲਤ ਨੂੰ ਵੇਖਦੇ ਹੋਏ ਉਸ ਨੂੰ ਚੰਡੀਗੜ੍ਹ ਪੀ.ਜੀ.ਆਈ ਰੈਫਰ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏਪੀੜਤ ਦੇ ਪਿਤਾ ਕਰਨੈਲ ਸਿੰਘ ਨੇ ਦੱਸਿਆ ਕਿ ਸੱਤ ਅਠ ਵਿਅਕਤੀਆਂ ਵੱਲੋਂ ਉਸਦੇ ਪੁੱਤਰ ਨੂੰ ਦਾਤਾਂ ਅਤੇ ਹੋਰ ਮਾਰੂ ਹਥਿਆਰਾਂ ਨਾਲ ਹਮਲਾ ਕੀਤਾ ਗਿਆ ਅਤੇ ਗੁੰਡਾਗਰਦੀ ਦਾ ਨਾਚ ਸ਼ਰੇਆਮ ਸਲੇਮ ਟਾਬਰੀ ਵਿਖੇ ਵੇਖਣ ਨੂੰ ਮਿਲਿਆ ਉਹਨਾਂ ਕਿਹਾ ਕਿ ਅਪਰਾਧਿਕ ਅੰਸਰਾਂ ਨੂੰ ਪੁਲਿਸ ਪ੍ਰਸ਼ਾਸਨ ਦਾ ਵੀ ਕੋਈ ਡਰ ਨਹੀਂ ਰਿਹਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਗੁੰਡਾਗਰਦੀ ਤੇ ਨੱਥ ਪਾਉਣ ਵਿੱਚ ਪੂਰੀ ਤਰਹਾਂ ਫੇਲ ਹੋ ਚੁੱਕੀ ਹੈ। ਉਨਾਂ ਕਿਹਾ ਕਿ ਪੰਜਾਬ ਵਿੱਚ ਲਾਅ ਐਂਡ ਆਰਡਰ ਬਿਲਕੁੱਲ ਤਬਾਹ ਹੋ ਚੁਕਾ ਹੈ ਸੋ ਪੰਜਾਬ ਵਿਚ ਵਿਰੋਧੀ ਧਿਰ ਅਤੇ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਅਤੇ ਜਾਨ ਮਾਲ ਦੀ ਰੱਖਿਆ ਲਈ ਸੰਘਰਸ਼ ਕਰਦੀਆਂ ਪਾਰਟੀਆਂ ਅਤੇ ਸਮਾਜਕ ਜਥੇਬੰਦੀਆਂ ਵੱਲੋਂ ਪੰਜਾਬ ਵਿੱਚ ਕੇਂਦਰ ਸਰਕਾਰ ਪਾਸੋ ਮੰਗ ਕੀਤੀ ਜਾਣੀ ਚਾਹੀਦੀ ਹੈ ਕਿ ਪੰਜਾਬ ਵਿੱਚ ਤੁਰੰਤ ਰਾਸ਼ਟਰਪਤੀ ਰਾਜ ਲਾਗੂ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਨੂੰ ਭੰਗ ਕੀਤਾ ਜਾਵੇ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਅੱਜ ਮਿਤੀ 17 ਮਈ 2026 ਤੱਕ ਪੁਲਿਸ ਵੱਲੋਂ ਕੋਈ ਵੀ ਨਹੀਂ ਕੀਤੀ ਗਈ ਕਾਰਵਾਈ ਗੈਂਗਸਟਰਾਂ ਦੇ ਹੌਸਲੇ ਬੁਲੰਦ ਕਰ ਰਹੀ ਹੈ।

ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਲਈ ਚੋਣ ਅਮਲੇ ਦੀ ਪਹਿਲੀ ਰਿਹਰਸਲ ਸੰਪੰਨ, ਵੋਟਾਂ 26 ਨੂੰ

ਬਰਨਾਲਾ, 17 ਮਈ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਵਿੱਚ ਨਗਰ ਨਿਗਮ ਬਰਨਾਲਾ ਅਤੇ ਨਗਰ ਕੌਂਸਲ ਤਪਾ, ਨਗਰ ਕੌਂਸਲ ਭਦੌੜ, ਨਗਰ ਕੌਂਸਲ ਧਨੌਲਾ ਲਈ ਚੋਣਾਂ ਦਾ ਅਮਲ ਨੇਪਰੇ ਚੜ੍ਹਾਉਣ ਲਈ ਤਾਇਨਾਤ ਚੋਣ ਅਮਲੇ ਦੀ ਅੱਜ ਪਹਿਲੀ ਰਿਹਰਸਲ ਹੋਈ। ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਨਿਗਮ ਅਤੇ ਕੌਂਸਲਾਂ ਦੇ 91 ਵਾਰਡਾਂ ਦੀਆਂ ਹੋਣ ਵਾਲੀਆਂ ਚੋਣਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਟਰੇਨਿੰਗ ਟੀਮਾਂ ਵੱਲੋਂ ਪੋਲਿੰਗ ਸਟਾਫ਼ ਦੀਆਂ ਜ਼ਿੰਮੇਵਾਰੀਆਂ, ਲੋੜੀਂਦੇ ਦਸਤਾਵੇਜ਼, ਪੋਲਿੰਗ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਨਿਗਮ ਬਰਨਾਲਾ ਦੇ 50 ਵਾਰਡਾਂ ਲਈ 98 ਪੋਲਿੰਗ ਬੂਥਾਂ, ਨਗਰ ਕੌਂਸਲ ਧਨੌਲਾ, ਤਪਾ ਅਤੇ ਭਦੌੜ ਲਈ ਕ੍ਰਮਵਾਰ 13,15 ਅਤੇ 13 ਵਾਰਡ ਹਨ ਤੇ ਕ੍ਰਮਵਾਰ 21 ਬੂਥਾਂ,18 ਬੂਥਾਂ ਅਤੇ 16 ਪੋਲਿੰਗ ਬੂਥਾਂ @ਤੇ ਵੋਟਾਂ ਪੈਣੀਆਂ ਹਨ। ਨਗਰ ਨਿਗਮ ਬਰਨਾਲਾ ਲਈ ਅੱਜ ਰਿਟਰਨਿੰਗ ਅਫ਼ਸਰ ਸਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਦੀ ਅਗਵਾਈ ਹੇਠ ਸੈਕਰੇਡ ਹਾਰਟ ਕੌਨਵੈਂਟ ਸਕੂਲ ਰਾਏਕੋਟ ਰੋਡ ਬਰਨਾਲਾ ਵਿਖੇ ਰਿਹਰਸਲ ਕਰਵਾਈ ਗਈ। ਜ਼ਿਕਰਯੋਗ ਹੈ ਕਿ ਜ਼ਿਲ੍ਹੇ ਵਿਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਲਈ ਵੋਟਾਂ ਮਿਤੀ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਪੈਣਗੀਆਂ ਅਤੇ ਪੋਲ ਹੋਈਆਂ ਵੋਟਾਂ ਦੀ ਗਿਣਤੀ ਮਿਤੀ 29 ਮਈ ਦਿਨ ਸ਼ੁੱਕਰਵਾਰ ਨੂੰ ਇਸ ਉਦੇਸ਼ ਲਈ ਸਥਾਪਿਤ ਕੀਤੇ ਗਿਣਤੀ ਕੇਂਦਰਾਂ 'ਤੇ ਹੋਵੇਗੀ।

ਡਾ. ਨਰੇਸ਼ ਬਾਂਸਲ ਬਣੇ ਪੰਚਮੁਖੀ ਹਨੂਮਾਨ ਅਤੇ ਸ਼ਨੀਦੇਵ ਮੰਦਰ ਕਮੇਟੀ ਦੇ ਚੇਅਰਮੈਨ

ਤਪਾ ਮੰਡੀ, 17 ਮਈ (ਰਾਜੂ ਮਹਿਰਾ) : ਪੰਚਮੁਖੀ ਹਨੁਮਾਨ ਅਤੇ ਸ਼ਨੀਦੇਵ ਮੰਦਰ ਕਮੇਟੀ ਦੀ ਇੱਕ ਮੀਟਿੰਗ ਮੰਦਰ ਵਿਖੇ ਹੋਈ, ਜਿਸ ਵਿਚ ਮੰਦਰ ਕਮੇਟੀ ਦੇ ਸਮੂਹ ਮੈਂਬਰਾਂ ਨੇ ਭਾਗ ਲਿਆ, ਜਿਸ ਵਿਚ ਸਰਬਸੰਮਤੀ ਨਾਲ ਡਾ. ਨਰੇਸ਼ ਬਾਂਸਲ ਨੂੰ ਮੰਦਰ ਕਮੇਟੀ ਦਾ ਚੇਅਰਮੈਨ ਥਾਪਿਆ ਗਿਆ।ਉਪਰੰਤ ਡਾ. ਨਰੇਸ਼ ਬਾਂਸਲ ਨੇ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਉਹ ਕਮੇਟੀ ਵੱਲੋਂ ਦਿੱਤੀ ਗਈ ਜਿੰਮੇਵਾਰੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਕਮੇਟੀ ਮੈਂਬਰਾਂ ਵੱਲੋਂ ਡਾਕਟਰ ਨਰੇਸ਼ ਬਾਂਸਲ ਦਾ ਸਨਮਾਨ ਕੀਤਾ ਗਿਆ, ਜਿਸ ਤੇ ਉਨਾਂ ਸਮੁੱਚੀ ਕਮੇਟੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮੰਦਰ ਕਮੇਟੀ ਪ੍ਰਧਾਨ ਹਰੀਸ਼ ਮਿੱਤਲ ਗੋਸ਼ਾ , ਸੈਕਟਰੀ ਕਰਨ ਮਿੱਤਲ, ਕੈਸ਼ੀਅਰ ਚੇਤਨ ਗੋਇਲ ਭੋਲਾ, ਸੀਨੀਅਰ ਮੈਂਬਰ ਸ਼ਾਹ ਬਿਹਾਰੀ, ਰਾਜ ਕੁਮਾਰ ,ਕੀਰਤੀ ਦੇਵ, ਸੁਰੇਸ਼ ਮਿੱਤਲ ,ਵਿਵੇਕ ਕੌਸ਼ਲ ,ਸ਼ੁਭਮ ,ਸ਼ਿਵਮ ਬੰਸਲ , ਕੇਸ਼ਵ ਗਰਗ ਬੇਨੀ, ਪ੍ਰਦੀਪ ਕੁਮਾਰ ਤਿਲੀ, ਹੀਰਾ ਲਾਲ ਕਾਲਾ ਘੁੰਨਸ, ਰਜੀਵ ਗਰਗ, ਚੇਤਨ ਗੋਇਲ ਆਦਿ ਮੌਜੂਦ ਸਨ।

ਆਕਸਫੋਰਡ ਸੰਸਥਾ ਦੇ ਐਨ.ਸੀ.ਸੀ ਦਸ ਰੋਜ਼ਾ ਕੈਂਪ ਲਈ ਰਵਾਨਾ

ਭਗਤਾ ਭਾਈ ਕਾ 17 ਮਈ (ਸਵਰਨ ਸਿੰਘ ਭਗਤਾ)'ਦਾ'ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ ਜੋ ਹਰ ਖੇਤਰ ਵਿੱਚ ਹੀ ਧਰੂ-ਤਾਰੇ ਵਾਂਗ ਚਮਕਦੀ ਹੈ।ਇਸ ਸੰਸਥਾ ਵਿੱਚ ਹਰ ਵਿਦਿਆਰਥੀ ਨੂੰ ਅਕਾਦਮਿਕ ਪੱਖ ਦੇ ਨਾਲ-ਨਾਲ ਬੌਧਿਕਤਾ ਨਾਲ ਭਰਪੂਰ ਹੋਰ ਗਤੀਵਿਧੀਆਂ ਵੀ ਮਹੁੱਈਆ ਕਰਵਾਈਆਂ ਜਾਂਦੀਆਂ ਹਨ, ਜੋ ਉਸਦੇ ਆਉਣ ਵਾਲੇ ਜੀਵਨ ਵਿੱਚ ਬਹੁਤ ਸਹਾਇਕ ਸਿੱਧ ਹੋਣਗੀਆਂ।ਇਸ ਲਈ ਇਸ ਸੰਸਥਾ ਦੇ ਵਿਦਿਆਰਥੀਆਂ ਦਾ ਐਨ ਸੀ ਸੀ ਨੇਵੀਂ ਅਤੇ ਆਰਮੀ ਕੈਡਿਟ ਵਿੰਗ ਸਕਾਉਟ ਐਂਡ ਗਾਈਡਸ ਯੂਨਿਟ ਦਾ ਹਿੱਸਾ ਬਣਨਾ ਵੀ ਬੜੇ ਮਾਣ ਵਾਲੀ ਗੱਲ ਹੈ।ਇਹ ਐਨ ਸੀ ਸੀ ਕੈਡਿਟ ਸਮੇਂ-ਸਮੇਂ ਤੇ ਲੱਗਣ ਵਾਲੇ ਵੱਖ-ਵੱਖ ਕੈਂਪਾਂ ਵਿੱਚ ਸ਼ਮੂਲੀਅਤ ਕਰਦੇ ਹਨ ਅਤੇ ਆਪਣੇ ਅੰਦਰ ਇੱਕ ਉਤਮ ਕੈਡਿਟ ਦੇ ਗੁਣ ਭਰਦੇ ਹਨ। ਇਸੇ ਤਹਿਤ ਹੀ ਇਸ ਸੰਸਥਾ ਦੇ ਐਨ.ਸੀ.ਸੀ ਆਰਮੀ ਦੇ 27 ਕੈਡਿਟਾਂ ਨੂੰ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਵੱਲੋਂ ਸ਼ੁੱਭਇੱਛਾਵਾਂ ਦੇ ਕੇ ਕੈਂਪ ਲਈ ਰਵਾਨਾ ਕੀਤਾ ਗਿਆ।ਇਨ੍ਹਾਂ ਵਿੱਚ 10 ਲੜਕੀਆਂ ਅਤੇ 17 ਲੜਕੇ ਸ਼ਾਮਿਲ ਹਨ।ਐਨ.ਸੀ.ਸੀ.ਦੇ.ਸੀ.ਟੀ.ਓ. ਤੇਜਿੰਦਰ ਸਿੰਘ ਦੀ ਅਗਵਾਈ ਵਿੱਚ ਗਏ ਕੈਡਿਟ, 'ਐਨ.ਸੀ.ਸੀ ਅਕੈਡਮੀ, ਮਲੋਟ ਵਿਖੇ ਲੱਗਣ ਵਾਲੇ 10 ਰੋਜ਼ਾ ਕੈਂਪ ਦਾ ਹਿੱਸਾ ਬਣਨਗੇ।ਇਸ ਕੈਂਪ ਦੌਰਾਨ ਇਹ ਕੈਡਿਟ ਵੱਖ-ਵੱਖ ਗਤੀਵਿਧੀਆਂ ਜਿਵੇਂ ਪਰੇਡ, ਪੀ.ਟੀ., ਕੈਂਪਿੰਗ, ਸ਼ੂਟਿੰਗ ਅਤੇ ਹੋਰ ਸਭਿਆਚਾਰਕ ਗਤੀਵਿਧੀਆਂ ਦੀ ਮੁਹਾਰਤ ਹਾਸਲ ਕਰਨਗੇ।

ਆਰਿਆਭੱਟਾ ਕਾਲਜ ਵਿੱਚ ਫਾਈਨਲ ਸਾਲ ਦੇ ਵਿਦਿਆਰਥੀਆਂ ਨੂੰ ਦਿੱਤੀ ਭਾਵੁਕ ਵਿਦਾਈ

ਬਰਨਾਲਾ, 17 ਮਈ (ਸੁਖਵਿੰਦਰ ਸਿੰਘ ਭੰਡਾਰੀ) : ਆਰਿਆਭੱਟਾ ਕਾਲਜ ਵਿੱਚ ਫਾਈਨਲ ਸਾਲ ਦੇ ਵਿਦਿਆਰਥੀਆਂ ਲਈ ਸ਼ਾਨਦਾਰ ਫੇਅਰਵੈਲ ਪਾਰਟੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਗੀਤ, ਨਾਚ ਅਤੇ ਮਨੋਰੰਜਕ ਪੇਸ਼ਕਾਰੀਆਂ ਰਾਹੀਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਆਪਣੇ ਕਾਲਜ ਜੀਵਨ ਦੇ ਅਨੁਭਵ ਸਾਂਝੇ ਕਰਦਿਆਂ ਅਧਿਆਪਕਾਂ ਅਤੇ ਸਾਥੀਆਂ ਨਾਲ ਬਿਤਾਏ ਪਲਾਂ ਨੂੰ ਯਾਦ ਕੀਤਾ। ਸਮਾਗਮ ਚੇਅਰਮੈਨ ਸ਼੍ਰੀ ਆਰ. ਕੇ. ਗੁਪਤਾ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਮੌਕੇ ਮੈਨੇਜਮੈਂਟ ਮੈਂਬਰ ਸ਼੍ਰੀ ਹਰਭਜਨ ਸਿੰਘ, ਡਾਇਰੈਕਟਰ ਡਾ. ਅਜੇ ਮਿੱਤਲ ਅਤੇ ਡੀਨ ਅਕੈਡਮਿਕ ਅਫੇਅਰਜ਼ ਡਾ. ਭਵੇਤ ਗਰਗ ਨੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਨੂੰ ਸਫਲ ਬਣਾਉਣ ਵਿੱਚ ਡਾ. ਜਸ਼ਨਜੋਤ, ਪ੍ਰੋ. ਭਾਵੁਕਤਾ ਸ਼ਰਮਾ, ਪ੍ਰੋ. ਰਾਜਨੀਸ਼ ਨਰੂਲਾ, ਪ੍ਰੋ. ਚਤਿੰਦਰ ਸਿੰਘ, ਪ੍ਰੋ. ਵਿਜੇ ਕੁਮਾਰ ਅਤੇ ਪ੍ਰੋ. ਨਵਦੀਪ ਬੰਸਲ ਨੇ ਮਹੱਤਵਪੂਰਨ ਯੋਗਦਾਨ ਪਾਇਆ। Mr. Farewell ਦਾ ਖਿਤਾਬ ਹਰਸਿਮਰਨਜੀਤ ਸਿੰਘ (BCA 6ਵਾਂ ਸਮੈਸਟਰ) ਅਤੇ Ast Runner-Up ਗੁਰਪ੍ਰੀਤ ਸਿੰਘ (MBA 4ਵਾਂ ਸਮੈਸਟਰ) ਰਹੇ। ਇਸੇ ਤਰ੍ਹਾਂ Ms. Farewell ਦਾ ਖਿਤਾਬ ਨਾਮਜੋਤ ਕੌਰ (BA 6ਵਾਂ ਸਮੈਸਟਰ) ਨੇ ਜਿੱਤਿਆ, ਜਦਕਿ ਇੰਦਰਦੀਪ ਕੌਰ (BBA 6ਵਾਂ ਸਮੈਸਟਰ) Ast Runner-Up ਰਹੀ। ਅੰਤ ਵਿੱਚ ਵਿਦਿਆਰਥੀਆਂ ਨੂੰ ਯਾਦਗਾਰੀ ਤੋਹਫੇ ਭੇਟ ਕਰਕੇ ਭਾਵੁਕ ਵਿਦਾਈ ਦਿੱਤੀ ਗਈ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਕ੍ਰਿਕਟ ਦਾ ਸ਼ਹਿਨਸ਼ਾਹ ਵਿਰਾਟ ਕੋਹਲੀ

ਨਵਦੀਪ ਸਿੰਘ ਗਿੱਲ
ਮੋਬ : 97800-36216

ਇੰਡੀਅਨ ਪ੍ਰੀਮੀਅਰ ਲੀਗ ਦੀ ਸ਼ੁਰੂਆਤ ਤੋਂ ਮੌਜੂਦਾ 19ਵੇਂ ਐਡੀਸ਼ਨ ਤੱਕ ਲਗਾਤਾਰ ਖੇਡਣ ਵਾਲਾ ਰਾਇਲ ਚੈਲੇਂਜਰਜ਼ ਬੰਗਲੌਰ ਦਾ ਖਿਡਾਰੀ ਵਿਰਾਟ ਕੋਹਲੀ ਜਦੋਂ ਦੋ ਲਗਾਤਾਰ ਮੈਚਾਂ ਵਿੱਚ ਜ਼ੀਰੋ ਉਤੇ ਆਊਟ ਹੁੰਦਾ ਹੈ ਤਾਂ ਤੀਜੇ ਮੈਚ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਖਿਲਾਫ਼ ਮੈਦਾਨ ਵਿੱਚ ਨਿੱਤਰਦਾ ਹੈ ਤਾਂ ਪਹਿਲੀ ਦੌੜ ਬਣਾਉਣ ਤੋਂ ਬਾਅਦ ਵੱਡੇ ਮੀਲ ਪੱਥਰ ਨੂੰ ਪਾਰ ਕਰਨ ਵਰਗੀ ਖੁਸ਼ੀ ਮਨਾਉਂਦਾ ਹੈ। ਹਾਲਾਂਕਿ ਵਿਰਾਟ ਨੇ ਲੀਗ ਵਿੱਚ ਪੌਣੇ ਚਾਰ ਸੌ ਦੌੜਾਂ ਬਣਾ ਲਈਆਂ ਸਨ ਪਰ ਦੋ ਵਾਰ ਜ਼ੀਰੋ ਉਤੇ ਆਊਟ ਹੋਣ ਤੋਂ ਬਾਅਦ ਇਕ ਦੌੜ ਨੂੰ ਬਣਾਉਣ ਦੀ ਮਨਾਈ ਖੁਸ਼ੀ 37 ਵਹਿਆਂ ਦੇ ਵਿਰਾਟ ਅੰਦਰ ਦੌੜਾਂ ਦੀ ਭੁੱਖ ਅਤੇ ਇਕ-ਇਕ ਦੌੜ ਦੀ ਮਹੱਤਤਾ ਨੂੰ ਸਾਬਤ ਕਰਦੀ ਹੈ। ਵਿਰਾਟ ਨੇ ਇਸੇ ਮੈਚ ਵਿੱਚ ਨਾਬਾਦ 105 ਦੌੜਾਂ ਦੀ ਪਾਰੀ ਖੇਡ ਦਿਆਂ ਆਈ.ਪੀ.ਐਲ. ਦਾ ਰਿਕਾਰਡ ਨੌਵਾਂ ਸੈਕੜਾ ਪੂਰਾ ਕੀਤਾ। ਇਸ ਦੇ ਨਾਲ ਹੀ ਟਵੰਟੀ-20 ਕ੍ਰਿਕਟ ਵਿੱਚ 14000 ਦੌੜਾਂ ਪਾਰ ਕੀਤੀਆਂ। ਆਈ.ਪੀ.ਐਲ. ਵਿੱਚ 9000 ਦੌੜਾਂ ਬਣਾਉਣ ਵਾਲਾ ਵੀ ਉਹ ਪਹਿਲਾ ਤੇ ਇਕਲੌਤਾ ਬੱਲੇਬਾਜ਼ ਹੈ।

ਭਾਰਤੀ ਕ੍ਰਿਕਟ ਵਿੱਚ ਭਗਵਾਨ ਦਾ ਦਰਜਾ ਹਾਸਲ ਸਚਿਨ ਤੇਂਦੁਲਕਰ ਦੇ ਖੇਡ ਛੱਡਣ ਤੋਂ ਬਾਅਦ ਵਿਰਾਟ ਕੋਹਲੀ ਨੇ ਭਾਰਤੀ ਕ੍ਰਿਕਟ ਨੂੰ ਨਾ ਸਿਰਫ ਸਾਂਭਿਆ ਬਲਕਿ ਸਚਿਨ ਦੇ ਸਟਾਰਡੱਮ ਦੇ ਬਾਵਜੂਦ ਪ੍ਰਸਿੱਧੀ ਖੱਟੀ। ਜਦੋਂ ਸਚਿਨ 12 ਸਾਲ ਪਹਿਲਾਂ ਰਿਟਾਇਰ ਹੋਇਆ ਸੀ ਤਾਂ ਉਦੋਂ ਸਚਿਨ ਨੂੰ ਪ੍ਰਸਿੱਧ ਕੁਮੈਂਟੇਟਰ ਹਰਸ਼ਾ ਭੋਗਲੇ ਨੇ ਪੁੱਛਿਆ ਕਿ ਭਵਿੱਖ ਵਿੱਚ ਕਿਹੜੇ ਖਿਡਾਰੀ ਉਸ ਦਾ ਰਿਕਾਰਡ ਤੋੜਨਗੇ ਤਾਂ ਸਚਿਨ ਦਾ ਜਵਾਬ ਰੋਹਿਤ ਤੇ ਵਿਰਾਟ ਹੀ ਸੀ। ਵਿਰਾਟ ਨੇ ਇੱਕ ਰੋਜ਼ਾ ਕ੍ਰਿਕਟ ਵਿੱਚ ਤਾਂ ਸੈਂਕੜਿਆਂ ਦਾ ਰਿਕਾਰਡ ਤੋੜ ਹੀ ਦਿੱਤਾ। ਕ੍ਰਿਕਟ ਦੇ ਇਤਿਹਾਸ ਵਿੱਚ ਵਿਰਾਟ ਗਿਣੇ ਚੁਣਵੇਂ ਖਿਡਾਰੀਆਂ ਵਿੱਚੋਂ ਇਕ ਹੈ। ਕੋਹਲੀ ਦਾ ਕ੍ਰਿਕਟ ਸਫ਼ਰ ਦ੍ਰਿੜਤਾ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਬੇਮਿਸਾਲ ਕਾਮਯਾਬੀ ਦੀ ਪ੍ਰੇਰਨਾਦਾਇਕ ਕਹਾਣੀ ਹੈ।

ਵਿਰਾਟ ਕੋਹਲੀ ਕ੍ਰਿਕਟ ਦੇ ਇਤਿਹਾਸ ਵਿੱਚ ਸਭ ਤੋਂ ਮਹਾਨ ਬੱਲੇਬਾਜ਼ਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਵਿਰਾਟ ਦਾ ਹੁਨਰ, ਉਸ ਦੀ ਖੇਡ ਪ੍ਰਤੀ ਸਮਰਪਣ ਭਾਵਨਾ, ਜਾਨੂੰਨ ਅਤੇ ਵੱਡੇ ਮੰਚ ਉਤੇ ਵੱਡਾ ਖਿਡਾਰੀ ਬਣ ਕੇ ਉਭਰਨ ਦੀ ਖੂਬੀ ਵਿਰਾਟ ਨੂੰ ਮਹਾਨਤਮ ਕ੍ਰਿਕਟਰ ਬਣਾਉਂਦੀ ਹੈ। ਉਸ ਨੂੰ ਕ੍ਰਿਕਟ ਦੀ ਦੁਨੀਆਂ ਵਿੱਚ ਕਿੰਗ ਕੋਹਲੀ, ਚੇਜ਼ ਮਾਸਟਰ ਅਤੇ ਰਨ ਮਸ਼ੀਨ ਆਖਿਆ ਜਾਂਦਾ ਹੈ। ਵਿਰਾਟ ਨੇ ਵਿਸ਼ਵ ਕ੍ਰਿਕਟ ਵਿੱਚ ਉਹ ਹਾਸਲ ਕਰ ਲਿਆ ਜੋ ਕੋਈ ਵੀ ਕ੍ਰਿਕਟਰ ਆਪਣੀ ਸ਼ੁਰੂਆਤ ਤੋਂ ਹਾਸਲ ਕਰਨ ਲਈ ਸੁਫਨਾ ਪਾਲਦਾ ਹੈ। ਵਿਰਾਟ ਵੱਡੀਆਂ ਟੀਮਾਂ ਅਤੇ ਵੱਡੇ ਮੁਲਕਾਂ ਵਿੱਚ ਵਧੀਆ ਪ੍ਰਦਰਸ਼ਨ ਲਈ ਜਾਣਿਆ ਜਾਂਦਾ ਹੈ, ਇਸੇ ਲਈ ਉਸ ਦਾ ਰਿਕਾਰਡ ਸੇਨਾ ਮੁਲਕ (ਦੱਖਣੀ ਅਫਰੀਕਾ, ਇੰਗਲੈਂਡ, ਨਿਊਜ਼ੀਲੈਂਡ ਅਤੇ ਆਸਟਰੇਲੀਆ) ਵਿੱਚ ਹੋਰ ਵੀ ਬਿਹਤਰ ਹੈ।

ਵਿਰਾਟ ਨੇ 2008 ਵਿੱਚ ਅੰਡਰ-19 ਵਿਸ਼ਵ ਕੱਪ ਵਿੱਚ ਭਾਰਤ ਦੀ ਕਪਤਾਨੀ ਕਰਦਿਆਂ ਭਾਰਤ ਨੂੰ ਜੂਨੀਅਰ ਵਿਸ਼ਵ ਚੈਂਪੀਅਨ ਬਣਾਇਆ। ਇਥੋਂ ਹੀ ਕੋਹਲੀ ਦੇ ਵਿਰਾਟ ਕਰੀਅਰ ਦਾ ਆਰੰਭ ਹੋਇਆ। 18 ਅਗਸਤ 2008 ਨੂੰ ਸ੍ਰੀਲੰਕਾ ਖਿਲਾਫ ਕੌਮਾਂਤਰੀ ਕ੍ਰਿਕਟ ਦੀ ਪਹਿਲੀ ਪੌੜੀ ਚੜ੍ਹਨ ਵਾਲੇ ਵਿਰਾਟ ਨੇ ਤਿੰਨ ਸਾਲ ਦੇ ਅੰਦਰ ਹੀ 2011 ਵਿੱਚ ਇਕ ਰੋਜ਼ਾ ਵਿਸ਼ਵ ਕੱਪ ਦਾ ਕੱਪ ਜਿੱਤ ਲਿਆ ਜਿਸ ਨੂੰ ਜਿੱਤਣ ਲਈ ਮਹਾਨ ਖਿਡਾਰੀ ਸਚਿਨ ਤੇਂਦੁਲਕਰ ਨੂੰ ਛੇ ਵਿਸ਼ਵ ਕੱਪ ਤੱਕ ਉਡੀਕ ਕਰਨੀ ਪਈ। 2013 ਤੇ 2025 ਵਿੱਚ ਦੋ ਵਾਰ ਚੈਂਪੀਅਨਜ਼ ਟਰਾਫੀ ਜਿੱਤੀ। 2024 ਵਿੱਚ ਟਵੰਟੀ-20 ਵਿਸ਼ਵ ਕੱਪ ਜਿੱਤਿਆ ਅਤੇ 2025 ਵਿੱਚ ਆਈ.ਪੀ.ਐਲ. ਟਰਾਫੀ ਜਿੱਤੀ। ਭਾਰਤ ਵਿੱਚ ਇਹ ਸਾਰੇ ਖਿਤਾਬ ਜਿੱਤਣ ਵਾਲੇ ਯੁਵਰਾਜ ਸਿੰਘ ਤੇ ਵਿਰਾਟ ਕੋਹਲੀ ਦੋ ਹੀ ਕ੍ਰਿਕਟਰ ਹਨ। ਇਸ ਤੋਂ ਇਲਾਵਾ ਉਸ ਨੇ ਦੋ ਵਾਰ ਟੈਸਟ ਰੈਂਕਿੰਗ ਵਿੱਚ ਭਾਰਤ ਨੂੰ ਨੰਬਰ ਇਕ ਬਣਾਉਂਦਿਆਂ ਗੁਰਜ ਵੀ ਜਿੱਤੀ। ਉਸ ਨੇ ਤਿੰਨ ਵਾਰ ਏਸ਼ੀਆ ਕੱਪ ਜਿੱਤਿਆ। ਉਪ ਜੇਤੂ ਬਣਨ ਦੀ ਗੱਲ ਕਰੀਏ ਤਾਂ ਵਿਰਾਟ 2023 ਦੇ ਇਕ ਰੋਜ਼ਾ ਵਿਸ਼ਵ ਕੱਪ, 2014 ਦੇ ਟਵੰਟੀ-20 ਵਿਸ਼ਵ ਕੱਪ, 2017 ਦੀ ਚੈਂਪੀਅਨਜ਼ ਟਰਾਫੀ ਅਤੇ 2021 ਤੇ 2023 ਦੀ ਵਿਸ਼ਵ ਟੈਸਟ ਚੈਂਪੀਅਨਸ਼ਿਪ ਦਾ ਉਪ ਜੇਤੂ ਰਿਹਾ ਹੈ।

ਵਿਰਾਟ ਕੋਹਲੀ ਦੇ ਅੰਕੜਿਆਂ ਦੀ ਗੱਲ ਕੀਤੀ ਜਾਵੇ ਤਾਂ ਕ੍ਰਿਕਟ ਦੇ ਸਾਰੇ ਫਾਰਮੈਟਾਂ (ਇਕ ਰੋਜ਼ਾ ਕ੍ਰਿਕਟ, ਟਵੰਟੀ-20 ਕੌਮਾਂਤਰੀ ਕ੍ਰਿਕਟ) ਵਿੱਚ ਕੁੱਲ ਦੌੜਾਂ ਬਣਾਉਣ ਵਿੱਚ ਵਿਰਾਟ 28215 ਦੌੜਾਂ ਬਣਾ ਕੇ ਦੂਜੇ ਨੰਬਰ ਉਤੇ ਆਉਂਦਾ ਹੈ। ਇਕ ਰੋਜ਼ਾ ਕ੍ਰਿਕਟ ਵਿੱਚ ਸਭ ਤੋਂ ਵੱਧ ਸੈਂਕੜੇ ਬਣਾਉਣ ਦਾ ਰਿਕਾਰਡ ਉਸ ਦੇ ਨਾਮ ਹੈ, ਸਚਿਨ ਤੇਂਦੁਲਕਰ ਵੱਲੋਂ ਬੱਲੇਬਾਜ਼ੀ ਵਿੱਚ ਬਣਾਏ ਰਿਕਾਰਡਾਂ ਵਿੱਚੋਂ ਇਹ ਇਕੋ-ਇਕ ਰਿਕਾਰਡ ਹੈ ਜੋ ਵਿਰਾਟ ਕੋਹਲੀ ਨੇ ਤੋੜਿਆ ਹੈ। ਸਾਰੇ ਫਾਰਮੈਟ ਮਿਲਾ ਕੇ ਸੈਂਕੜਿਆਂ ਦੇ ਰਿਕਾਰਡ ਵਿੱਚ ਵਿਰਾਟ ਦੂਜੇ ਨੰਬਰ ਉਤੇ ਹੈ। ਵਿਰਾਟ ਕੋਹਲੀ ਭਾਰਤ ਦਾ ਸਭ ਤੋਂ ਸਫਲ ਟੈਸਟ ਕਪਤਾਨ ਵੀ ਹੈ ਜਿਸ ਨੇ ਆਪਣੀ ਕਪਤਾਨੀ ਹੇਠ ਦੋ ਵਾਰ ਟੈਸਟ ਰੈਂਕਿੰਗ ਵਿੱਚ ਭਾਰਤ ਨੂੰ ਵਿਸ਼ਵ ਦੀ ਨੰਬਰ ਇਕ ਟੀਮ ਬਣਾਉਂਦਿਆਂ ਦੋ ਵਾਰ ਟੈਸਟ ਗੁਰਜ ਜਿਤਾਈ ਅਤੇ ਭਾਰਤ ਨੂੰ ਸਭ ਤੋਂ ਵੱਧ ਜਿੱਤਾਂ ਦਿਵਾਈਆਂ। ਵਿਰਾਟ ਕ੍ਰਿਕਟ ਦੇ ਤਿੰਨੇ ਫਾਰਮੈਟ ਟੈਸਟ, ਇਕ ਰੋਜ਼ਾ ਅਤੇ ਟਵੰਟੀ-20 ਵਿੱਚ ਚੋਟੀ ਦਾ ਬੱਲੇਬਾਜ਼ ਰਿਹਾ ਅਤੇ ਤਿੰਨੋਂ ਫਾਰਮੈਟਾਂ ਵਿੱਚ 900 ਰੇਟਿੰਗ ਅੰਕ ਹਾਸਲ ਕਰਨ ਵਾਲਾ ਵਿਸ਼ਵ ਦਾ ਇਕਲੌਤਾ ਬੱਲੇਬਾਜ਼ ਹੈ। ਉਹ ਇੰਡੀਅਨ ਪ੍ਰੀਮੀਅਰ ਲੀਗ ਵਿੱਚ ਸਭ ਤੋਂ ਵੱਧ ਦੌੜਾਂ ਬਣਾਉਣ ਵਾਲਾ ਬੱਲੇਬਾਜ਼ ਹੈ।

ਨਿੱਜੀ ਰਿਕਾਰਡਾਂ ਦੀ ਗੱਲ ਕਰੀਏ ਤਾਂ ਵਿਰਾਟ 2023 ਦੇ ਇਕ ਰੋਜ਼ਾ ਵਿਸ਼ਵ ਕੱਪ ਵਿੱਚ ਪਲੇਅਰ ਆਫ਼ ਦਾ ਟੂਰਨਾਮੈਂਟ, 2014 ਤੇ 2016 ਵਿੱਚ ਦੋ ਵਾਰ ਟਵੰਟੀ-20 ਵਿਸ਼ਵ ਕੱਪ ਵਿੱਚ ਪਲੇਅਰ ਆਫ਼ ਦਾ ਟੂਰਨਾਮੈਂਟ ਬਣਿਆ ਹੈ।

ਇਕੱਲਾ ਇਕ ਰੋਜ਼ਾ ਖੇਡੇਗਾ ਅਤੇ ਉਮੀਦ ਕਰਦੇ ਹਾਂ ਕਿ 2027 ਤੱਕ ਉਹ ਟੀਮ ਦਾ ਹਿੱਸਾ ਰਹੇਗਾ। ਉਸ ਦੀ ਫਿਟਨੈਸ ਅਤੇ ਫਾਰਮ ਨੂੰ ਦੇਖਦਿਆਂ ਆਈ.ਪੀ.ਐਲ. ਵਿੱਚ ਹਾਲੇ ਕੁਝ ਸਾਲ ਹੋਰ ਖੇਡਦਾ ਨਜ਼ਰ ਆਵੇਗਾ। ਇਕ ਰੋਜ਼ਾ ਕ੍ਰਿਕਟ ਹਾਲੇ ਵਿਰਾਟ ਨੇ ਖੇਡਣੀ ਹੈ। ਹੁਣ ਤੱਕ ਉਹ 311 ਇਕ ਰੋਜ਼ਾ ਮੈਚਾਂ ਵਿੱਚ 58.72 ਦੀ ਔਸਤ ਨਾਲ 14797 ਦੌੜਾਂ ਬਣਾ ਚੁੱਕਾ ਹੈ ਜਿਸ ਵਿੱਚ 54 ਸੈਂਕੜੇ ਤੇ 77 ਅਰਧ ਸੈਂਕੜੇ ਹਨ। ਕਰੀਅਰ ਸਟਰਾਈਕ ਰੇਟ 93 ਤੋਂ ਵੱਧ ਹੈ। ਵਿਰਾਟ 2023 ਦੇ ਵਿਸ਼ਵ ਕੱਪ ਵਿੱਚ ਵਿਸ਼ਵ ਕੱਪ ਦੇ ਇਤਿਹਾਸ ਵਿੱਚ ਇਕ ਮੁਕਾਬਲੇ ਦੌਰਾਨ ਸਭ ਤੋਂ ਵੱਧ ਦੌੜਾਂ 765 ਬਣਾਉਣ ਵਾਲਾ ਬੱਲੇਬਾਜ਼ ਵੀ ਬਣਿਆ। 8000 ਤੋਂ 14000 ਤੱਕ ਉਹ ਸਭ ਤੋਂ ਤੇਜ਼ ਦੌੜਾਂ ਬਣਾਉਣ ਵਾਲਾ ਬੱਲੇਬਾਜ਼ ਹੈ। ਪਿਛਲੇ ਡੇਢ ਸਾਲ ਵਿੱਚ ਉਸ ਨੇ 15 ਮੈਚਾਂ ਵਿੱਚ 68 ਤੋਂ ਵੱਧ ਔਸਤ ਅਤੇ 98 ਦੀ ਸਟਰਾਈਕ ਰੇਟ ਨਾਲ 891 ਦੌੜਾਂ ਬਣਾਈਆਂ ਜਿਸ ਵਿੱਚ ਚਾਰ ਸੈਂਕੜੇ ਤੇ ਪੰਜ ਅਰਧ ਸੈਂਕੜੇ ਸ਼ਾਮਲ ਸਨ। ਜਿੱਥੇ ਉਸ ਨੇ 20 ਹਜ਼ਾਰ ਦੌੜਾਂ ਬਣਾਈਆ ਅਤੇ ਇਕ ਦਹਾਕੇ ਵਿੱਚ ਇਹ ਪ੍ਰਾਪਤੀ ਹਾਸਲ ਕਰਨ ਵਾਲਾ ਵੀ ਉਹ ਪਹਿਲਾ ਕ੍ਰਿਕਟਰ ਹੈ।

ਵਿਰਾਟ ਕੋਹਲੀ ਨੇ 10 ਆਈ.ਸੀ.ਸੀ. ਐਵਾਰਡ ਹਾਸਲ ਕੀਤੇ ਅਤੇ ਕੌਮਾਂਤਰੀ ਕ੍ਰਿਕਟ ਵਿੱਚ ਇੰਨੇ ਐਵਾਰਡ ਹਾਸਲ ਕਰਨ ਵਾਲਾ ਉਹ ਪਹਿਲਾ ਕ੍ਰਿਕਟਰ ਹੈ। 2012, 2017, 2018 ਅਤੇ 2023 ਵਿੱਚ ਚਾਰ ਵਾਰ ਇੱਕ ਰੋਜ਼ਾ ਕ੍ਰਿਕਟ ਵਿੱਚ ਐਵਾਰਡ ਮਿਲਿਆ। 2017 ਅਤੇ 2018 ਵਿੱਚ ਦੋ ਵਾਰ ਕ੍ਰਿਕਟਰ ਆਫ਼ ਦ ਯੀਅਰ ਦਾ ਪੁਰਸਕਾਰ ਜਿੱਤਿਆ। 2018 ਵਿੱਚ ਉਸ ਨੇ ਤਿੰਨ ਐਵਾਰਡ ਹਾਸਲ ਕੀਤੇ। ਇਕ ਰੋਜ਼ਾ ਤੇ ਟੈਸਟ ਕ੍ਰਿਕਟ ਦੇ ਨਾਲ ਕ੍ਰਿਕਟਰ ਆਫ਼ ਦ ਯੀਅਰ ਪੁਰਸਕਾਰ ਵੀ ਹਾਸਲ ਕੀਤਾ। 2019 ਵਿੱਚ ਸਪਿਰਿਟ ਆਫ਼ ਕ੍ਰਿਕਟ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਅਤੇ 2020 ਵਿੱਚ ਦਹਾਕੇ ਦਾ ਕ੍ਰਿਕਟਰ ਆਫ਼ ਦ ਯੀਅਰ ਅਤੇ ਦਹਾਕੇ ਦਾ ਇੱਕ ਰੋਜ਼ਾ ਕ੍ਰਿਕਟਰ ਆਫ਼ ਦ ਯੀਅਰ ਦਿੱਤਾ ਗਿਆ। ਵਿਰਾਟ ਕੋਹਲੀ ਨੂੰ ਲਗਾਤਾਰ ਤਿੰਨ ਸਾਲਾਂ ਲਈ ਵਿਜ਼ਡਨ ਲੀਡਿੰਗ ਕ੍ਰਿਕਟਰ ਦਾ ਨਾਮ ਵੀ ਦਿੱਤਾ ਗਿਆ।

ਵਿਰਾਟ ਕੋਹਲੀ ਕੋਲ ਤਿੰਨੇ ਫਾਰਮੈਟਾਂ ਵਿੱਚ ਸਭ ਤੋਂ ਵੱਧ ਪਲੇਅਰ ਆਫ਼ ਦਾ ਸੀਰੀਜ਼ ਅਤੇ ਦੂਜੇ ਨੰਬਰ ਉਤੇ ਸਭ ਤੋਂ ਵੱਧ ਪਲੇਅਰ ਆਫ਼ ਦਾ ਮੈਚ ਪੁਰਸਕਾਰ ਹਾਸਲ ਕਰਨ ਵਾਲਾ ਖਿਡਾਰੀ ਹੈ। ਹੋਰ ਮਾਣ-ਸਨਮਾਨਾਂ ਦੀ ਗੱਲ ਕਰੀਏ ਤਾਂ ਵਿਰਾਟ ਨੂੰ 2013 ਵਿੱਚ ਅਰਜੁਨਾ ਐਵਾਰਡ, 2017 ਵਿੱਚ ਪਦਮਾ ਸ਼੍ਰੀ ਅਤੇ 2018 ਵਿੱਚ ਭਾਰਤ ਦਾ ਸਭ ਤੋਂ ਵੱਡਾ ਖੇਡ ਸਨਮਾਨ ਖੇਲ ਰਤਨ ਪੁਰਸਕਾਰ ਹਾਸਲ ਕੀਤਾ। ਟਾਈਮ ਰਸਾਲੇ ਨੇ ਉਸ ਨੂੰ 2018 ਵਿੱਚ ਦੁਨੀਆ ਦੇ 100 ਸਭ ਤੋਂ ਪ੍ਰਭਾਵਸ਼ਾਲੀ ਲੋਕਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ।

ਵਿਰਾਟ ਕੋਹਲੀ ਨੇ 2024 ਵਿੱਚ ਟਵੰਟੀ-20 ਵਿਸ਼ਵ ਕੱਪ ਜਿੱਤਣ ਤੋਂ ਬਾਅਦ ਕ੍ਰਿਕਟ ਦੇ ਇਸ ਛੋਟੇ ਫਾਰਮੈਟ ਤੋਂ ਸੰਨਿਆਸ ਲਿਆ ਅਤੇ ਸਾਲ 2025 ਵਿੱਚ ਉਸ ਨੇ ਟੈਸਟ ਤੋਂ ਸੰਨਿਆਸ ਲਿਆ। ਹੁਣ ਉਹ ਕੌਮਾਂਤਰੀ ਕ੍ਰਿਕਟ ਵਿੱਚ ਇਕ ਰੋਜ਼ਾ ਮੈਚਾਂ ਵਿੱਚ ਕੋਹਲੀ 2013 ਵਿੱਚ ਹੀ ਨੰਬਰ ਇਕ ਬੱਲੇਬਾਜ਼ ਬਣਿਆ, 2015 ਵਿੱਚ ਉਹ ਟਵੰਟੀ-20 ਅਤੇ 2018 ਵਿੱਚ ਟੈਸਟ ਕ੍ਰਿਕਟ ਵਿੱਚ ਵਿਸ਼ਵ ਦਾ ਨੰਬਰ ਇਕ ਬੱਲੇਬਾਜ਼ ਬਣਿਆ। ਤਿੰਨੇ ਫਾਰਮੈਟਾਂ ਵਿੱਚ ਇਹ ਸਿਖਰ ਹਾਸਲ ਕਰਨਾ ਉਸ ਦੇ ਹਿੱਸੇ ਹੀ ਆਇਆ। 2011 ਤੋਂ 2020 ਤੱਕ ਇਕ ਦਹਾਕੇ ਵਿੱਚ ਉਸ ਇਸ ਉਮਰ ਵਿੱਚ ਵੀ ਉਸ ਅੰਦਰ ਦੌੜਾਂ ਬਣਾਉਣ ਦੀ ਭੁੱਖ ਖਤਮ ਨਹੀਂ ਹੋਈ।

ਟਵੰਟੀ-20 ਕ੍ਰਿਕਟ ਤੋਂ ਸੰਨਿਆਸ ਲੈ ਚੁੱਕੇ ਵਿਰਾਟ ਨੇ ਖੇਡ ਦੇ ਇਸ ਸਭ ਤੋਂ ਛੋਟੇ ਫਾਰਮੈਟ ਵਿੱਚ 125 ਮੈਚਾਂ ਵਿੱਚ 48.69 ਦੀ ਔਸਤ ਨਾਲ 4188 ਦੌੜਾਂ ਬਣਾਈਆਂ ਹਨ ਜਿਸ ਵਿੱਚ ਇਕ ਸੈਂਕੜਾ ਤੇ 38 ਅਰਧ ਸੈਂਕੜੇ ਸ਼ਾਮਲ ਹਨ। ਟਵੰਟੀ-20 ਵਿੱਚ ਉਹ ਸਰਵੋਤਮ ਔਸਤ ਵਾਲਾ ਖਿਡਾਰੀ ਹੈ। ਖਿਡਾਰੀਆਂ ਦੀ ਖੇਡ ਤੋਂ ਰਿਟਾਇਰਮੈਂਟ ਲੈਣ ਬਾਰੇ ਇਕ ਕਥਨ ਸਭ ਤੋਂ ਅਹਿਮ ਹੈ ਕਿ ਜਦੋਂ ਕਿਸੇ ਖਿਡਾਰੀ ਦੇ ਸੰਨਿਆਸ ਦੇ ਐਲਾਨ ਮੌਕੇ ਸਾਰੇ ਹੈਰਾਨ ਹੋ ਕੇ ਕਹਿਣ "ਕਿਉਂ?" ਤਾਂ ਉਹ ਉਸ ਖਿਡਾਰੀ ਖਿਡਾਰੀ ਦੀ ਮਹਾਨਤਾ ਆਪਣੇ ਆਪ ਦੱਸ ਦਿੰਦਾ ਹੈ। ਵਿਰਾਟ ਨੇ ਜਿਉਂ ਹੀ ਟੈਸਟ ਕ੍ਰਿਕਟ ਨੂੰ ਅਲਵਿਦਾ ਆਖੀ ਤਾਂ ਹਰ ਖੇਡ ਪ੍ਰੇਮੀ ਹੈਰਾਨ ਸੀ। ਵਿਰਾਟ ਨੇ ਟਵੰਟੀ-20 ਦੇ ਦੌਰ ਵਿੱਚ ਵੀ ਟੈਸਟ ਦੀ ਅਹਿਮੀਅਤ ਬਣਾ ਕੇ ਰੱਖੀ ਹੋਈ ਸੀ। ਵਿਰਾਟ ਨੇ ਨੀਰਸ ਤੇ ਹੌਲੀ ਸਮਝੇ ਜਾਂਦੇ ਕ੍ਰਿਕਟ ਦੇ ਇਸ ਫਾਰਮੈਟ ਵਿੱਚ ਆਪਣੇ ਜੋਸ਼, ਜਲੋਅ ਤੇ ਹਮਲਾਵਰ ਰੁਖ ਨਾਲ ਜਾਨ ਪਾਈ ਰੱਖੀ। ਉਹ ਕਪਤਾਨੀ ਤੇ ਫੀਲਡਿੰਗ ਕਰਦਾ ਹੋਇਆ ਵੀ ਜੋਸ਼ ਵਿੱਚ ਸਾਰੇ ਖਿਡਾਰੀਆਂ ਨੂੰ ਉਤਸੁਕ ਰੱਖਦਾ। ਵਿਰਾਟ ਦੀ ਕਪਤਾਨੀ ਵਿੱਚ ਭਾਰਤ ਦੇ ਤੇਜ਼ ਗੇਂਦਬਾਜ਼ਾਂ ਦਾ ਜਾਦੂ ਸਿਰ ਚੜ੍ਹ ਬੋਲਿਆ, ਚਾਹੇ ਉਹ ਬੁੰਮਰਾਹ ਹੋਵੇ, ਸ਼ੰਮੀ ਜਾਂ ਸਿਰਾਜ, ਚਾਹੇ ਫੇਰ ਇਸ਼ਾਂਤ ਸ਼ਰਮਾ ਹੋਵੇ। ਵਿਰਾਟ ਨੇ ਭਾਰਤੀ ਪੇਸ ਅਟੈਕ ਦੀ ਖੁੰਢੀ ਧਾਰ ਨੂੰ ਆਪਣੇ ਹਮਲਾਵਰ ਰੁਖ ਨਾਲ ਇੰਨਾ ਤੇਜ਼ ਕੀਤਾ ਕਿ ਭਾਰਤ ਨੇ ਇੰਗਲੈਂਡ, ਦੱਖਣੀ ਅਫਰੀਕਾ ਤੇ ਆਸਟਰੇਲੀਆ ਵਿੱਚ ਜਾ ਕੇ ਟੈਸਟ ਜਿੱਤਣੇ ਸ਼ੁਰੂ ਕੀਤੇ। ਭਾਰਤੀ ਕ੍ਰਿਕਟ ਵਿੱਚ ਸੌਰਵ ਗਾਂਗੁਲੀ ਤੋਂ ਬਾਅਦ ਵਿਰਾਟ ਨੇ ਭਾਰਤੀ ਕ੍ਰਿਕਟ ਟੀਮ ਵਿੱਚ ਜੋਸ਼ ਭਰਿਆ।

ਅੰਕੜਿਆਂ ਦੀ ਗੱਲ ਕਰੀਏ ਤਾਂ ਵਿਰਾਟ ਕੋਹਲੀ ਨੇ ਆਪਣੇ ਟੈਸਟ ਕਰੀਅਰ ਵਿੱਚ 123 ਮੈਚ ਖੇਡਦਿਆਂ 46.85 ਦੀ ਔਸਤ ਨਾਲ ਕੁੱਲ 9230 ਦੌੜਾਂ ਬਣਾਈਆਂ। ਭਾਰਤੀ ਬੱਲੇਬਾਜ਼ਾਂ ਵਿੱਚ ਟੈਸਟ ਵਿੱਚ ਦੌੜਾਂ ਬਣਾਉਣ ਵਿੱਚ ਉਹ ਸਚਿਨ ਤੇਂਦੁਲਕਰ, ਰਾਹੁਲ ਦਰਾਵਿੜ ਤੇ ਸੁਨੀਲ ਗਾਵਸਕਰ ਤੋਂ ਬਾਅਦ ਚੌਥੇ ਨੰਬਰ ਉੱਤੇ ਹੈ। ਟੈਸਟ ਤੋਂ ਰਿਟਾਇਰਮੈਂਟ ਮੌਕੇ ਉਹ 10,000 ਟੈਸਟ ਦੌੜਾਂ ਦੇ ਮੀਲ ਪੱਥਰ ਤੋਂ ਸਿਰਫ 770 ਦੌੜਾਂ ਪੁੱਛੇ ਸੀ ਅਤੇ ਕੋਹਲੀ ਦੀ ਫਿਟਨੈਸ ਤੇ ਫਾਰਮ ਨੂੰ ਦੇਖਦਿਆਂ ਇਹ ਮੀਲ ਪੱਥਰ ਵੀ ਇਕ ਸਾਲ ਦੇ ਅੰਦਰ ਪੂਰਾ ਹੋਣ ਦੀ ਉਮੀਦ ਸੀ, ਜੇਕਰ ਉਹ ਸੰਨਿਆਸ ਨਾ ਲੈਂਦਾ। ਵਿਰਾਟ ਨੇ ਟੈਸਟ ਕਰੀਅਰ ਵਿੱਚ 30 ਸੈਂਕੜੇ ਤੇ 31 ਅਰਧ ਸੈਂਕੜੇ ਲਗਾਏ। ਸੱਤ ਦੋਹਰੇ ਸੈਂਕੜੇ ਵੀ ਲਗਾਏ। ਸੈਂਕੜੇ ਲਗਾਉਣ ਵਿੱਚ ਵੀ ਉਹ ਚੌਥੇ ਨੰਬਰ ਉੱਤੇ ਹੈ। ਦੱਖਣੀ ਅਫਰੀਕਾ ਖਿਲਾਫ ਨਾਬਾਦ 254 ਦੌੜਾਂ ਦੀ ਪਾਰੀ ਉਸ ਦਾ ਨਿੱਜੀ ਸਰਵੋਤਮ ਸਕੋਰ ਹੈ। ਵਿਰਾਟ ਨੇ 30 ਟੈਸਟ ਸੈਂਕੜਿਆਂ ਵਿੱਚੋਂ ਸਭ ਤੋਂ ਵੱਧ ਆਸਟਰੇਲੀਆ ਖਿਲਾਫ 9 ਸੈਂਕੜੇ ਲਗਾਏ ਹਨ। ਉਹ ਸਭ ਤੋਂ ਵੱਧ ਸੱਤ ਦੋਹਰੇ ਸੈਂਕੜੇ ਲਗਾਉਣ ਵਾਲਾ ਭਾਰਤੀ ਹੈ ਤੇ ਕਪਤਾਨ ਵ

ਵਿਸ਼ਵ ਡੇਂਗੂ ਦਿਵਸ ਮਨਾਇਆ

ਭਗਤਾ ਭਾਈ ਕਾ 17 ਮਈ (ਸਵਰਨ ਸਿੰਘ ਭਗਤਾ) ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਕੌਸ਼ਲ ਦੀਆਂ ਹਦਾਇਤਾਂ ਅਨੁਸਾਰ ਸਿਹਤ ਬਲਾਕ ਭਗਤਾ ਭਾਈਕਾ ਦੇ ਵੱਖ ਵੱਖ ਪਿੰਡਾਂ ਵਿੱਚ ਵਿਸ਼ਵ ਡੇਂਗੂ ਦਿਵਸ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।ਸਮਦਾਇਕ ਸਿਹਤ ਕੇਂਦਰ ਭਗਤਾ ਭਾਈਕਾ ਵਿਖੇ ਸੰਬੋਧਨ ਕਰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਨੇ ਕਿਹਾ ਕਿ ਇਹ ਦਿਨ ਮਨਾਉਣ ਦਾ ਉਦੇਸ਼ ਡੇਂਗੂ ਬੁਖਾਰ ਸਬੰਧੀ ਲੋਕਾਂ ਵਿੱਚ ਜਾਗਰਤਾ ਪੈਦਾ ਕਰਨਾ ਅਤੇ ਡੇਂਗੂ ਦਾ ਲਾਰਵਾ ਖਤਮ ਕਰਨ ਸਬੰਧੀ ਲੋਕਾਂ ਨੂੰ ਸੁਚੇਤ ਕਰਨਾ ਹੈ। ਉਹਨਾਂ ਅਨੁਸਾਰ ਜੇ ਲੋਕਾਂ ਨੂੰ ਡੇਂਗੂ ਦੇ ਫੈਲਣ ਸਬੰਧੀ ਸੁਚੇਤ ਕਰ ਦਿੱਤਾ ਜਾਵੇ ਤਾਂ ਡੇਂਗੂ ਫੈਲਣ ਲਈ ਯੋਗ ਮਹੌਲ ਹੀ ਪੈਦਾ ਨਹੀਂ ਹੋ ਸਕਦਾ। ਇਸ ਲਈ ਸਿਹਤ ਵਿਭਾਗ ਵੱਲੋਂ ਅਪ੍ਰੈਲ ਮਹੀਨੇ ਤੋਂ ਹੀ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਫਰਾਈ ਡੇ ਡਰਾਈ ਡੇ ਮਨਾ ਕੇ ਲੋਕਾਂ ਦੇ ਘਰ ਘਰ ਜਾ ਕੇ ਜੋਖਮ ਵਾਲੀਆਂ ਥਾਵਾਂ ਉੱਪਰ ਚੈਕਿੰਗ ਕੀਤੀ ਜਾਂਦੀ ਹੈ ਅਤੇ ਲਾਰਵੇ ਨੂੰ ਮੌਕੇ ਤੇ ਹੀ ਨਸ਼ਟ ਕਰ ਦਿੱਤਾ ਜਾਂਦਾ ਹੈ । ਇਸ ਮੌਕੇ ਐਸ ਆਈ ਹਰਜਿੰਦਰ ਸਿੰਘ, ਰਾਮ ਗੋਪਾਲ ਸੇਠੀ ਐਸ ਆਈ ਜਸਬੀਰ ਸਿੰਘ ਵੱਲੋਂ ਵੀ ਵਿਚਾਰ ਪੇਸ਼ ਕੀਤੇ ਗਏ। ਵਿਸ਼ਵ ਡੇਂਗੂ ਦਿਵਸ ਸਬੰਧੀ ਪਿੰਡ ਕੋਠਾ ਗੁਰੂ ਕਾ ,ਢਿਪਾਲੀ ਸਿਰੀਏ ਵਾਲਾ ਸਲਾਬਤਪੁਰਾ, ਸੇਲਵਰ੍ਹਾ, ਹਮੀਰਗੜ੍ਹ ਗੁਰੂਸਰ ,ਜਲਾਲ ,ਮਲੂਕਾ ,ਨਿਉ ਆਦਿ ਪਿੰਡਾਂ ਵਿੱਚ ਵੀ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਵਿਦਿਆਰਥੀਆਂ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਘਰਾਂ ਵਿੱਚ ਲਾਰਵੇ ਸੰਬੰਧੀ ਚੈਕਿੰਗ ਵੀ ਕੀਤੀ ਗਈ ਗਈ।

ਆਪ ਅਤੇ ਕਾਂਗਰਸ ਦੇ ਸਤਾਏ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਲੱਗੇ : ਅਰਵਿੰਦ ਖੰਨਾ

ਸੰਗਰੂਰ, 17 ਮਈ(ਹਰਕੰਵਲ ਸਿੰਘ ਹੈਪੀ) : ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਭਵਾਨੀਗੜ੍ਹ ਨਗਰ ਕੌਂਸਲ ਦੀ ਚੋਣ ਲਈ ਪੂਰੀ ਤਿਆਰੀ ਨਾਲ ਲਾਮਬੰਦੀ ਕੀਤੀ ਜਾ ਰਹੀ ਹੈ, ਜਿਸਦੇ ਚੱਲਦਿਆਂ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਸ੍ਰੀ ਅਰਵਿੰਦ ਖੰਨਾ ਵੱਲੋਂ ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਗ੍ਰਹਿ ਵਿਖੇ ਇੱਕ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵਾਰਡ ਨੰਬਰ 1,2,3,ਅਤੇ 5 ਦੇ ਉਮੀਦਵਾਰਾਂ ਦੀ ਹਾਜ਼ਰੀ ਵਿੱਚ ਵੋਟਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਅਕਾਲੀ ਦਲ ਦੇ ਸਾਰੇ ਆਗੂ ਅਤੇ ਵਰਕਰ ਲੋਕਤੰਤਰੀ ਪ੍ਰਣਾਲੀ ਵਿੱਚ ਰਹਿ ਕੇ ਇਹਨਾਂ ਚੋਣਾਂ ਵਿੱਚ ਭਾਈਚਾਰਕ ਸਾਂਝ ਬਣਾਏ ਰੱਖਦੇ ਹੋਏ ਬਿਨ੍ਹਾਂ ਕਿਸੇ ਦਬਾਓ ਦੇ ਇਸ ਚੋਣ ਨੂੰ ਜੇਤੂ ਬਣਾਉਣ ਲਈ ਕੰਮ ਕਰਨਾ ਹੈ। ਅਰਵਿੰਦ ਖੰਨਾ ਨੇ ਉਮੀਦਵਾਰਾਂ ਵਿਚ ਜੋਸ਼ ਭਰਦਿਆਂ ਕਿਹਾ ਕਿ ਲੋਕਾਂ ਦਾ ਵਿਸ਼ਵਾਸ਼ ਅਕਾਲੀ ਦਲ ਵਿਚ ਬਣ ਰਿਹਾ ਹੈ ਅਤੇ ਉਹ ਹੁਣ ਦੁਬਾਰਾ ਫਿਰ ਅਕਾਲੀ ਦਲ ਦੀ ਸਰਕਾਰ ਨੂੰ ਸੱਤਾ ਵਿੱਚ ਦੇਖਣਾ ਚਾਹੁੰਦੇ ਹਨ ਕਿਉਂਕਿ ਅਕਾਲੀ ਦਲ ਦੀ ਸਰਕਾਰ ਤੋਂ ਬਾਅਦ

ਸੱਤਾ ਵਿੱਚ ਆਈ ਕਾਂਗਰਸ ਅਤੇ ਆਪ ਨੇ ਲੋਕਾਂ ਦੇ ਦਿਲਾਂ ਨੂੰ ਵੱਡੀ ਠੇਸ ਪਹੁੰਚਾਈ ਹੈ। ਇਸ ਮੌਕੇ ਉਨ੍ਹਾਂ ਪਾਰਟੀ ਦੇ ਉਮੀਦਵਾਰਾਂ ਜਿਨ੍ਹਾਂ ਵਿੱਚ ਵਾਰਡ ਨੰਬਰ 1 ਤੋਂ ਗੁਰਦੀਪ ਸਿੰਘ, ਵਾਰਡ ਨੰਬਰ 2 ਤੋਂ ਜਸਵੀਰ ਕੌਰ,ਵਾਰਡ ਨੰਬਰ 3 ਤੋਂ ਹਰਵਿੰਦਰ ਸਿੰਘ ਗੋਲਡੀ ਅਤੇ ਵਾਰਡ ਨੰਬਰ 5 ਤੋਂ ਸ਼ਿੰਦਰਪਾਲ ਸਿੰਘ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪੂਰੇ ਜੋਸ਼ ਖਰੋਸ਼ ਨਾਲ ਚੋਣ ਲੜਨ ਲਈ ਪ੍ਰੇਰਿਆ। ਖੰਨਾ ਨੇ ਕਿਹਾ ਕਿ ਸਾਡੇ ਉਮੀਦਵਾਰਾਂ ਵਿੱਚ ਕੋਈ ਘਾਟ ਨਹੀਂ ਅਤੇ ਅਸੀਂ ਸਾਰੇ ਲੋਕਾਂ ਨਾਲ ਮਿਲ ਜੁਲ ਕੇ ਇਸ ਚੋਣ ਨੂੰ ਭਾਰੀ ਬਹੁਮੱਤ ਨਾਲ ਜਿੱਤਾਂਗੇ।ਇਸ ਮੌਕੇ ਸ. ਤੇਜਿੰਦਰ ਸਿੰਘ ਸੰਘਰੇੜੀ ਜਿ<ਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਹਰਪਾਲ ਸਿੰਘ ਖਡਿਆਲ ਸੀਨੀਅਰ ਯੂਥ ਆਗੂ, ਰੁਪਿੰਦਰ ਸਿੰਘ ਹੈਪੀ ਰੰਧਾਵਾ, ਸੁਖਜਿੰਦਰ ਸਿੰਘ ਰੀਟੂ, ਪ੍ਰਭਜੋਤ ਸਿੰਘ ਲੱਕੀ, ਕਪਿਲ ਗਰਗ, ਧਰਮਿੰਦਰ ਸਿੰਘ ਦੁੱਲਟ, ਟਿੰਕੂ ਨਾਇਕ, ਕ੍ਰਿਸ਼ਨ ਸਿੰਘ, ਗੁਰਮੀਤ ਸਿੰਘ ਜੈਲਦਾਰ, ਨਰਿੰਦਰ ਸ਼ੈਲੀ ਸੀਨੀਅਰ ਅਕਾਲੀ ਆਗੂ, ਸੁਸ਼ਾਂਤ ਗਰਗ, ਬਾਵੀ ਗਰੇਵਾਲ, ਵਿਪਨ ਸ਼ਰਮਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ,ਨਛੱਤਰ ਸਿੰਘ ਅਤੇ ਪਾਸਟਰ ਯੂਨੀਅਨ ਤੋਂ ਇਲਾਵਾਂ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਵਰਕਰ ਅਤੇ ਆਗੂ ਮੌਜੂਦ ਸਨ।

ਨਗਰ ਕੌਂਸਲ ਚੋਣਾਂ ਦਾ ਨਹੀਂ ਭਖਿਆ ਮਾਹੌਲ, ਸ਼ਹਿਰ ਵਾਸੀਆਂ ਵਿੱਚ ਦਿਲਚਸਪੀ ਦੀ ਕਮੀ

ਬੁਢਲਾਡਾ, 17 ਮਈ (ਦਵਿੰਦਰ ਸਿੰਘ ਕੋਹਲੀ /ਜੀਵਨ ਕੁਮਾਰ) : ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸ਼ਹਿਰ ਵਿੱਚ ਇਸ ਵਾਰ ਕੋਈ ਖਾਸ ਉਤਸ਼ਾਹ ਜਾਂ ਚਲਹਲ-ਪਹਿਲ ਨਜ਼ਰ ਨਹੀਂ ਆ ਰਹੀ। ਚੋਣਾਂ ਦੇ ਐਲਾਨ ਤੋਂ ਬਾਅਦ ਵੀ ਸ਼ਹਿਰ ਦੀਆਂ ਗਲੀਆਂ, ਚੌਰਾਹਿਆਂ ਅਤੇ ਬਾਜ਼ਾਰਾਂ ਵਿੱਚ ਰਾਜਨੀਤਿਕ ਗਰਮੀ ਦਿਖਾਈ ਨਹੀਂ ਦੇ ਰਹੀ। ਨਾ ਹੀ ਉਮੀਦਵਾਰਾਂ ਵੱਲੋਂ ਵੱਡੇ ਪੱਧਰ 'ਤੇ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਨਾ ਹੀ ਲੋਕਾਂ ਵਿੱਚ ਚੋਣਾਂ ਬਾਰੇ ਵਧੇਰੇ ਚਰਚਾ ਸੁਣਨ ਨੂੰ ਮਿਲ ਰਹੀ ਹੈ। ਇਸ ਵਾਰ ਬੁੱਢਲਾਡਾ ਨਗਰ ਕੌਂਸਲ ਦੀਆਂ 19 ਵਾਰਡਾਂ ਲਈ ਕੁੱਲ 92 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ। ਇੰਨੀ ਵੱਡੀ ਗਿਣਤੀ ਵਿੱਚ ਉਮੀਦਵਾਰ ਮੈਦਾਨ ਵਿੱਚ ਹੋਣ ਦੇ ਬਾਵਜੂਦ ਵੀ ਸ਼ਹਿਰ ਵਿੱਚ ਚੋਣੀ ਮਾਹੌਲ ਪੂਰੀ ਤਰ੍ਹਾਂ ਨਹੀਂ ਭਖਿਆ।ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਸਮੇਂ ਦੌਰਾਨ ਵਿਕਾਸ ਕਾਰਜਾਂ ਦੀ ਗਤੀ ਮੰਦ ਰਹੀ ਹੈ, ਜਿਸ ਕਾਰਨ ਲੋਕਾਂ ਦਾ ਭਰੋਸਾ ਘਟਿਆ ਹੈ। ਕਈ ਲੋਕਾਂ ਨੇ ਕਿਹਾ ਕਿ ਚੋਣਾਂ ਦੌਰਾਨ ਕੀਤੇ ਜਾਣ ਵਾਲੇ ਵਾਅਦੇ ਅਕਸਰ ਚੋਣਾਂ ਮਗਰੋਂ ਭੁੱਲ ਜਾਂਦੇ ਹਨ, ਜਿਸ ਕਰਕੇ ਉਹ ਇਸ ਵਾਰ ਚੋਣੀ ਮਾਹੌਲ ਤੋਂ ਦੂਰ ਨਜ਼ਰ ਆ ਰਹੇ ਹਨ।ਦੂਜੇ ਪਾਸੇ ਰਾਜਨੀਤਿਕ ਪਾਰਟੀਆਂ ਅਤੇ ਸੰਭਾਵੀ ਉਮੀਦਵਾਰ ਲੋਕਾਂ ਨਾਲ ਸੰਪਰਕ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਹੁਣ ਤੱਕ ਚੋਣਾਂ ਨੂੰ ਲੈ ਕੇ ਉਹ ਜ਼ੋਰਦਾਰ ਮਾਹੌਲ ਤਿਆਰ ਨਹੀਂ ਹੋ ਸਕਿਆ ਜੋ ਆਮ ਤੌਰ 'ਤੇ ਨਗਰ ਕੌਂਸਲ ਚੋਣਾਂ ਵਿੱਚ ਵੇਖਣ ਨੂੰ ਮਿਲਦਾ ਹੈ। ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਨਾਮਜ਼ਦਗੀਆਂ ਅਤੇ ਪ੍ਰਚਾਰ ਮੁਹਿੰਮ ਤੇਜ਼ ਹੋਣ ਨਾਲ ਚੋਣੀ ਮਾਹੌਲ ਵਿੱਚ ਕੁਝ ਗਰਮੀ ਆ ਸਕਦੀ ਹੈ।

ਡਾ. ਮਿੱਕੂ ਜਵੰਧਾ ਨੇ ਕੀਤਾ ਪਿੰਡ ਜੌਲੀਆਂ ਦਾ ਦੌਰਾ

ਸੰਗਰੂਰ, 17 ਮਈ (ਹਰਕੰਵਲ ਸਿੰਘ ਹੈਪੀ) : ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੱਕੂ ਜਵੰਧਾ ਵੱਲੋਂ ਅੱਜ ਪਿੰਡ ਜੌਲੀਆਂ ਦਾ ਇੱਕ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਪਿੰਡ ਦੇ ਸਤਿਕਾਰਯੋਗ ਸਰਪੰਚ ਹਰਪ੍ਰੀਤ ਸਿੰਘ ਅਤੇ ਸਮੁੱਚੀ ਪੰਚਾਇਤ ਟੀਮ ਨਾਲ ਇੱਕ ਅਹਿਮ ਅਤੇ ਵਿਸ਼ੇਸ਼ ਬੈਠਕ ਕੀਤੀ, ਜਿਸ ਵਿੱਚ ਪਿੰਡ ਦੇ ਵਿਕਾਸ ਕਾਰਜਾਂ ਅਤੇ ਸਥਾਨਕ ਮੁੱਦਿਆਂ ਤੇ ਡੂੰਘਾਈ ਨਾਲ ਚਰਚਾ ਕੀਤੀ ਗਈ।ਬੈਠਕ ਦੌਰਾਨ ਚੇਅਰਮੈਨ ਮਿੱਕੂ ਜਵੰਧਾ ਨੂੰ ਪਿੰਡ ਦੀ ਪੰਚਾਇਤ ਟੀਮ ਦੇ ਵੱਖ-ਵੱਖ ਮੈਂਬਰਾਂ ਨਾਲ ਰੂ-ਬ-ਰੂ ਹੋਣ ਅਤੇ ਮਿਲਣ ਦਾ ਮੌਕਾ ਮਿਲਿਆ। ਇਸ ਮੌਕੇ ਪੰਚਾਇਤ ਮੈਂਬਰ ਬੇਅੰਤ ਸਿੰਘ, ਜਗਜੀਤ ਸਿੰਘ, ਗੁਰਿੰਦਰਜੀਤ ਸਿੰਘ, ਗੁਰਪ੍ਰੀਤ ਸਿੰਘ, ਮੱਖਣ ਸਿੰਘ, ਰਮਨਦੀਪ ਸਿੰਘ, ਪਰਵਿੰਦਰ ਸਿੰਘ, ਲਖਵੀਰ ਸਿੰਘ (ਸਾਰੇ ਪੰਚ ਸਾਹਿਬਾਨ) ਅਤੇ ਜਸ਼ਨ ਕਪਿਆਲ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਵਿਕਾਸ ਕਾਰਜਾਂ ਤੇ ਚਰਚਾ: ਡਾਕਟਰ ਮਿੱਕੂ ਜਵੰਧਾ ਨੇ ਪਿੰਡ ਜੌਲੀਆਂ ਵਿੱਚ ਚੱਲ ਰਹੇ ਅਤੇ ਆਉਣ ਵਾਲੇ ਵਿਕਾਸ ਪ੍ਰੋਜੈਕਟਾਂ ਬਾਰੇ ਸਰਪੰਚ ਅਤੇ ਪੰਚਾਂ ਤੋਂ ਫੀਡਬੈਕ ਲਿਆ।ਸਰਕਾਰ ਦੀਆਂ ਨੀਤੀਆਂ: ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਅਤੇ ਨੌਜਵਾਨਾਂ ਨੂੰ ਤਕਨੀਕੀ ਤੇ ਰੁਜ਼ਗਾਰ ਦੇ ਮੁਕਾਬਲਿਆਂ ਵਿੱਚ ਅੱਗੇ ਲਿਆਉਣ ਲਈ ਵਚਨਬੱਧ ਹੈ।ਸਥਾਨਕ ਮੁਸ਼ਕਿਲਾਂ ਦਾ ਹੱਲ: ਪੰਚਾਇਤ ਮੈਂਬਰਾਂ ਨੇ ਪਿੰਡ ਦੀਆਂ ਮੁੱਖ ਲੋੜਾਂ ਅਤੇ ਸਮੱਸਿਆਵਾਂ ਚੇਅਰਮੈਨ ਦੇ ਸਾਹਮਣੇ ਰੱਖੀਆਂ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਉਹਨਾਂ ਕਿਹਾ ਪਿੰਡਾਂ ਦਾ ਸਰਬਪੱਖੀ ਵਿਕਾਸ ਹੀ ਪੰਜਾਬ ਦੀ ਤਰੱਕੀ ਦੀ ਨੀਂਹ ਹੈ। ਪਿੰਡ ਜੌਲੀਆਂ ਦੀ ਸਮੁੱਚੀ ਪੰਚਾਇਤ ਟੀਮ ਜਿਸ ਉਤਸ਼ਾਹ ਨਾਲ ਕੰਮ ਕਰ ਰਹੀ ਹੈ, ਉਹ ਸ਼ਲਾਘਾਯੋਗ ਹੈ। ਇਸ ਮੌਕੇ ਸਰਪੰਚ ਹਰਪ੍ਰੀਤ ਸਿੰਘ ਅਤੇ ਸਮੁੱਚੀ ਪੰਚਾਇਤ ਵੱਲੋਂ ਚੇਅਰਮੈਨ ਡਾਕਟਰ ਜਵੰਧਾ ਦਾ ਪਿੰਡ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਧੰਨਵਾਦ ਪ੍ਰਗਟਾਇਆ ਗਿਆ। ਪੰਚਾਇਤ ਮੈਂਬਰਾਂ ਨੇ ਕਿਹਾ ਕਿ ਅਜਿਹੀਆਂ ਬੈਠਕਾਂ ਨਾਲ ਪ੍ਰਸ਼ਾਸਨ ਅਤੇ ਪਿੰਡਾਂ ਵਿਚਾਲੇ ਤਾਲਮੇਲ ਮਜ਼ਬੂਤ ਹੁੰਦਾ ਹੈ, ਜਿਸ ਨਾਲ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲਦੀ ਹੈ। ਇਹ ਮੀਟਿੰਗ ਬਹੁਤ ਹੀ ਸੁਖਾਵੇਂ ਅਤੇ ਸਕਾਰਾਤਮਕ ਮਾਹੌਲ ਵਿੱਚ ਸਮਾਪਤ ਹੋਈ।

ਫ਼ਤਿਹ ਗਰੁੱਪ ਰਾਮਪੁਰਾ ਦੇ ਨਤੀਜੇ ਰਹੇ ਸ਼ਾਨਦਾਰ

ਰਾਮਪੁਰਾ ਫੂਲ, 17 ਮਈ (ਮਨਪ੍ਰੀਤ ਮਿੰਟੂ) :ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਜਮਾਤ ਬਾਰ੍ਹਵੀਂ ਦੇ ਨਤੀਜਿਆਂ ਵਿੱਚ ਫ਼ਤਿਹ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਆਰਟਸ, ਕਾਮਰਸ, ਸਾਇੰਸ ਅਤੇ ਨਾਨ-ਮੈਡੀਕਲ ਸਮੇਤ ਸਾਰੀਆਂ ਸਟਰੀਮਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ, ਮਾਪਿਆਂ ਅਤੇ ਸਮੂਹ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦਾ ਨਤੀਜਾ ਇਸ ਵਰ੍ਹੇ ਵੀ ਬੇਹੱਦ ਸਰਾਹਣਯੋਗ ਰਿਹਾ, ਜਿਸ ਨਾਲ ਫ਼ਤਿਹ ਗਰੁੱਪ ਨੇ ਗੁਣਵੱਤਾ-ਪੂਰਨ ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਹੈ।ਸਕੂਲ ਦੇ ਚੇਅਰਮੈਨ ਐਸ. ਐਸ. ਚੱਠਾ ਅਤੇ ਪ੍ਰਬੰਧ ਨਿਰਦੇਸ਼ਕ ਮਨਜੀਤ ਕੌਰ ਚੱਠਾ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਫ਼ਤਿਹ ਗਰੁੱਪ ਦਾ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਉੱਚ ਅੰਕ ਦਿਵਾਉਣਾ ਹੀ ਨਹੀਂ, ਸਗੋਂ ਉਨ੍ਹਾਂ ਵਿੱਚ ਆਤਮਵਿਸ਼ਵਾਸ, ਅਨੁਸ਼ਾਸਨ,

ਉੱਚ ਜੀਵਨ ਮੁੱਲ ਅਤੇ ਵੱਡੇ ਸੁਪਨੇ ਸਾਕਾਰ ਕਰਨ ਦੀ ਸੋਚ ਪੈਦਾ ਕਰਨੀ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜੇ ਇਸ ਗੱਲ ਦਾ ਸਪਸ਼ਟ ਪ੍ਰਮਾਣ ਹਨ ਕਿ ਦ੍ਰਿੜ ਨਿਸ਼ਚਾ, ਲਗਾਤਾਰ ਮਿਹਨਤ ਅਤੇ ਯੋਗ ਮਾਰਗਦਰਸ਼ਨ ਨਾਲ ਹਰ ਵਿਦਿਆਰਥੀ ਸਫਲਤਾ ਦੀਆਂ ਨਵੀਆਂ ਉਚਾਈਆਂ ਨੂੰ ਛੂਹ ਸਕਦਾ ਹੈ।ਅਕਾਦਮਿਕ ਡੀਨ ਡਾ. ਜਗਵਿੰਦਰ ਸਿੰਘ, ਪ੍ਰਿੰਸੀਪਲ ਬਘੇਲ ਸਿੰਘ, ਸਹਾਇਕ ਨਿਰਦੇਸ਼ਕ ਹਰਪ੍ਰੀਤ ਸ਼ਰਮਾ, ਪ੍ਰੋ. ਕੁਮਾਰੀ ਸ਼ੈਲਜਾ, ਪ੍ਰੋ. ਸੰਦੀਪ ਕੌਰ, ਪ੍ਰੋ. ਸੋਨਵਿੰਦਰ ਸਿੰਘ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਵਰਿੰਦਰ ਕੌਰ, ਪ੍ਰੋ. ਲਵਪ੍ਰੀਤ ਸਿੰਘ, ਡਾ. ਗੁਰਵਿੰਦਰ ਸਿੰਘ, ਪ੍ਰੋ. ਮਨਦੀਪ ਕੌਰ, ਪ੍ਰੋ. ਦੀਪਤੀ, ਪ੍ਰੋ. ਅਨੀਤਾ ਗਰਗ, ਪ੍ਰੋ. ਮੁਕੇਸ਼ ਰਾਣੀ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਪ੍ਰੀਤ ਕੌਰ ਅਤੇ ਪ੍ਰੋ. ਪੂਜਾ ਸ਼ਰਮਾ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਨਿਸ਼ਠਾ ਅਤੇ ਮਾਪਿਆਂ ਦੇ ਅਟੁੱਟ ਵਿਸ਼ਵਾਸ ਦੀ ਸ਼ਾਨਦਾਰ ਜਿੱਤ ਹਨ।

ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੂਨਕ ਵਿਖੇ 2 ਮੁਕੱਦਮੇ ਦਰਜ, 3 ਦੋਸ਼ੀ ਗ੍ਰਿਫ਼ਤਾਰ

ਮੂਨਕ, 17 ਮਈ (ਸਮਸ਼ੇਰ ਸਿੰਘ ਭੁਟਾਲ) ਰਵਜੋਤ ਗਰੇਵਾਲ ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 10.05.2026 ਤੋਂ 17.05.2026 ਤੱਕ ਐਨ.ਡੀ.ਪੀ.ਐਸ ਐਕਟ ਤਹਿਤ 02 ਮੁਕੱਦਮੇ ਦਰਜ ਕਰਕੇ 03 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਦੋਸੀਆਂ ਪਾਸੋ 7 ਗ੍ਰਾਮ ਨਸੀਲਾ ਪਦਾਰਥ/ਚਿੱਟਾ ਬ੍ਰਾਮਦ ਕਰਵਾਇਆ ਗਿਆ ਅਤੇ 40 ਨਸੀਲੀਆ ਗੋਲੀਆ ਬ੍ਰਾਮਦ ਕਰਵਾਈਆ ਗਈਆ।ਨਸਾ ਕਰਨ ਵਾਲੇ 09 ਵਿਅਕਤੀਆ ਨੂੰ ਦਵਾਈ ਦਿਲਵਾਈ ਗਈ।02 ਵਿਅਕਤੀਆ ਨੂੰ ਨਸਾ ਛੁਡਾਉ ਕੇਦਰ ਵਿੱਚ ਦਾਖਲ ਕਰਾਇਆ ਗਿਆ। ਮਾੜੇ ਅਨਸਰਾ ਦੇ ਖਿਲਾਫ ਕਾਰਵਾਈ ਕਰਦੇ ਹੋਏ 07 ਵਿਅਕਤੀਆਨ ਖਿਲਾਫ ਰੋਕੂ ਕਾਰਵਾਈ ਅਮਲ ਵਿੱਚ ਲਿਆਦੀ ਗਈ ਅਤੇ ਵੱਖ-ਵੱਖ ਮੁਕੱਦਮਿਆ ਵਿੱਚ 06 ਵਿਅਕਤੀਆਨ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋ ਇਲਾਵਾ ਥਾਣਾ ਖਨੌਰੀ ਵੱਲੋ 2 (ਪੀ.ਓ) ਭਗੋੜਿਆ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋ ਇਲਾਵਾ ਟਰੈ

ਰੋਜ਼ਾਨਾ ਚੜ੍ਹਦੀਕਲਾ

ਸਿਹਤ ਖ਼ਬਰਨਾਮਾ

ਧੁੱਪ 'ਚੋਂ ਆਉਣ ਤੋਂ ਬਾਅਦ ਕਿਉਂ ਹੁੰਦੈ ਸਿਰਦਰਦ ?

ਸਿਰ ਦਰਦ ਇੱਕ ਆਮ ਸਮੱਸਿਆ ਹੈ, ਪਰ ਇਹ ਗਰਮੀਆਂ ਦੌਰਾਨ ਹੋਰ ਵੀ ਵਿਗੜ ਜਾਂਦੀ ਹੈ। ਧੁੱਪ ਵਿੱਚ ਬਾਹਰ ਜਾਣ ਜਾਂ ਯਾਤਰਾ ਤੋਂ ਵਾਪਸ ਆਉਣ ਨਾਲ ਇੱਕ ਗੰਭੀਰ ਸਿਰ ਦਰਦ ਹੋ ਸਕਦਾ ਹੈ, ਜਿਸ ਕਰਕੇ ਲੋਕ ਸਿਰ ਦਰਦ ਦੀ ਦਵਾਈ ਵੀ ਲੈ ਲੈਂਦੇ ਹਨ। ਕਦੇ-ਕਦਾਈਂ ਇਹਨਾਂ ਨੂੰ ਲੈਣਾ ਠੀਕ ਹੈ,

ਰੋਜ਼ਾਨਾ ਦਵਾਈ ਲੈਣਾ ਸਿਹਤ ਲਈ ਨੁਕਸਾਨਦੇਹ ਹੈ ਅਤੇ ਤੁਸੀਂ ਸਿਰ ਦਰਦ ਅਤੇ ਦਵਾਈ ਦੋਵਾਂ ਦੇ ਆਦੀ ਹੋ ਸਕਦੇ ਹੋ। ਜੇ ਤੁਸੀਂ ਸਿਰ ਦਰਦ ਤੋਂ ਪ੍ਰੇਸ਼ਾਨ ਹੋ ਚੁੱਕੇ ਹੋ ਤਾਂ ਇਹਨਾਂ ਨੂੰ ਰੋਕਣ ਦੇ ਕੁਝ ਤਰੀਕੇ ਹਨ। ਆਓ ਜਾਣਦੇ ਹਾਂ ਕਿ ਗਰਮੀਆਂ ਦੇ ਮੌਸਮ ਵਿੱਚ ਸਿਰ ਦਰਦ ਕਿਉਂ ਵਧਦਾ ਹੈ ਅਤੇ ਇਹਨਾਂ ਤੋਂ ਕਿਵੇਂ ਬਚਣਾ ਹੈ।ਨਿਊਰੋਲੋਜਿਸਟ ਡਾ. ਵਿਸ਼ਾਲ ਜੈਨ ਕਹਿੰਦੇ ਹਨ ਕਿ ਜਦੋਂ ਸਰੀਰ ਦਾ ਤਾਪਮਾਨ ਆਮ ਨਾਲੋਂ ਵੱਧ ਜਾਂਦਾ ਹੈ, ਤਾਂ ਇਹ ਦਿਮਾਗ ਨੂੰ ਪ੍ਰਭਾਵਿਤ ਕਰਦਾ ਹੈ। ਉਮਸ ਅਤੇ ਗਰਮੀ ਵਿਚ ਬ੍ਰੇਨ ਤਰਲ ਪਦਾਰਥਾਂ ਪ੍ਰਤੀ ਜਿਆਦਾ ਸੈਂਸੀਟਿਵ ਹੋ ਜਾਂਦਾ ਹੈ। ਇਸ ਕਰਕੇ ਸਿਰਦਰਦ ਹਲਕੇ ਦਬਾਅ ਵਰਗਾ ਮਹਿਸੂਸ ਹੁੰਦਾ ਹੈ। ਕਦੇ-ਕਦੇ ਦਰਦ ਸਿਰ ਦੇ ਦੋਵੇਂ ਪਾਸੇ ਜਾ ਪਿੱਛੇ ਵੱਲ ਜਿਆਦਾ ਮਹਿਸੂਸ ਹੁੰਦਾ ਹੈ। ਇਸ ਨਾਲ ਇੰਝ ਲੱਗਦਾ ਹੈ ਕਿ ਜਿਵੇਂ ਸਿਰ ਫਟ ਰਿਹਾ ਹੋਵੇ। ਕਈ ਵਾਰ ਇਹ ਹਾਰਮੋਨਲ ਇੰਬੈਲੇਂਸ ਕਰਕੇ ਵੀ ਹੁੰਦਾ ਹੈ।

ਬਹੁਤ ਸਾਰਾ ਪਾਣੀ ਪੀਓ: ਗਰਮੀਆਂ ਵਿੱਚ ਸਰੀਰ ਅਕਸਰ ਡੀਹਾਈਡ੍ਰੇਟ ਹੋ ਜਾਂਦਾ ਹੈ, ਜਿਸ ਨਾਲ ਸਿਰ ਦਰਦ ਵੀ ਹੋ ਸਕਦਾ ਹੈ। ਜਦੋਂ ਸਰੀਰ ਪਸੀਨੇ ਰਾਹੀਂ ਪਾਣੀ ਅਤੇ ਜ਼ਰੂਰੀ ਇਲੈਕਟ੍ਰੋਲਾਈਟਸ ਗੁਆ ਦਿੰਦਾ ਹੈ, ਤਾਂ ਦਿਮਾਗ ਦੇ ਟਿਸ਼ੂ ਸੁੰਗੜ ਜਾਂਦੇ ਹਨ, ਜਿਸ ਨਾਲ ਦਰਦ ਹੁੰਦਾ ਹੈ। ਇਸ ਲਈ ਬਹੁਤ ਸਾਰਾ ਪਾਣੀ ਪੀਓ।

ਧੁੱਪ ਤੋਂ ਬਚਾਅ: ਜਦੋਂ ਵੀ ਤੁਸੀਂ ਬਾਹਰ ਜਾਓ, ਤਾਂ ਟੋਪੀ, ਤੌਲੀਆ, ਸਕਾਰਫ਼, ਜਾਂ ਚਸ਼ਮਾ ਪਹਿਨੋ। ਤੇਜ਼ ਧੁੱਪ ਅਤੇ ਚਮਕਦਾਰ ਰੌਸ਼ਨੀ ਸਿੱਧੇ ਅੱਖਾਂ 'ਤੇ ਪੈਣ ਨਾਲ ਨਸਾਂ 'ਤੇ ਦਬਾਅ ਪੈ ਸਕਦਾ ਹੈ। ਇਸ ਨਾਲ ਸਿਰ ਦਰਦ ਵੀ ਹੋ ਸਕਦਾ ਹੈ ਅਤੇ ਮਾਈਗ੍ਰੇਨ ਵੀ ਹੋ ਸਕਦਾ ਹੈ।

ਇੱਕ ਰੁਟੀਨ ਬਣਾਓ: ਗਰਮੀਆਂ ਵਿੱਚ ਤੁਹਾਡੀ ਖਾਣ-ਪੀਣ ਦੀ ਰੁਟੀਨ ਅਕਸਰ ਵਿਗੜ ਜਾਂਦੀ ਹੈ, ਪਰ ਅਜਿਹਾ ਨਾ ਹੋਣ ਦਿਓ। ਗਰਮੀਆਂ ਦੌਰਾਨ ਇੱਕਸਾਰ ਖਾਣ-ਪੀਣ ਦੀ ਰੁਟੀਨ ਬਣਾਈ ਰੱਖੋ ਅਤੇ ਕਦੇ-ਕਦੇ ਸਿਹਤਮੰਦ ਜੂਸ ਜਾਂ ਫਲ ਪੀਓ। ਇਹ ਤੁਹਾਡੇ ਸਰੀਰ ਨੂੰ ਹਾਈਡ੍ਰੇਟ ਰੱਖੇਗਾ ਅਤੇ ਤੁਹਾਨੂੰ ਪੇਟ ਭਰਿਆ ਮਹਿਸੂਸ ਕਰਵਾਏਗਾ। ਭੁੱਖ ਵੀ ਸਿਰ ਦਰਦ ਦਾ ਕਾਰਨ ਬਣ ਸਕਦੀ ਹੈ।

ਬਰਫ਼ ਵਾਲੀ ਸਿਕਾਈ: ਜੇਕਰ ਤੁਹਾਡਾ ਸਿਰ ਦਰਦ ਵਿਗੜ ਰਿਹਾ ਹੈ, ਤਾਂ ਬਰਫ਼ ਨੂੰ ਕੱਪੜੇ ਵਿੱਚ ਲਪੇਟੋ ਅਤੇ ਇਸਨੂੰ ਲਗਾਓ। ਤੁਸੀਂ ਸਿਕਾਈ ਨੂੰ ਆਪਣੀ ਗਰਦਨ ਦੇ ਪਿਛਲੇ ਹਿੱਸੇ, ਮੱਥੇ 'ਤੇ ਲਗਾ ਸਕਦੇ ਹੋ, ਜਾਂ ਆਪਣੇ ਸਿਰ 'ਤੇ ਆਈਸਪੈਕ ਵੀ ਰੱਖ ਸਕਦੇ ਹੋ। ਬਰਫ਼ ਦੀ ਠੰਢਕ ਰਾਹਤ ਪ੍ਰਦਾਨ ਕਰੇਗੀ।

ਠੰਢੀ, ਹਨੇਰੀ ਜਗ੍ਹਾ 'ਤੇ ਆਰਾਮ ਕਰੋ: ਜੇਕਰ ਤੁਹਾਡਾ ਸਿਰ ਦਰਦ ਵਿਗੜ ਰਿਹਾ ਹੈ, ਤਾਂ ਹਨੇਰੀ, ਠੰਢੀ ਜਗ੍ਹਾ 'ਤੇ ਆਰਾਮ ਕਰੋ। ਇਹ ਦਰਦ ਨੂੰ ਘਟਾਉਣ ਵਿੱਚ ਵੀ ਮਦਦ ਕਰੇਗਾ। ਲਾਈਟਾਂ ਬੰਦ ਕਰੋ ਅਤੇ ਫਿਰ ਆਰਾਮ ਕਰੋ। ਇਹ ਤੁਹਾਡੇ ਦਿਮਾਗ ਨੂੰ ਠੰਡਾ ਕਰੇਗਾ ਅਤੇ ਦਰਦ ਤੋਂ ਰਾਹਤ ਪ੍ਰਦਾਨ ਕਰੇਗਾ।

ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ ਸਾਹਿਬ ਦੇ ਨਾਂ ਅਤੇ ਤਸਵੀਰਾਂ ਦੀ ਵਪਾਰਕ ਵਰਤੋਂ ਸਬੰਧੀ ਸਖ਼ਤ ਚੇਤਾਵਨੀ

ਸ੍ਰੀ ਹਜ਼ੂਰ ਸਾਹਿਬ, 17 ਮਈ (ਅੰਮ੍ਰਿਤਪਾਲ ਸਿੰਘ) : ਨਾਂਦੇੜ ਸ਼ਹਿਰ ਵਿਖੇ ਸੁਸ਼ੋਭਿਤ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਸਮੁੱਚੀ ਦੁਨੀਆ ਵਿੱਚ ਸਿੱਖ ਕੌਮ ਦੇ ਅਹਿਮ ਅਤੇ ਪਵਿੱਤਰ ਅਸਥਾਨ ਵਜੋਂ ਜਾਣਿਆ ਜਾਂਦਾ ਹੈ। ਇਹ ਮਹਾਨ ਅਸਥਾਨ ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨ-ਛੋਹ ਪ੍ਰਾਪਤ ਪਾਵਨ ਧਰਤੀ ਹੈ, ਜਿਸ ਪ੍ਰਤੀ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੀ ਅਥਾਹ ਸ਼ਰਧਾ ਹੈ। ਪਿਛਲੇ ਕੁਝ ਸਮੇਂ ਤੋਂ ਇਹ ਦੇਖਣ ਵਿੱਚ ਆ ਰਿਹਾ ਹੈ ਕਿ ਕੁਝ ਵਪਾਰਕ ਅਦਾਰੇ ਅਤੇ ਲੋਕ ਆਪਣੇ ਨਿੱਜੀ ਕੰਮਾਂ ਅਤੇ ਇਸ਼ਤਿਹਾਰਬਾਜ਼ੀ ਨੂੰ ਸੋਸ਼ਲ ਮੀਡੀਆ ਜਾਂ ਹੋਰ ਸਾਧਨਾਂ ਰਾਹੀਂ ਪ੍ਰਚਾਰਨ ਲਈ ਗੁਰਦੁਆਰਾ ਸਾਹਿਬ ਦੇ ਪਵਿੱਤਰ ਨਾਂ ਅਤੇ ਫੋਟੋਆਂ ਦੀ ਦੁਰਵਰਤੋਂ ਕਰ ਰਹੇ ਹਨ। ਜਿਸ ਨਾਲ ਸਿੱਖਾਂ ਦੇ ਭਾਵਨਾ ਅਤੇ ਮੰਨ ਨੂੰ ਠੇਸ ਪਹੁੰਚਣਾ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪ੍ਰੈਸ ਨੋਟ ਰਾਹੀਂ ਉਹਨਾਂ ਸਮੂਹ ਅਦਾਇਆ ਲੋਕਾਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ, ਜੋ ਆਪਣੇ ਕਾਰੋਬਾਰ

ਜਾਂ ਇਸ਼ਤਿਹਾਰਾਂ ਲਈ ਤਖ਼ਤ ਸਾਹਿਬ ਦੇ ਨਾਂ ਜਾਂ ਤਸਵੀਰਾਂ ਦਾ ਇਸਤੇਮਾਲ ਕਰ ਰਹੇ ਹਨ, ਉਹ ਇਸ ਨੂੰ ਤੁਰੰਤ ਬੰਦ ਕਰਨ ਅਤੇ ਹਟਾ ਦੇਣ। ਜੇਕਰ ਭਵਿੱਖ ਵਿੱਚ ਕੋਈ ਵੀ ਵਿਅਕਤੀ ਜਾਂ ਸੰਸਥਾ ਗੁਰਦੁਆਰਾ ਸਾਹਿਬ ਦੇ ਨਾਮ ਜਾਂ ਫੋਟੋ ਦੀ ਅਣਅਧਿਕਾਰਤ ਵਰਤੋਂ ਕਰਦਾ ਪਾਈ ਗਈ ਜਾਂ ਇਸ ਸਬੰਧੀ ਕੋਈ ਸ਼ਿਕਾਇਤ ਮਿਲੀ, ਤਾਂ ਪ੍ਰਬੰਧਕੀ ਬੋਰਡ ਵੱਲੋਂ ਉਹਨਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਆਲਮੀ ਤਪਸ਼ ਦਾ ਵੱਡਾ ਖ਼ਤਰਾ: ਦੁਨੀਆਂ ਭਰ ਦੀਆਂ ਨਦੀਆਂ ਵਿੱਚ ਆਕਸੀਜਨ ਦਾ ਪੱਧਰ ਘਟਿਆ

ਮੱਛੀਆਂ ਤੇ ਪਾਣੀ ਵਾਲੇ ਹੋਰ ਜੀਵਾਂ ਲਈ ਸੰਕਟ ਪੈਦਾ ਹੋਇਆ

ਵਾਸ਼ਿੰਗਟਨ, 17 ਮਈ (ਚ.ਨ.ਸ.) : ਧਰਤੀ ਦੇ ਵਧ ਰਹੇ ਤਾਪਮਾਨ ਭਾਵ ਆਲਮੀ ਤਪਸ਼ ਕਾਰਨ ਦੁਨੀਆ ਭਰ ਦੇ ਦਰਿਆਵਾਂ ਵਿੱਚ ਆਕਸੀਜਨ ਦਾ ਪੱਧਰ ਹੌਲੀ-ਹੌਲੀ ਘਟ ਰਿਹਾ ਹੈ, ਜਿਸ ਕਾਰਨ ਮੱਛੀਆਂ ਅਤੇ ਪਾਣੀ ਵਾਲੇ ਹੋਰ ਜੀਵਾਂ ਦੀ ਜ਼ਿੰਦਗੀ ਖ਼ਤਰੇ ਵਿੱਚ ਪੈ ਗਈ ਹੈ।'ਸਾਇੰਸ ਐਡਵਾਂਸਿਜ਼' ਰਸਾਲੇ ਵਿੱਚ ਪ੍ਰਕਾਸ਼ਿਤ ਨਵੇਂ ਅਧਿਐਨ ਮੁਤਾਬਕ ਸਾਲ 1985 ਤੋਂ ਹੁਣ ਤੱਕ ਦੁਨੀਆ ਭਰ ਦੇ ਦਰਿਆਵਾਂ ਵਿੱਚ ਆਕਸੀਜਨ ਦੇ ਪੱਧਰ ਵਿੱਚ ਔਸਤਨ 2.1 ਫ਼ੀਸਦੀ ਦੀ ਗਿਰਾਵਟ ਆਈ ਹੈ। ਚੀਨ ਦੇ ਖੋਜੀਆਂ ਨੇ ਸੈਟੇਲਾਈਟ ਅਤੇ ਮਸਨੂਈ ਬੌਧਿਕਤਾ (ਏ ਆਈ) ਦੀ ਮਦਦ ਨਾਲ ਸੰਸਾਰ ਭਰ ਦੇ 21 ਹਜ਼ਾਰ ਤੋਂ ਵੱਧ ਦਰਿਆਵਾਂ ਦਾ ਅਧਿਐਨ ਕਰ ਕੇ ਇਹ ਚਿੰਤਾਜਨਕ ਨਤੀਜਾ ਕੱਢਿਆ ਹੈ।ਵਿਗਿਆਨੀਆਂ ਮੁਤਾਬਕ ਰਸਾਇਣ ਵਿਗਿਆਨ ਦਾ ਨਿਯਮ ਹੈ ਕਿ ਗਰਮ ਪਾਣੀ ਵਿੱਚ ਆਕਸੀਜਨ ਰੋਕਣ ਦੀ ਸਮਰੱਥਾ ਘੱਟ ਹੁੰਦੀ ਹੈ। ਇਨਸਾਨੀ ਸਰਗਰਮੀਆਂ ਕਾਰਨ ਹੋ ਰਹੇ ਜਲਵਾਯੂ ਪਰਿਵਰਤਨ ਕਰ ਕੇ ਜਦੋਂ ਪਾਣੀ ਗਰਮ ਹੁੰਦਾ ਹੈ, ਤਾਂ ਇਹ ਆਕਸੀਜਨ ਨੂੰ ਵਾਯੂਮੰਡਲ ਵਿੱਚ ਛੱਡ ਦਿੰਦਾ ਹੈ।

ਜੇ ਆਕਸੀਜਨ ਘਟਣ ਦੀ ਇਹ ਰਫ਼ਤਾਰ ਇਸੇ ਤਰ੍ਹਾਂ ਜਾਰੀ ਰਹੀ, ਤਾਂ ਸਦੀ ਦੇ ਅੰਤ ਤੱਕ ਦਰਿਆਵਾਂ ਵਿੱਚ 4 ਤੋਂ 5 ਫ਼ੀਸਦੀ ਤੱਕ ਆਕਸੀਜਨ ਹੋਰ ਘਟ ਜਾਵੇਗੀ।ਚੀਨੀ ਅਕੈਡਮੀ ਆਫ਼ ਸਾਇੰਸਿਜ਼ ਦੇ ਵਾਤਾਵਰਨ ਵਿਗਿਆਨੀ ਸ਼ੀ ਗੁਆਨ ਨੇ ਖ਼ਬਰਦਾਰ ਕੀਤਾ ਹੈ ਕਿ ਆਕਸੀਜਨ ਦੀ ਘਾਟ ਕਾਰਨ ਦਰਿਆਵਾਂ ਵਿੱਚ 'ਡੈੱਡ ਜ਼ੋਨ' ਬਣ ਸਕਦੇ ਹਨ। ਇਸ ਨਾਲ ਜੈਵ ਵੰਨ-ਸੁਵੰਨਤਾ ਦਾ ਨੁਕਸਾਨ ਹੁੰਦਾ ਹੈ ਅਤੇ ਪਾਣੀ ਦੀ ਗੁਣਵੱਤਾ ਵੀ ਖ਼ਰਾਬ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਦਾ ਅਸਰ ਇਨਸਾਨਾਂ 'ਤੇ ਵੀ ਪੈਂਦਾ ਹੈ। ਐਰੀਜ਼ੋਨਾ ਯੂਨੀਵਰਸਿਟੀ ਦੇ ਭੂ-ਵਿਗਿਆਨੀ ਕਾਰਲ ਫਲੈਸਾ ਮੁਤਾਬਕ ਲੂ ਦੌਰਾਨ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਜਾਂਦੀ ਹੈ।

162,571,000,000,000 ਰੁਪਏ ਦੇ ਕਰਜ਼ੇ ਹੇਠ ਦੱਬੇ ਅਮਰੀਕੀ ਵਿਦਿਆਰਥੀ !

ਵਾਸ਼ਿੰਗਟਨ, 17 ਮਈ (ਚ.ਨ.ਸ.) : ਵਿਦਿਆਰਥੀਆਂ ਸਬੰਧੀ ਅਮਰੀਕਾ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਖ਼ਬਰ ਮੁਤਾਬਕ ਅਮਰੀਕਾ ਵਿੱਚ ਉੱਚ ਸਿੱਖਿਆ ਦੀ ਵਧਦੀ ਲਾਗਤ ਕਾਰਨ ਸੈਂਕੜੇ ਵਿਦਿਆਰਥੀ ਕਰਜ਼ ਦੇ ਬੋਝ ਹੇਠ ਦੱਬੇ ਗਏ ਹਨ। ਅਮਰੀਕੀ ਸਿੱਖਿਆ ਸਕੱਤਰ ਲਿੰਡਾ ਮੈਕਮੋਹਨ ਨੇ ਕਾਂਗਰਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮੇਂ 4.3 ਕਰੋੜ ਅਮਰੀਕੀ ਨਾਗਰਿਕ 1.7 ਟ੍ਰਿਲੀਅਨ ਡਾਲਰ ਦੇ ਭਾਰੀ ਵਿਦਿਆਰਥੀ ਕਰਜ਼ੇ ਹੇਠ ਦਬੇ ਹੋਏ ਹਨ। ਵਿਦਿਆਰਥੀਆਂ 'ਤੇ ਕਰਜ਼ੇ ਦੇ ਬੋਝ ਸਬੰਧੀ ਜਾਣਕਾਰੀ ਨੇ ਟਰੰਪ ਸਰਕਾਰ ਦੀ ਵੀ ਚਿੰਤਾ ਵਧਾ ਦਿੱਤੀ ਹੈ। ਹਾਊਸ ਐਜੂਕੇਸ਼ਨ ਐਂਡ ਵਰਕਫੋਰਸ ਕਮੇਟੀ ਦੇ ਸਾਹਮਣੇ ਪੇਸ਼ ਹੁੰਦੇ ਹੋਏ ਮੈਕਮੋਹਨ ਨੇ ਪ੍ਰਸ਼ਾਸਨ ਦੇ ਸੁਧਾਰਾਂ ਦਾ ਬਚਾਅ ਕੀਤਾ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਸੀਮਾ ਦੇ ਦਿੱਤੇ ਗਏ ਸੌਖੀ ਕਰਜ਼ਿਆਂ ਨੇ ਦੇਸ਼ ਭਰ ਵਿੱਚ ਟਿਊਸ਼ਨ ਫੀਸਾਂ ਵਿੱਚ ਭਾਰੀ ਵਾਧੇ ਨੂੰ ਉਤਸ਼ਾਹਿਤ ਕੀਤਾ ਹੈ। ਉਨ੍ਹਾਂ ਇਲਜ਼ਾਮ ਲਗਾਇਆ ਕਿ ਯੂਨੀਵਰਸਿਟੀਆਂ ਨੂੰ ਮਨਮਰਜ਼ੀ ਦੀਆਂ ਫੀਸਾਂ ਵਸੂਲਣ ਦੀ ਇਜਾਜ਼ਤ ਦਿੱਤੀ ਗਈ ਸੀ, ਜਿਸ @ਤੇ ਹੁਣ ਲਗਾਮ ਲਗਾਉਣੀ ਜ਼ਰੂਰੀ ਹੈ।ਸਰਕਾਰ ਵੱਲੋਂ ਗ੍ਰੈਜੂਏਟ ਵਿਦਿਆਰਥੀਆਂ, ਖਾਸ ਕਰਕੇ ਨਰਸਿੰਗ, ਅਧਿਆਪਨ ਅਤੇ ਸਮਾਜਿਕ ਕਾਰਜਾਂ ਵਰਗੇ ਪ੍ਰੋਗਰਾਮਾਂ ਲਈ ਕਰਜ਼ੇ ਦੀ ਸੀਮਾ ਤੈਅ ਕਰਨ ਦੇ ਫੈਸਲੇ 'ਤੇ ਬਹਿਸ ਤੇਜ਼ ਹੋ ਗਈ ਹੈ। ਵਿਰੋਧੀ ਧਿਰ (ਡੈਮੋਕਰੇਟਸ) ਨੇ ਚੇਤਾਵਨੀ ਦਿੱਤੀ ਹੈ ਕਿ ਇਨ੍ਹਾਂ ਬਦਲਾਅ ਨਾਲ ਦੇਸ਼ ਵਿੱਚ ਸਿਹਤ ਕਰਮਚਾਰੀਆਂ ਦੀ ਘਾਟ ਹੋਰ ਵਧ ਸਕਦੀ ਹੈ ਅਤੇ ਵਿਦਿਆਰਥੀਆਂ ਨੂੰ ਮਹਿੰਗੇ ਨਿੱਜੀ ਕਰਜ਼ੇ ਲੈਣ ਲਈ ਮਜਬੂਰ ਹੋਣਾ ਪਵੇਗਾ। ਕਨੈਕਟੀਕਟ ਦੇ ਪ੍ਰਤੀਨਿਧੀ ਜੋਅ ਕੋਰਟਨੀ ਅਨੁਸਾਰ ਉੱਨਤ ਨਰਸਿੰਗ ਸਿੱਖਿਆ ਹੁਣ ਆਮ ਵਿਦਿਆਰਥੀ ਦੀ ਪਹੁੰਚ ਤੋਂ ਬਾਹਰ ਹੋ ਸਕਦੀ ਹੈ।

ਮਾਲਵਾ ਇਨਕਲੇਵ ਵਿੱਚ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ

ਪਟਿਆਲਾ, 17 ਮਈ (ਚ.ਨ.ਸ.) :ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰੂ ਅਰਜਨ ਕੀਰਤਨ ਮੰਡਲ ਵੱਲੋਂ ਕਰਵਾਏ ਜਾ ਰਹੇ ਲੜੀਵਾਰ ਚਾਲੀਹਾ ਪ੍ਰੋਗਰਾਮ ਦੇ ਤਹਿਤ ਬੀਤੀ ਰਾਤ ਮਾਲਵਾ ਇਨਕਲੇਵ ਦੇ ਖੁੱਲ੍ਹੇ ਪਲਾਟਾਂ ਵਿੱਚ ਵਿਸ਼ਾਲ ਧਾਰਮਿਕ ਸਮਾਗਮ ਬਹੁਤ ਹੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਸੰਪੰਨ ਹੋਇਆ। ਸਮਾਗਮ ਦੌਰਾਨ ਇਲਾਕੇ ਦੀਆਂ ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ ਅਤੇ ਗੁਰਬਾਣੀ ਕੀਰਤਨ ਸਰਵਣ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ। ਸਮਾਗਮ ਦੌਰਾਨ ਗੁਰੂ ਅਰਜਨ ਕੀਰਤਨ ਮੰਡਲ ਦੇ ਜੱਥੇ ਨੇ ਸਰਦਾਰ ਰਾਮ ਸਿੰਘ ਦੀ ਅਗਵਾਈ ਹੇਠ ਰਸਭਿੰਨਾ ਗੁਰ ਜੱਸ ਕੀਰਤਨ ਕੀਤਾ। ਜੱਥੇ ਵੱਲੋਂ ਗੁਰਬਾਣੀ ਦੇ ਸ਼ਬਦਾਂ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਦਿਆਂ ਗੁਰੂ ਸਾਹਿਬ ਜੀ ਦੀ ਸ਼ਹਾਦਤ ਅਤੇ ਉਪਦੇਸ਼ਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਵਿਚਾਰਾਂ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪਹਿਲੇ ਸ਼ਹੀਦ ਹਨ, ਜਿਨ੍ਹਾਂ ਨੇ ਸੱਚ, ਧਰਮ ਅਤੇ ਮਨੁੱਖਤਾ ਦੀ ਰੱਖਿਆ ਲਈ ਅਦੁੱਤੀ ਕੁਰਬਾਨੀ ਦਿੱਤੀ। ਗੁਰੂ ਸਾਹਿਬ ਜੀ ਨੇ ਹਰਿਮੰਦਰ ਸਾਹਿਬ ਦੀ

ਸਥਾਪਨਾ ਕਰਕੇ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਅਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਕਰਕੇ ਸਿੱਖ ਕੌਮ ਨੂੰ ਅਮੁੱਲੀ ਧਾਰਮਿਕ ਵਿਰਾਸਤ ਬਖ਼ਸ਼ੀ। ਉਨ੍ਹਾਂ ਦੱਸਿਆ ਕਿ ਮੁਗਲ ਬਾਦਸ਼ਾਹ ਜਹਾਂਗੀਰ ਦੇ ਹੁਕਮਾਂ 'ਤੇ ਗੁਰੂ ਸਾਹਿਬ ਜੀ ਨੂੰ ਤੱਤੀ ਤਵੀ 'ਤੇ ਬਿਠਾਇਆ ਗਿਆ, ਉਬਲਦੀ ਰੇਤ ਸਰੀਰ 'ਤੇ ਪਾਈ ਗਈ ਅਤੇ ਅਨੇਕਾਂ ਤਸੀਹੇ ਦਿੱਤੇ ਗਏ, ਪਰ ਗੁਰੂ ਸਾਹਿਬ ਜੀ ਨੇ ਤੇਰਾ ਕੀਤਾ ਮੀਠਾ ਲਾਗੈ ਦਾ ਉਚਾਰਨ ਕਰਦਿਆਂ ਪ੍ਰਭੂ ਦੀ ਰਜ਼ਾ ਨੂੰ ਮੰਨਿਆ ਅਤੇ ਮਨੁੱਖਤਾ ਲਈ ਸ਼ਹਾਦਤ ਦਾ ਮਹਾਨ ਇਤਿਹਾਸ ਰਚਿਆ। ਗੁਰੂ ਜੀ ਦੀ ਸ਼ਹਾਦਤ ਸਿੱਖ ਇਤਿਹਾਸ ਵਿੱਚ ਧੀਰਜ, ਨਿਮਰਤਾ ਅਤੇ ਅਡੋਲ ਵਿਸ਼ਵਾਸ ਦਾ ਪ੍ਰਤੀਕ ਮੰਨੀ ਜਾਂਦੀ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕੁਲਤਾਰ ਸਿੰਘ ਸੋਢੀ, ਜਗਜੀਤ ਸਿੰਘ ਗਿੰਦੀ, ਗਗਨਦੀਪ ਸਿੰਘ ਆਹੂਜਾ, ਸੰਨੀ ਚੰਡੋਕ, ਬਿਰੇਂਦਰ ਸੂਦ, ਕ੍ਰਿਸ਼ਨ ਕੁਮਾਰ ਵਰਮਾ, ਪ੍ਰਿੰਸੀਪਲ ਜਤਿੰਦਰ ਸਿੱਧੂ, ਪਰਵਿੰਦਰ ਸਿੰਘ, ਸ਼ੰਭੂ ਸਮਾਂਥਾ, ਜਤਿੰਦਰ ਰੋਮੀ ਅਤੇ ਇਲਾਕੇ ਦੇ ਨੌਜਵਾਨਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਸਮਾਗਮ ਦੀਆਂ ਸੇਵਾਵਾਂ ਨਿਭਾਈਆਂ। ਸਮਾਗਮ ਦੇ ਆਯੋਜਕਾਂ ਨੇ ਦੱਸਿਆ ਕਿ ਗੁਰੂ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਇਹ ਲੜੀਵਾਰ ਚਾਲੀਹਾ ਪ੍ਰੋਗਰਾਮ ਸੰਗਤਾਂ ਵਿੱਚ ਧਾਰਮਿਕ ਚੇਤਨਾ ਪੈਦਾ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਇਆ ਜਾ ਰਿਹਾ ਹੈ। ਉਨ੍

ਪਟਿਆਲਾ-ਆਸ/ਪਾਸ

ਸੰਸਕਾਰਾਂ ਨਾਲ ਹੀ ਮਜ਼ਬੂਤ ਹੁੰਦੈ ਸਹਿਕਾਰ: ਗੁਲਾਬ ਚੰਦ ਕਟਾਰੀਆ

➢ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ 'ਚ ਰਾਜਪਾਲ ਨੇ ਲੋਕਾਂ ਨੂੰ ਜਾਗਰੂਕ ਕੀਤਾ

ਪਟਿਆਲਾ, 17 ਮਈ (ਗੁਰਮੁੱਖ ਰੁਪਾਣਾ) : ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਹਿਕਾਰਤਾ ਅੰਦੋਲਨ ਨੂੰ ਪਿੰਡਾਂ ਦੇ ਵਿਕਾਸ ਅਤੇ ਸਮਾਜਕ ਮਜ਼ਬੂਤੀ ਦਾ ਅਹਿਮ ਆਧਾਰ ਕਰਾਰ ਦਿੱਤਾ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਹਿਕਾਰਤਾ ਇੱਕ ਬਹੁਤ ਪੁਰਾਣੀ ਅਤੇ ਮਜ਼ਬੂਤ ਸੰਸਥਾ ਹੈ, ਜੋ 1979 ਵਿੱਚ ਸਥਾਪਿਤ ਕੀਤੀ ਗਈ ਸੀ ਅਤੇ ਉਸ ਸਮੇਂ ਤੋਂ ਹੀ ਪਿੰਡਾਂ ਅਤੇ ਆਮ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ। ਰਾਜਪਾਲ ਨੇ ਕਿਹਾ ਕਿ ਸਹਿਕਾਰਤਾ ਦੀ ਭਾਵਨਾ ਲੋਕਾਂ ਨੂੰ ਆਪਸੀ ਭਾਈਚਾਰੇ, ਸਹਿਯੋਗ ਅਤੇ ਸਮਰਪਣ ਨਾਲ ਜੋੜਦੀ ਹੈ। ਉਨ੍ਹਾਂ ਕਿਹਾ ਕਿ ਸੰਸਕਾਰ ਤੋਂ ਸਹਿਕਾਰ ਦਾ ਸਿਧਾਂਤ ਸਮਾਜ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ, ਜਦੋਂ ਸਮਾਜ ਵਿੱਚ ਚੰਗੇ ਸੰਸਕਾਰ ਪੈਦਾ ਹੁੰਦੇ ਹਨ ਤਾਂ ਲੋਕ ਇਕ-ਦੂਜੇ ਦੀ ਮਦਦ ਲਈ ਅੱਗੇ ਆਉਂਦੇ ਹਨ ਅਤੇ ਇਸ ਨਾਲ ਸਹਿਕਾਰਤਾ ਦੀ ਭਾਵਨਾ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਹਿਕਾਰਤਾ ਖੇਤਰ ਦਾ ਸਭ ਤੋਂ ਵੱਡਾ ਯੋਗਦਾਨ ਖੇਤੀਬਾੜੀ ਅਤੇ ਡੇਅਰੀ ਖੇਤਰ ਵਿੱਚ ਹੈ। ਕਿਸਾਨਾਂ ਨੂੰ ਖਾਦ, ਬੀਜ, ਅਤੇ ਹੋਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਸਹਿਕਾਰਤਾ ਸੰਸਥਾਵਾਂ ਦੀ ਅਹਿਮ ਭੂਮਿਕਾ ਰਹੀ ਹੈ। ਡੇਅਰੀ ਖੇਤਰ ਵਿੱਚ ਵੀ ਸਹਿਕਾਰਤਾ ਨੇ ਪਿੰਡਾਂ ਦੇ ਲੋਕਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਸਹਿਕਾਰਤਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਪਿੰਡਾਂ ਦੀ ਆਰਥਿਕਤਾ ਨੂੰ ਵੱਡਾ ਫਾਇਦਾ ਹੋ ਸਕਦਾ ਹੈ। ਪੰਜਾਬੀਆਂ ਦੀ ਸ਼ਲਾਘਾ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬੀਆਂ ਦੀ ਬਹਾਦਰੀ, ਸਮਰਪਣ ਅਤੇ ਮਿਹਨਤ ਪੂਰੇ ਦੇਸ਼ ਲਈ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਅੰਨ ਭੰਡਾਰ ਹੈ ਅਤੇ ਇੱਥੋਂ ਦੇ ਕਿਸਾਨਾਂ ਨੇ ਦੇਸ਼ ਦੀ ਖਾਦ ਸੁਰੱਖਿਆ ਵਿੱਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਖੇਡਾਂ ਵਿੱਚ ਵੀ ਦੇਸ਼ ਅਤੇ ਵਿਦੇਸ਼ ਵਿੱਚ ਨਾਮ ਰੌਸ਼ਨ ਕਰ ਰਹੇ ਹਨ ਅਤੇ ਪੰਜਾਬ ਵਿੱਚ ਸਭ ਤੋਂ ਵੱਧ ਖਿਡਾਰੀ ਹਨ, ਜੋ ਇਸ ਧਰਤੀ ਦੀ ਮਿਹਨਤ ਅਤੇ ਅਨੁਸ਼ਾਸਨ ਦੀ ਪਛਾਣ ਹਨ। ਰਾਜਪਾਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਕਿਸੇ ਵੀ ਸੰਸਥਾ, ਸਮਾਜ ਜਾਂ ਦੇਸ਼ ਦੀ ਤਰੱਕੀ ਲਈ ਲੀਡਰ ਦਾ ਇਮਾਨਦਾਰ ਹੋਣਾ ਬਹੁਤ ਜ਼ਰੂਰੀ ਹੈ। ਜੇ ਲੀਡਰ ਇਮਾਨਦਾਰ, ਨਿਸ਼ਠਾਵਾਨ ਅਤੇ ਲੋਕ-ਹਿਤੈਸ਼ੀ ਹੋਵੇਗਾ ਤਾਂ ਸੰਸਥਾਵਾਂ ਮਜ਼ਬੂਤ ਬਣਦੀਆਂ ਹਨ ਅਤੇ ਲੋਕਾਂ ਦਾ ਭਰੋਸਾ ਵੀ ਵਧਦਾ ਹੈ। ਉਨ੍ਹਾਂ ਕਿਹਾ ਕਿ ਸਹਿਕਾਰਤਾ ਸੰਸਥਾਵਾਂ ਵਿੱਚ ਚੰਗੇ ਅਤੇ ਯੋਗ ਵਿਅਕਤੀਆਂ ਦੀ ਚੋਣ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਇਹ ਸੰਸਥਾਵਾਂ ਲੋਕਾਂ ਦੀ ਭਲਾਈ ਲਈ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਸਕਣ। ਇਸ ਮੌਕੇ ਸਹਿਕਾਰ ਭਾਰਤੀ ਪੰਜਾਬ ਦੇ ਅਹੁਦੇਦਾਰਾਂ ਨੇ ਰਾਜਪਾਲ ਦਾ ਸਵਾਗਤ ਕੀਤਾ ਅਤੇ ਸੰਗੋਸ਼ਠੀ ਦੌਰਾਨ ਸਹਿਕਾਰਤਾ ਖੇਤਰ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਨੌਜਵਾਨ ਅਤੇ ਵੱਖ-ਵੱਖ ਖੇਤਰਾਂ ਨਾਲ ਜੁੜੇ ਪ੍ਰਮੁੱਖ ਵਿਅਕਤੀ ਹਾਜ਼ਰ ਸਨ।

'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਟੀਮ ਨੇ ਕੂੜੇ ਦੇ ਢੇਰ ਨੂੰ ਖੂਬਸੂਰਤ ਬਟਰਫਲਾਈ ਤੇ ਹਰਬਲ ਪਾਰਕ 'ਚ ਬਦਲਿਆ

➢ਮੇਅਰ ਕੁੰਦਨ ਗੋਗੀਆ ਵੱਲੋਂ ਪਾਰਕ ਦਾ ਉਦਘਾਟਨ, ਓਪਨ ਜਿੰਮ ਲੋਕਾਂ ਨੂੰ ਸਮਰਪਿਤ

ਪਟਿਆਲਾ, 17 ਮਈ (ਰੁਪਾਣਾ) : ਸ਼ਹਿਰ ਦੀਆਂ ਸੜਕਾਂ ਦੇ ਕਿਨਾਰਿਆਂ ਤੋਂ ਆਪਣੀਆਂ 74 ਸਫ਼ਾਈ ਮੁਹਿੰਮਾਂ ਰਾਹੀਂ ਕਰੀਬ 30 ਹਜ਼ਾਰ ਕਿਲੋ ਪਲਾਸਟਿਕ ਦੇ ਲਿਫ਼ਾਫੇ ਅਤੇ ਹੋਰ ਕੂੜਾ ਇਕੱਠਾ ਕਰਨ ਵਾਲੀ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਟੀਮ ਨੇ ਵਾਤਾਵਰਨ ਪਾਰਕ, ਜੇਲ੍ਹ ਰੋਡ ਨੇੜੇ ਮੰਦਰ ਕੋਲ ਕੂੜੇ ਦੇ ਢੇਰ ਅਤੇ ਝਾੜੀਆਂ ਨਾਲ ਭਰੇ ਇੱਕ ਕੋਨੇ ਨੂੰ ਖੂਬਸੂਰਤ ਬਟਰਫਲਾਈ ਤੇ ਹਰਬਲ ਪਾਰਕ ਵਿੱਚ ਤਬਦੀਲ ਕਰਕੇ ਸ਼ਹਿਰ ਲਈ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਅੱਜ ਇਸ ਬਟਰਫਲਾਈ ਤੇ ਹਰਬਲ ਪਾਰਕ ਦਾ ਉਦਘਾਟਨ ਕਰਦਿਆਂ ਇੱਥੇ ਸਥਾਪਤ ਓਪਨ ਜਿੰਮ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਨਾਲ ਜੁੜ ਕੇ ਪਟਿਆਲਾ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਮੇਅਰ ਗੋਗੀਆ ਨੇ ਟੀਮ ਦੇ ਵਲੰਟੀਅਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਗਰ ਨਿਗਮ ਅਤੇ ਜ਼ਿਲ੍ਹਾ ਪ੍ਰਸ਼ਾਸਨ, ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਪਟਿਆਲਾ ਨੂੰ ਸੁੰਦਰ ਅਤੇ ਪ੍ਰਦੂਸ਼ਨ ਮੁਕਤ ਬਣਾਉਣ ਲਈ ਵਚਨਬੱਧ ਹਨ। ਇਸ ਮੌਕੇ ਐਚ.ਪੀ.ਐਸ. ਲਾਂਬਾ ਨੇ ਕਿਹਾ ਕਿ ਕਿਸੇ ਸਮੇਂ ਨਸ਼ੇੜੀਆਂ ਦਾ ਅੱਡਾ ਬਣੇ ਇਸ ਸਥਾਨ ਵਿੱਚ ਵਿਕਸਤ ਬਟਰਫਲਾਈ ਤੇ ਹਰਬਲ ਪਾਰਕ ਨੂੰ ਆਉਂਦੇ ਛੇ ਮਹੀਨਿਆਂ ਦੇ ਅੰਦਰ ਸ਼ਹਿਰ ਦੇ ਸਭ ਤੋਂ ਖੂਬਸੂਰਤ ਅਤੇ ਆਕਰਸ਼ਕ ਸਥਾਨਾਂ ਵਿੱਚ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਨੇ ਸਿਰਫ਼ ਇੱਕ ਪਾਰਕ ਹੀ ਵਿਕਸਿਤ ਨਹੀਂ ਕੀਤਾ, ਸਗੋਂ ਪਟਿਆਲਾ ਵਿੱਚ ਲੋਕ ਭਾਗੀਦਾਰੀ ਨਾਲ ਸਫ਼ਾਈ ਅਤੇ ਸੁੰਦਰੀਕਰਨ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਕੀਤੀ ਹੈ। ਕਰਨਲ ਕਰਮਿੰਦਰ ਸਿੰਘ ਨੇ ਬਟਰਫਲਾਈ ਤੇ ਹਰਬਲ ਪਾਰਕ ਦੇ ਉਦਘਾਟਨ ਮੌਕੇ ਸਾਰੇ ਵਾਰੀਅਰਜ ਨੂੰ ਵਧਾਈ ਦਿੱਤੀ। ਇਸ ਦੌਰਾਨ ਨਗਰ ਨਿਗਮ ਦੇ ਸੈਨੇਟਰੀ ਇੰਚਾਰਜ ਹਰਵਿੰਦਰ ਸਿੰਘ, ਜਗਤਾਰ ਸਿੰਘ, ਰਿਸ਼ਭ, ਮੋਹਿਤ, ਇੰਦਰਜੀਤ ਸਿੰਘ, ਰਜੇਸ਼ ਮੱਟੂ, ਜੰਗਲਾਤ ਵਿਭਾਗ ਦੇ ਬੀਟ ਇੰਚਾਰਜ ਬਿੱਟੂ ਸਿੰਘ ਗਿੱਲ, ਰਮਨਪ੍ਰੀਤ ਸਿੰਘ, ਆਰਟ ਟੀਚਰ ਨਗਿੰਦਰ ਸਿੰਘ ਅਤੇ ਹੋਰਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਕੈਪਟਨ ਸੁਖਜੀਤ ਕੌਰ ਨੇ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਨੂੰ ਲੈ ਕੇ ਅਜੇ ਵੀ ਕਈ ਚੁਣੌਤੀਆਂ ਮੌਜੂਦ ਹਨ । ਇਸ ਮੌਕੇ ਐਨ.ਆਈ.ਐਸ. ਦੇ ਐਸ.ਈ.ਡੀ. ਵਿਨੀਤ ਕੁਮਾਰ, ਪ੍ਰੋ. ਅਸ਼ੋਕ ਵਰਮਾ, ਰਕੇਸ਼ ਕੱਦ, ਪ੍ਰਵੇਸ਼ ਮੰਗਲਾ, ਰਜੀਵ ਚੋਪੜਾ, ਨਵਗੀਤ ਸੰਧੂ, ਗੁਰਪ੍ਰੀਤ ਦੁਲਟ, ਸਿਮਰਨ ਹਰੀਕਾ ਤੇ ਸੀ ਐਮ ਕੌੜਾ ਸਮੇਤ ਹੋਰ ਵਲੰਟੀਅਰ ਵੀ ਮੌਜੂਦ ਸਨ।

ਨਿਰਮਲ ਸਿੰਘ ਭੱਟੀਆਂ ਨੇ ਖਵਾਜਾ ਪੀਰ ਦੀ ਦਰਗਾਹ 'ਤੇ ਹਾਜ਼ਰੀ ਲਗਵਾਈ

ਸਨੌਰ, 17 ਮਈ (ਪ੍ਰਥਮ ਕੁਮਾਰ) : ਸਨੌਰ ਵਿਖੇ ਖਵਾਜਾ ਪੀਰ ਦੀ ਦਰਗਾਹ 'ਤੇ ਹਾਜ਼ਰੀ ਲਗਵਾਈ ਅਤੇ ਇਲਾਕੇ ਦੀ ਖੁਸ਼ਹਾਲੀ ਲਈ ਕਾਮਨਾ ਕੀਤੀ। ਇਸ ਮੌਕੇ ਨਿਰਮਲ ਸਿੰਘ ਭੱਟੀਆਂ ਨੇ ਵੀ ਵਿਸ਼ੇਸ਼ ਤੌਰ 'ਤੇ ਦਰਗਾਹ 'ਤੇ ਨਤਮਸਤਕ ਹੋ ਕੇ ਲੋਕਾਂ ਦੀ ਸੁੱਖ-ਸਮ੍ਰਿੱਧੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਦਰਗਾਹ 'ਤੇ ਪਹੁੰਚਣ 'ਤੇ ਸਥਾਨਕ ਸੰਗਤ ਅਤੇ ਪ੍ਰਬੰਧਕ ਕਮੇਟੀ ਵੱਲੋਂ ਮਹਿਮਾਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਦਰਗਾਹ ਵਿੱਚ ਚਾਦਰ ਚੜ੍ਹਾਈ ਅਤੇ ਖੇਤਰ ਵਿੱਚ ਅਮਨ-ਸ਼ਾਂਤੀ, ਭਾਈਚਾਰੇ ਅਤੇ ਤਰੱਕੀ ਲਈ ਦੁਆ ਮੰਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨ ਸਾਨੂੰ ਆਪਸੀ ਪਿਆਰ, ਸਹਿਣਸ਼ੀਲਤਾ ਅਤੇ ਏਕਤਾ ਦਾ ਸੰਦੇਸ਼ ਦਿੰਦੇ ਹਨ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਉਹ ਹਮੇਸ਼ਾਂ ਹਲਕਾ ਸਨੌਰ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹਨ ਅਤੇ ਇਲਾਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਖੇਤਰ ਨੂੰ ਤਰੱਕੀ ਦੇ ਰਾਹ 'ਤੇ ਅੱਗੇ ਲੈ ਕੇ ਜਾਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਸਮਰਥਕ ਵੀ ਮੌਜੂਦ ਰਹੇ। ਸਾਰਿਆਂ ਨੇ ਮਿਲ ਕੇ ਖਵਾਜਾ ਪੀਰ ਜੀ ਦੇ ਦਰ 'ਤੇ ਮੱਥਾ ਟੇਕਿਆ ਅਤੇ ਇਲਾਕੇ ਦੀ ਸੁੱਖ-ਸ਼ਾਂਤੀ, ਖੁਸ਼ਹਾਲੀ ਅਤੇ ਤੰਦਰੁਸਤੀ ਲਈ ਅਰਦਾਸ ਕੀਤੀ। ਇਸ ਮੌਕੇ ਭਗਤ ਭੋਲਾ ਬਾਬਾ, ਹਰਮੇਸ਼ ਸਿੰਘ ਬਿੱਟੂ, ਪੰਡਤ, ਕੁਲਦੀਪ ਪੰਡਤ, ਕੁਲਦੀਪ ਸਿੰਘ ਕਾਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਸਨੌਰ ,ਗੁਰਨਾਮ ਸਿੰਘ ਸੈਕਟਰੀ , ਰਾਮ ਵਾਲੀਆਂ ਸਨੌਰ, ਗੁਰਮੀਤ ਬਾਵਾ ਹਾਜ਼ਰ ਸਨ।

900 ਗ੍ਰਾਮ ਸੁਲਫ਼ੇ ਸਮੇਤ ਮਹਿਲਾ ਕਾਬੂ, ਜੇਲ੍ਹ ਭੇਜੀ

ਸਮਾਣਾ, 17 ਮਈ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਇੱਕ ਮਹਿਲਾ ਨੂੰ 900 ਗ੍ਰਾਮ ਸੁਲਫ਼ੇ ਸਮੇਤ ਕਾਬੂ ਕਰਕੇ ਉਸ ਦੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਮਹਿਲਾ ਦੀ ਪਛਾਣ ਗੀਤਾ ਰਾਣੀ ਪਤਨੀ ਲਲਿਤ ਮੁਖੀਆ (ਨਿਵਾਸੀ ਜ਼ਿਲ੍ਹਾ ਪੂਰਨੀਆ, ਬਿਹਾਰ), ਹਾਲ ਆਬਾਦ ਨੇੜੇ ਅਨਾਜ ਮੰਡੀ ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਰਾਜਵਿੰਦਰ ਕੌਰ ਪੁਲਿਸ ਪਾਰਟੀ ਸਮੇਤ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਮੌਜੂਦ ਸਨ। ਗੁਪਤ ਸੂਚਨਾ ਦੇ ਆਧਾਰ 'ਤੇ ਸਹਿਜਪੁਰ ਚੌਕ 'ਤੇ ਮੁਲਜ਼ਮ ਮਹਿਲਾ ਨੂੰ ਰੋਕਿਆ ਗਿਆ ਅਤੇ ਤਲਾਸ਼ੀ ਲੈਣ 'ਤੇ ਉਸ ਕੋਲੋਂ 900 ਗ੍ਰਾਮ ਸੁਲਫ਼ਾ ਬਰਾਮਦ ਹੋਇਆ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮ ਮਹਿਲਾ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਉਹ ਇਹ ਸੁਲਫ਼ਾ ਬਿਹਾਰ ਤੋਂ ਲਿਆ ਕੇ ਅਨਾਜ ਮੰਡੀ ਵਿੱਚ ਕੰਮ ਕਰਦੇ ਮਜ਼ਦੂਰਾਂ (ਲੇਬਰ) ਨੂੰ ਸਪਲਾਈ ਕਰਦੀ ਸੀ। ਪੁਲਿਸ ਨੇ ਮੁਲਜ਼ਮ ਮਹਿਲਾ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੇ ਅਦਾਲਤ ਦੇ ਹੁਕਮਾਂ 'ਤੇ ਉਸ ਨੂੰ ਨਿਆਂਇਕ ਹਿਰਾਸਤ ਤਹਿਤ ਜੇਲ੍ਹ ਭੇਜ ਦਿੱਤਾ ਗਿਆ ਹੈ।

ਨਸ਼ਾ ਕੀਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਅਦਾਲਤ ਦੇ ਹੁਕਮਾਂ 'ਤੇ ਨਸ਼ਾ ਛੁਡਾਊ ਕੇਂਦਰ ਭੇਜਿਆ

ਸਮਾਣਾ, 17 ਮਈ (ਵਿਜੇ ਕੁਮਾਰ) : ਸਦਰ ਪੁਲਿਸ ਨੇ ਨਸ਼ਾ ਕੀਤੇ ਹੋਏ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸਦੇ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਆਰੋਪੀ ਦੀ ਪਛਾਣ ਸੋਨੂੰ ਰਾਮ ਨਿਵਾਸੀ ਪਿੰਡ ਚੌਹਟ ਵਜੋਂ ਹੋਈ ਹੈ। ਸਦਰ ਪੁਲਿਸ ਮੁਖੀ ਇੰਸਪੈਕਟਰ ਅਜੇ ਕੁਮਾਰ ਨੇ ਦੱਸਿਆ ਕਿ ਮਵੀਕਲਾਂ ਪੁਲਿਸ ਚੌਕੀ ਇੰਚਾਰਜ ਬਲਕਾਰ ਸਿੰਘ ਪੁਲਿਸ ਪਾਰਟੀ ਸਮੇਤ ਪਿੰਡ ਧਨੇਠਾ ਦੀ ਅਨਾਜ ਮੰਡੀ ਵਿੱਚ ਮੌਜੂਦ ਸਨ। ਉੱਥੇ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਚੈੱਕ ਕਰਨ ਦੌਰਾਨ ਉਸ ਵੱਲੋਂ ਨਸ਼ਾ ਕੀਤੇ ਹੋਣ ਦਾ ਪਤਾ ਲੱਗਿਆ, ਜੋ ਡੋਪ ਟੈਸਟ ਕਰਵਾਉਣ 'ਤੇ ਪਾਜ਼ੀਟਿਵ ਪਾਇਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ ਮੁਤਾਬਕ ਆਰੋਪੀ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 17 ਮਈ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਹਿਮਾਂਸ਼ੀ ਭਾਟੀਆ ਪੁੱਤਰੀ ਅਸ਼ੋਕ ਭਾਟੀਆ ਵਾਸੀ ਗਲੀ ਨੰ.1 ਤਫੱਜਲਪੁਰਾ ਨੇ ਕਥਿਤ ਦੋਸ਼ੀਆਂ ਅਕਸ਼ਤ ਚੋਪੜਾ, ਅਨਿਲ ਕੁਮਾਰ, ਇਰਾ ਚੋਪੜਾ, ਅੰਕਿਤ ਚੋਪੜਾ, ਰਸ਼ਮੀ ਚੋਪੜਾ ਵਾਸੀ ਟਾਵਰ-5 ਪਰਸਬਨਾਥ ਐਲ.ਏ. ਟਰੋਪੀਕਾਨਾ ਖਾਇਬਰ ਪਾਸ ਸਿਵਲ ਲਾਇਨਜ ਦਿੱਲੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 15-2-25 ਨੂੰ ਕਥਿਤ ਦੋਸ਼ੀ ਅਕਸ਼ਪ ਚੋਪੜਾ ਨਾਲ ਹੋਇਆ ਸੀ, ਜੋ ਬਾਅਦ ਵਿੱਚ ਉਸ ਨੂੰ ਪਤਾ ਲੱਗਾ ਕਿ ਕਥਿਤ ਦੋਸ਼ੀ ਨੇ ਆਪਸ ਵਿੱਚ ਕਥਿਤ ਮਿਲੀਭੁਗਤ ਕਰਕੇ ਜਾਅਲੀ ਪ੍ਰੋਫਾਇਲ ਬਣਾ ਕੇ ਅਕਸ਼ਤ ਚੋਪੜਾ ਦਾ ਵਿਆਹ ਕਰਵਾ ਦਿੱਤਾ, ਜੋ ਬਾਅਦ ਵਿੱਚ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ। ਉਸ ਦੇ ਦਾਜ ਦਾ ਸਮਾਨ ਵੀ ਕਥਿਤ ਦੋਸ਼ੀਆਂ ਦੇ ਕਬਜੇ ਵਿੱਚ ਹੈ। ਪੁਲਿਸ ਨੇ ਧਾਰਾ 316(2), 318(4), 85, 61(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਸਰਕਾਰੀ ਸਕੂਲ ਭੁਨਰਹੇੜੀ ਦੇ ਵਿਦਿਆਰਥੀਆਂ ਦਾ ਦਸਵੀਂ ਤੇ ਬਾਰਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ

ਭੁਨਰਹੇੜੀ, 17 ਮਈ (ਗੁਰਜੀਤ ਸਿੰਘ ਢੋਟ) : ਸਰਕਾਰੀ ਸਕੂਲ ਆਫ ਐਮੀਨ

ਪਟਿਆਲਾ-ਆਸ/ਪਾਸ

ਬਾਣੀ ਵਿਚਾਰ ਚੇਤਨਾ ਮੰਚ ਨੇ ਗੁਰੂ ਰਵਿਦਾਸ 'ਤੇ ਤੀਜਾ ਸੈਮੀਨਾਰ ਕਰਵਾਇਆ

ਪਟਿਆਲਾ, 17 ਮਈ (ਰੁਪਾਣਾ) : ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਚ ਸਥਿਤ ਵਰਲਡ ਪੰਜਾਬੀ ਸੈਂਟਰ ਵਿਚ ਕਰਵਾਇਆ ਤੀਜਾ ਸੈਮੀਨਾਰ ਪ੍ਰਭਾਵਸ਼ਾਲੀ ਰਿਹਾ। ਕੌਮਾਂਤਰੀ ਪੱਧਰ ਤੇ ਕਰਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਇਹ ਸੈਮੀਨਾਰ ਵਰਲਡ ਪੰਜਾਬੀ ਸੈਂਟਰ ਦੇ ਸਹਿਯੋਗ ਨਾਲ ਕਰਾਇਆ ਗਿਆ। ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਦੇ ਮੁੱਖ ਕੋਆਰਡੀਨੇਟਰ ਗੁਰਨਾਮ ਸਿੰਘ ਅਕੀਦਾ ਦੀ ਅਗਵਾਈ ਵਿਚ ਹੋਏ ਸੈਮੀਨਾਰ ਵਿਚ ਬੋਲਦਿਆਂ ਯੂਨੀਵਰਸਿਟੀ ਆਫ਼ ਦਿਲੀ ਦੀ ਵਿਦਵਾਨ ਪ੍ਰੋਫੈਸਰ ਡਾ. ਰੰਜੂ ਵਾਲਾ ਨੇ ਕਿਹਾ ਕਿ ਉਹ ਸਮਾਂ ਬੜਾ ਭਿਆਨਕ ਸੀ ਜਦੋਂ ਗੁਰੂ ਰਵਿਦਾਸ ਜੀ ਦਾ ਜਨਮ ਹੋਇਆ, ਇਨਸਾਨ ਵੱਲੋਂ ਇਨਸਾਨ ਵੱਲੋਂ ਕੀਤਾ ਜਾ ਰਿਹਾ ਵਿਤਕਰਾ ਪ੍ਰਚੰਡ ਰੂਪ ਤੇ ਸੀ। ਉਸ ਵੇਲੇ ਗੁਰੂ ਰਵਿਦਾਸ ਵੱਲੋਂ ਉਠਾਈ ਦੱਬੇ ਕੁਚਲੇ ਲੋਕਾਂ ਦੇ ਪੱਖ ਵਿਚ ਅਵਾਜ਼ ਨੂੰ ਗੁਰੂ ਨਾਨਕ ਦੇਵ ਜੀ ਨੇ

ਅੱਗੇ ਤੋਰਿਆ। ਤੇ ਗੁਰੂ ਅਰਜਣ ਦੇਵ ਜੀ ਨੇ ਗੁਰੂ ਰਵਿਦਾਸ ਦੀ ਬਾਣੀ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਕਰਕੇ ਉਸ ਅਵਾਜ਼ ਨੂੰ ਮਾਨਤਾ ਦਿੱਤੇ ਤੇ ਗੁਰੂ ਗੋਬਿੰਦ ਸਿੰਘ ਨੇ ਉਸ ਲਹਿਰ ਨੂੰ ਸਿਰੇ ਲਾਉਣ ਲਈ ਆਪਣਾ ਪਰਿਵਾਰ ਤੱਕ ਵਾਰ ਦਿੱਤਾ, ਡਾ. ਭੀਮ ਰਾਓ ਅੰਬੇਡਕਰ ਨੇ ਉਸ ਲਹਿਰ ਨੂੰ ਕਾਨੂੰਨੀ ਰੂਪ ਦੇਣ ਲਈ ਸੰਵਿਧਾਨ ਦੀ ਸਿਰਜਣਾ ਕੀਤੀ। ਵਰਲਡ ਪੰਜਾਬੀ ਸੈਂਟਰ ਵੱਲੋਂ ਡਾ. ਭੀਮਇੰਦਰ ਸਿੰਘ ਆਪਣੇ ਸਵਾਗਤੀ ਭਾਸ਼ਣ ਵਿਚ ਕਿਹਾ ਕਿ ਦੁਨੀਆ ਵਿਚ ਆ ਰਹੇ ਸੰਕਟ ਨੂੰ ਦੂਰ ਕਰਨ ਲਈ ਗੁਰੂ ਰਵਿਦਾਸ ਜੀ ਦੀ ਬਾਣੀ ਤੇ ਉਨ੍ਹਾਂ ਦੀ ਵਿਚਾਰਧਾਰਾ ਹੀ ਸਾਰਥਕ ਹੈ, ਜੋ ਪਰਪੱਕ ਰੂਪ ਨਾਲ ਦੁਨੀਆ ਨੂੰ ਰਾਹ ਦਿਖਾ ਸਕਦੀ ਹੈ। ਇਸ ਵੇਲੇ ਕੁੰਜੀਵਤ ਭਾਸ਼ਣ ਦਿੰਦਿਆਂ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਡਾ. ਰਾਜਿੰਦਰਪਾਲ ਸਿੰਘ ਬਰਾੜ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦਾ ਜੀਵਨ ਤੇ ਬਾਣੀ ਅਤੇ ਉਨ੍ਹਾਂ ਦੀਆਂ ਸਾਖੀਆਂ ਸ਼ੋਸ਼ਿਤ ਸਮਾਜ ਲਈ ਚਾਨਣ ਮੁਨਾਰਾ ਹਨ, ਕਈ ਵਾਰੀ ਮਿੱਥਾਂ ਵੀ ਕਈ ਸਹੀ ਸੁਨੇਹੇ ਦਿੰਦੀਆਂ ਹਨ। ਇਸ ਵੇਲੇ ਮੰਚ ਤੇ ਮੁੱਖ ਸਰਪ੍ਰਸਤ ਮਿਲਕਫੈਡ ਪੰਜਾਬ ਦੇ ਸਾਬਕਾ ਜੀਐਮ ਬਲਵਿੰਦਰ ਸਿੰਘ ਜਾਤੀਵਾਲ ਨੇ ਪ੍ਰਧਾਨਗੀ ਭਾਸ਼ਣ ਦਿੱਤਾ। ਮੰਚ ਦਾ ਸੰਚਾਲਨ ਕਰਦਿਆਂ ਗੁਰਨਾਮ ਸਿੰਘ ਅਕੀਦਾ ਨੇ ਮੰਚ ਵੱਲੋਂ ਕਰਾਏ ਜਾਣ ਵਾਲੇ ਸੈਮੀਨਾਰਾਂ ਬਾਰੇ ਜਾਣਕਾਰੀ ਦਿੱਤੀ। ਇਸ ਸੈਮੀਨਾਰ ਦੇ ਕੋਆਰਡੀਨੇਟਰ ਪਰਮਿੰਦਰ ਸਿੰਘ ਰਾਏਪੁਰ ਨੇ ਧੰਨਵਾਦ ਕੀਤਾ ਤੇ ਡਾ. ਗੁਰਮੀਤ ਕੱਲਰਮਾਜਰੀ ਨੇ ਸਮਾਪਤੀ ਭਾਸ਼ਣ ਦਿੱਤਾ। ਇਸ ਵੇਲੇ ਗੁਰਨਾਮ ਸਿੰਘ ਅਕੀਦਾ ਵੱਲੋਂ ਗੁਰੂ ਰਵਿਦਾਸ ਜੀ ਬਾਰੇ ਲਿਖਿਆ ਨਾਟਕ 'ਨੀਚਿਹ ਊਚ ਕਰੇ ਮੇਰਾ ਗੋਬਿੰਦ..'' ਰਿਲੀਜ਼ ਕੀਤਾ ਗਿਆ, ਜਿਸ ਦਾ ਮੰਚਨ ਕਰਨ ਲਈ ਫ਼ਿਲਮੀ ਕਲਾਕਾਰ ਤੇ ਥੀਏਟਰ ਡਾਇਰੈਕਟਰ ਡਾ. ਲੱਖਾ ਲਹਿਰੀ ਨੂੰ ਦੋ ਕਾਪੀਆਂ ਭੇਟ ਕੀਤੀਆਂ। ਇਸ ਵੇਲੇ ਚੰਡੀਗੜ੍ਹ ਤੋਂ ਫਤਿਹਜੰਗ ਸਿੰਘ, ਅਮਰ ਸਿੰਘ ਨਾਭਾ, ਸ਼ਹੀਦ ਕਰਤਾਰ ਸਿੰਘ ਸਰਾਭਾ ਕਲੱਬ ਵੱਲੋਂ ਅਕਸ਼ੇ ਕੁਮਾਰ ਖਨੌਰੀ, ਮੇਵਾ ਸਿੰਘ ਪੁਰਖਾਲੀ, ਕਹਾਣੀਕਾਰ ਸਰੂਪ ਸਿਆਲਵੀ, ਭਾਸ਼ੋ, ਡਾ. ਸੰਤੋਖ ਸੁੱਖੀ, ਪ੍ਰੀਤ ਕਾਂਸ਼ੀ, ਜਰਨੈਲ ਸਿੰਘ, ਬੰਤ ਸਿੰਘ ਝੰਡੀ ਆਦਿ ਨੇ ਵੀ ਸੰਬੋਧਨ ਕੀਤਾ। ਜੂਨ ਵਿਚ ਸੈਮੀਨਾਰ ਮੋਗਾ, ਚੰਡੀਗੜ੍ਹ ਵਿਚ ਹੋਣਗੇ।

ਜ਼ਿਲ੍ਹੇ ਅੰਦਰ ਪਾਰਦਰਸ਼ੀ ਤਰੀਕੇ ਨਾਲ ਕਰਵਾਈ ਜਾਵੇਗੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ : ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ, 17 ਮਈ (ਰੁਪਾਣਾ) : ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਹੈ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਕ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕਰਵਾਉਣ ਦੇ ਹੁਕਮਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਪਟਿਆਲਾ ਜ਼ਿਲ੍ਹੇ ਅੰਦਰ 25 ਜੂਨ, 2026 ਤੋਂ 24 ਜੁਲਾਈ, 2026 ਤੱਕ ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਵੱਲੋਂ ਪ੍ਰਾਪਤ ਨਿਰਦੇਸ਼ਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਪੂਰੀ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਜ਼ਿਲ੍ਹੇ ਅੰਦਰ 1786 ਬੀਐਲਓਜ਼, 185 ਸੁਪਰਵਾਈਜ਼ਰ, 8 ਈਆਰਓਜ਼ ਅਤੇ 16 ਏਈਆਰਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਹਰੇਕ ਬੀਐਲਓ ਨੂੰ ਔਸਤ 300 ਘਰ ਅਤੇ 1200 ਵੋਟਰ ਹੀ ਐਸ.ਆਈ.ਆਰ. ਲਈ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਐਸ.ਆਈ.ਆਰ. ਕਰਵਾਉਣ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 2026 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ

ਵਿਅਕਤੀਆਂ ਨੂੰ ਸੂਚੀ ਵਿੱਚੋਂ ਬਾਹਰ ਕਰਨਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਐਸ.ਆਈ.ਆਰ. ਅਧੀਨ ਫਾਰਮ ਭਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਕੀਤੀ ਗਈ ਪ੍ਰੀ ਐਸ.ਆਈ.ਆਰ. ਮੈਪਿੰਗ ਦੇ ਤਹਿਤ ਪਟਿਆਲਾ ਦੇ 15 ਲੱਖ 21 ਹਜ਼ਾਰ 133 ਵੋਟਰ ਹਨ, ਇਨ੍ਹਾਂ ਵਿੱਚੋਂ 12 ਲੱਖ 39790 ਦੀ ਮੈਪਿੰਗ ਕੀਤੀ ਜਾ ਚੁੱਕੀ ਹੈ ਜੋ ਕਿ ਕੁੱਲ ਵੋਟਰਾਂ ਦਾ 81.50 ਫੀਸਦ ਬਣਦੀ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ 1 ਜਨਵਰੀ, 2003 ਨੂੰ ਯੋਗਤਾ ਮਿਤੀ ਨਿਰਧਾਰਤ ਕੀਤਾ ਗਿਆ ਹੈ। ਡਾ. ਹਿਮਾਂਸ਼ੂ ਅਗਰਵਾਲ ਨੇ ਐਸ.ਆਈ.ਆਰ. ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦਾ ਕਾਰਜ 24-07-2026 ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀ ਦਾ ਖਰੜਾ 31-07-2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 31-07-2026 ਤੋਂ 30-08-2026 ਤੱਕ ਪੇਸ਼ ਕੀਤੇ ਜਾ ਸਕਦੇ ਹਨ। ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 31-07-2026 ਤੋਂ 28-09-2026 ਤੱਕ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 01-10-2026 ਨੂੰ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਵਿੱਚ ਬੀਐਲਓਜ਼ ਨੂੰ ਪੂਰਾ ਸਹਿਯੋਗ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਯੋਗਤਾ ਮਿਤੀ 1 ਜਨਵਰੀ, 2003 ਦੀਆਂ ਵੋਟਰ ਸੂਚੀਆਂ ਨਾਲ ਮੌਜੂਦਾ ਵੋਟਰ ਸੂਚੀਆਂ ਨੂੰ ਜੋੜ ਦਿੱਤਾ ਗਿਆ ਹੈ ਜਿਸ ਨਾਲ ਵੋਟਰਾਂ ਨੂੰ ਪੁਰਾਣੀਆਂ ਵੋਟਰ ਸੂਚੀਆਂ ਨੂੰ ਲੱਭਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਵੇਗੀ।

ਸੇਫ ਸਕੂਲ ਵਾਹਨ ਪਾਲਿਸੀ ਤਹਿਤ 55 ਸਕੂਲੀ ਬੱਸਾਂ ਦੀ ਜਾਂਚ, ਚਾਰ ਦੇ ਕੀਤੇ ਚਲਾਨ

ਮਲੇਰਕੋਟਲਾ, 17 ਮਈ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹੇ ਵਿੱਚ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੀ ਨਿਯਮਿਤ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਵਿਦਿਆਰਥੀਆਂ ਦੀ ਆਵਾਜਾਈ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਬਣਾਇਆ ਜਾ ਸਕੇ। ਇਸੇ ਕੜੀ ਤਹਿਤ ਬਾਲ ਸੁਰੱਖਿਆ ਵਿਭਾਗ ਦੀ ਟੀਮ ਵੱਲੋਂ ਕੁੱਲ 55 ਸਕੂਲੀ ਬੱਸਾਂ ਦੀ ਜਾਂਚ ਕੀਤੀ ਗਈ। ਬਾਲ ਵਿਭਾਗ ਦੀ ਟੀਮ ਵੱਲੋਂ ਬੱਸਾਂ ਦੇ ਜ਼ਰੂਰੀ ਦਸਤਾਵੇਜ਼ਾਂ ਅਤੇ ਸੁਰੱਖਿਆ ਪ੍ਰਬੰਧਾਂ ਜਿਵੇਂ ਰਜਿਸਟ੍ਰੇਸ਼ਨ ਸਰਟੀਫਿਕੇਟ, ਬੀਮਾ, ਫਿਟਨੈਸ ਸਰਟੀਫਿਕੇਟ, ਪ੍ਰਦੂਸ਼ਣ ਪ੍ਰਮਾਣ ਪੱਤਰ, ਡਰਾਈਵਰਾਂ

ਦੇ ਲਾਇਸੰਸ ਅਤੇ ਨਿਰਧਾਰਿਤ ਰੂਟ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਬੱਸਾਂ ਵਿੱਚ ਫਸਟ ਏਡ ਬਾਕਸ, ਅੱਗ ਬੁਝਾਊ ਯੰਤਰ, ਐਮਰਜੈਂਸੀ ਦਰਵਾਜ਼ਾ, ਸਪੀਡ ਗਵਰਨਰ ਅਤੇ ਹੋਰ ਸੁਰੱਖਿਆ ਉਪਕਰਣਾਂ ਦੀ ਵੀ ਚੈਕਿੰਗ ਕੀਤੀ ਗਈ। ਇਸ ਜਾਂਚ ਦੌਰਾਨ 4 ਬੱਸਾਂ ਵਿੱਚ ਸੁਰੱਖਿਆ ਸਬੰਧੀ ਕਮੀਆਂ ਪਾਈਆਂ ਗਈਆਂ ਜਿਸ ਕਾਰਨ ਇਨ੍ਹਾਂ ਬੱਸਾਂ ਦੇ ਚਲਾਨ ਕੀਤੇ ਗਏ। ਇਹ ਚਲਾਨ ਮੁੱਖ ਤੌਰ 'ਤੇ ਅੱਗ ਬੁਝਾਊ ਯੰਤਰ ਨਾ ਹੋਣ, ਵਰਦੀ ਸਬੰਧੀ ਨਿਯਮਾਂ ਦੀ ਉਲੰਘਣਾ ਅਤੇ ਰੂਟ ਸਬੰਧੀ ਕਮੀਆਂ ਕਾਰਨ ਕੀਤੇ ਗਏ। ਬਾਲ ਸੁਰੱਖਿਆ ਵਿਭਾਗ ਦੀ ਟੀਮ ਵੱਲੋਂ ਸਬੰਧਿਤ ਸਕੂਲ ਪ੍ਰਬੰਧਕਾਂ ਅਤੇ ਵਾਹਨ ਚਾਲਕਾਂ ਨੂੰ ਤੁਰੰਤ ਇਹ ਕਮੀਆਂ ਦੂਰ ਕਰਨ ਲਈ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ। ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਦੀ ਟੀਮ ਨੇ ਕਿਹਾ ਕਿ ਸਕੂਲਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਾ ਕਰਨ ਅਤੇ ਸੇਫ ਸਕੂਲ ਵਾਹਨ ਪਾਲਿਸੀ ਦੇ ਸਾਰੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ। ਇਸ ਮੌਕੇ ਸਹਾਇਕ ਖੇਤਰੀ ਟਰਾਂਸਪੋਰਟ ਅਫਸਰ ਸ਼ਹਿਨਾਜ਼ ਪ੍ਰਵੀਨ, ਪੁਲਿਸ ਵਿਭਾਗ ਟ੍ਰੈਫਿਕ ਇੰਚਾਰਜ ਹਰਭਜਨ ਸਿੰਘ, ਗੁਰਮੁਖ ਸਿੰਘ ਲੱਡੀ, ਬਾਲ ਸੁਰੱਖਿਆ ਵਿਭਾਗ ਤੋਂ ਲੀਗਲ ਅਫ਼ਸਰ ਬਾਬੀਤਾ ਕੁਮਾਰੀ, ਲਵਪ੍ਰੀਤ ਸਿੰਘ, ਸੋਸ਼ਲ ਵਰਕਰ ਗੁਰਜੰਟ ਸਿੰਘ, ਮੀਡੀਆ ਸਹਾਇਕ ਪਰਗਟ ਸਿੰਘ ਹਾਜ਼ਰ ਸਨ।

ਅੱਖਾਂ ਦੀ ਮੁਫ਼ਤ ਜਾਂਚ ਦਾ ਕੈਂਪ ਲਗਾਇਆ

ਪਟਿਆਲਾ, 17 ਮਈ (ਚ.ਨ.ਸ) : ਸਿਹਤ ਮੰਤਰੀ ਪੰਜਾਬ ਡਾ.ਬਲਬੀਰ ਸਿੰਘ ਦੀ ਯੋਗ ਅਗਵਾਈ ਹੇਠ ਪਿੰਡ ਕਿਸ਼ਨਗੜ੍ਹ ਵਿੱਚ ਅੱਖਾਂ ਦੀ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੋਤਲੀ ਅਤੇ ਐਸ.ਐਮ.ਓ ਭਾਦਸੋਂ ਡਾ. ਮੋਨਿਕਾ ਸੂਦ ਦੀ ਦੇਖਰੇਖ ਹੇਠ ਆਯੋਜਿਤ ਕੀਤਾ ਗਿਆ। ਕੈਂਪ ਦੌਰਾਨ 134 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, 70 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ ਅਤੇ 07 ਮਰੀਜ਼ਾਂ ਨੂੰ ਮੁਫ਼ਤ ਲੈਂਜ਼ ਪਾਏ ਜਾਣਗੇ।ਕੈਂਪ ਦਾ ਪ੍ਰਬੰਧ ਡਾ. ਨਵਜੋਤ ਕੌਰ ਮੈਡੀਕਲ ਅਫਸਰ ਇੰਚਾਰਜ, ਪ੍ਰਾਇਮਰੀ ਹੈਲਥ ਸੈਂਟਰ ਅਜਨੌਦਾ ਨੰਡਲ ਅਫਸਰ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕੀਤਾ ਗਿਆ। ਪਿੰਡ ਵਾਸੀਆਂ ਵੱਲੋਂ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ ਗਈ। ਇਸ ਮੌਕੇ ਐਮ.ਐਮ.ਐਸ.ਵਾਈ ਕਾਰਡ ਵੀ ਬਣਾਏ ਗਏ, ਜਿਸ ਲਈ ਬਲਾਕ ਭਾਦਸੋਂ ਵੱਲੋਂ ਵਿਸ਼ੇਸ਼ ਟੀਮ ਤਾਇਨਾਤ ਕੀਤੀ ਗਈ ਸੀ ਅਤੇ ਵੱਧ ਤੋਂ ਵੱਧ ਕਵਰੇਜ ਯਕੀਨੀ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਗਏ।

ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਵਫ਼ਦ ਵੱਲੋਂ ਵਾਈਸ ਚਾਂਸਲਰ ਨਾਲ ਮੁਲਾਕਾਤ

ਪਟਿਆਲਾ, 17 ਮਈ (ਚ.ਨ.ਸ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਗੈਰ ਅਧਿਆਪਨ ਕਾਮਿਆਂ ਦੇ ਹਿੱਤਾਂ ਦੀ ਰਾਖੀ ਲਈ ਹੋਂਦ ਵਿੱਚ ਆਈ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਵਫ਼ਦ ਵੱਲੋਂ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਕਮੇਟੀ ਦੇ ਕਨਵੀਨਰ ਅਮਰਜੀਤ ਕੌਰ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੈਰ ਅਧਿਆਪਨ ਕਰਮਚਾਰੀਆਂ ਦੇ ਮਸਲਿਆਂ ਨੂੰ ਹੱਲ ਕਰਾਉਣ ਲਈ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਗੱਲਬਾਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਨਜ਼ਰ ਅੰਦਾਜ਼ ਕੀਤੇ ਜਾਂ ਰਹੇ ਦਿਹਾੜੀਦਾਰ ਕਾਮਿਆਂ ਨੂੰ ਵਰਕਚਾਰਜ ਕਰਨ ਲਈ ਆਵਾਜ਼ ਬੁਲੰਦ ਕੀਤੀ ਗਈ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨਾਲ ਹੋਈ ਅਹਿਮ ਮੀਟਿੰਗ ਦੌਰਾਨ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਕਰਮਚਾਰੀਆਂ ਦੇ ਪਿਛਲੇ ਪੰਜ ਮਹੀਨਿਆਂ ਤੋਂ ਨਜ਼ਰ ਅੰਦਾਜ਼ ਕੀਤੇ ਗਏ ਜ਼ਰੂਰੀ ਕੰਮਕਾਜ ਨੂੰ ਜਲਦ ਹੱਲ ਕਰਨ ਦੀ ਮੰਗ ਕੀਤੀ ਗਈ। ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਵਫ਼ਦ ਵੱਲੋਂ ਗੈਰ ਅਧਿਆਪਨ ਕਾਮਿਆਂ ਦੀਆਂ ਸਮੱਸਿਆਂਵਾਂ ਸਬੰਧੀ ਮੈਮੋਰੰਡਮ ਵਾਈਸ ਚਾਂਸਲਰ ਨੂੰ ਸੌਂਪਿਆ ਗਿਆ। ਵਾਈਸ ਚਾਂਸਲਰ ਨੇ ਭਰੋਸਾ ਦਿਵਾਇਆ ਕਿ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਵੱਲੋਂ ਮੁ